ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 27 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੨ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## 13 ਦਿਨਾਂ ਲਈ ਬੰਦ ਰਹੇਗਾ ਸ਼ਹੀਦ ਭਗਤ ਸਿੰਘ ਹਵਾਈ ਅੱਡਾ

**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਯਾਤਰਾ ਕਰਨ ਵਾਲਿਆਂ ਲਈ ਵੱਡੀ ਖਬਰ ਹੈ। ਯਾਤਰੀਆਂ ਨੂੰ 13 ਦਿਨਾਂ ਲਈ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਕਿਉਂਕਿ ਇਨ੍ਹਾਂ ਦਿਨਾਂ ਦੌਰਾਨ ਕੋਈ ਵੀ ਸਿਵਲ ਉਡਾਣ ਨਹੀਂ ਉਡੇਗੀ। ਜਾਣਕਾਰੀ ਅਨੁਸਾਰ ਹਵਾਈ ਅੱਡੇ ਤੋਂ 13 ਦਿਨਾਂ ਲਈ ਸਿਵਲ ਫਲਾਈਟ ਓਪਰੇਸ਼ਨ ਬੰਦ ਰਹੇਗਾ, ਕਿਉਂਕਿ ਰਨਵੇਅ ਦੀ ਮੁਰੰਮਤ ਦਾ ਕੰਮ ਚੱਲ ਰਿਹਾ ਹੈ। ਇਸ ਸਬੰਧੀ ਭਾਰਤੀ ਹਵਾਈ ਸੈਨਾ ਨੇ ਏਅਰਮੈਨ ਨੂੰ ਇੱਕ ਨੋਟਿਸ ਵੀ ਜਾਰੀ ਕਰਕੇ ਐਲਾਨ ਕੀਤਾ ਹੈ। ਨੋਟਿਸ ਵਿੱਚ ਦੱਸਿਅ ਗਿਆ ਹੈ ਕਿ ਏਅਰਫੀਲਡ 26 ਅਕਤੂਬਰ ਨੂੰ ਸਵੇਰੇ 1 ਵਜੇ ਤੋਂ 7 ਨਵੰਬਰ ਨੂੰ ਰਾਤ 11.59 ਵਜੇ ਤੱਕ ਬੰਦ ਰਹੇਗਾ। ਇਹ ਵੀ ਕਿਹਾ ਗਿਆ ਹੈ ਕਿ ਰਨਵੇਅ 'ਤੇ ਯੋਜਨਾਬੱਧ ਪੋਲੀਮਰ ਮੋਡੀਫਾਈਡ ਇਮਲਸ਼ਨ ਕੰਮ ਕਾਰਨ ਬੰਦ ਕੀਤਾ ਗਿਆ ਹੈ। ਇਸ ਸਮੇਂ ਦੌਰਾਨ, ਸਿਰਫ਼ ਰੋਟਾ ACS ਜਹਾਜ਼ਾਂ ਨੂੰ ਹੀ ਕੰਮ ਕਰਨ ਦੀ ਇਜਾਜ਼ਤ ਹੋਵੇਗੀ ਹਵਾਈ ਅੱਡੇ ਦੇ ਸੂਤਰਾਂ ਨੇ ਅੱਗੇ ਕਿਹਾ ਕਿ ਇਸ ਬੰਦ ਦੌਰਾਨ, ਇੱਕ ਉੱਨਤ ਕੋਰੀਆਈ-ਨਿਰਮਿਤ (ਇੰਸਟਰੂਮੈਂਟ ਲੈਂਡਿੰਗ ਸਿਸਟਮ) ਦੀ ਸਥਾਪਨਾ ਵੀ ਕੀਤੀ ਜਾਵੇਗੀ, ਜੋ ਘੱਟ ਦ੍ਰਿਸ਼ਟੀ ਵਾਲੀਆਂ ਸਥਿਤੀਆਂ ਵਿੱਚ ਉਡਾਣ ਸੰਚਾਲਨ ਵਿੱਚ ਸੁਧਾਰ ਕਰੇਗਾ।

## ਲੇਹ ਹਿੰਸਾ ਤੋਂ ਬਾਅਦ

# ਸੋਨਮ ਵਾਂਗਚੁਕ ਨੂੰ ਐਨਐਸਏ ਤਹਿਤ ਕੀਤਾ ਗ੍ਰਿਫ਼ਤਾਰ

**ਲੇਹ/ਨਵੀਂ ਦਿੱਲੀ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੱਦਾਖੀ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੂੰ ਅੱਜ ਗ੍ਰਿਫ਼ਤਾਰ ਕਰ ਲਿਆ ਗਿਆ। ਲੇਹ ਹਿੰਸਾ ਤੋਂ ਬਾਅਦ ਉਨ੍ਹਾਂ ਵਿਰੁੱਧ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਤਹਿਤ ਇਹ ਕਾਰਵਾਈ ਕੀਤੀ ਗਈ। ਉਨ੍ਹਾਂ ਨੂੰ ਜੇਲ੍ਹ ਤਬਦੀਲ ਕਰਨ ਜਾਂ ਹੋਰ ਪ੍ਰਬੰਧ ਕਰਨ ਬਾਰੇ ਫੈਸਲਾ ਲਿਆ ਜਾ ਰਿਹਾ ਹੈ। ਵਾਂਗਚੁਕ 'ਤੇ ਕੇਂਦਰ ਸ਼ਾਸਤ ਪ੍ਰਦੇਸ਼ ਨੂੰ ਰਾਜ ਦਾ ਦਰਜਾ ਦੇਣ ਦੀ ਮੰਗ ਕਰ ਰਹੇ ਪ੍ਰਦਰਸ਼ਨਕਾਰੀਆਂ ਨੂੰ ਭੜਕਾਉਣ ਦਾ ਦੋਸ਼ ਹੈ। ਬੁੱਧਵਾਰ, 24 ਸਤੰਬਰ ਨੂੰ ਲੇਹ ਵਿੱਚ ਹਿੰਸਕ ਝੜਪਾਂ ਹੋਈਆਂ, ਜਿਸ ਦੇ ਨਤੀਜੇ ਵਜੋਂ ਚਾਰ ਮੌਤਾਂ ਹੋਈਆਂ ਅਤੇ 90 ਜ਼ਖਮੀ ਹੋ ਗਏ। ਹਿੰਸਕ ਝੜਪਾਂ ਤੋਂ ਬਾਅਦ ਲੇਹ ਵਿੱਚ ਕਰਫਿਊ ਲਗਾ ਦਿੱਤਾ ਗਿਆ। ਪੁਲਿਸ ਅਤੇ ਅਰਧ ਸੈਨਿਕ ਬਲਾਂ ਨੇ ਕਰਫਿਊ ਨੂੰ ਸਖ਼ਤੀ ਨਾਲ ਲਾਗੂ ਕੀਤਾ। ਹੁਣ ਤੱਕ 50 ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਲੇਹ ਜ਼ਿਲ੍ਹਾ ਮੈਜਿਸਟਰੇਟ ਨੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲ, ਕਾਲਜ ਅਤੇ ਆਂਗਣਵਾੜੀ ਕੇਂਦਰ ਦੋ ਦਿਨਾਂ ਲਈ ਬੰਦ



ਕਰਨ ਦੇ ਹੁਕਮ ਦਿੱਤੇ। ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਲੇਹ ਅਤੇ ਕਾਰਗਿਲ ਸਮੇਤ ਹੋਰ ਸ਼ਹਿਰਾਂ ਵਿੱਚ ਧਾਰਾ 144 ਲਾਗੂ ਕਰ ਦਿੱਤੀ ਗਈ। ਉਪ ਰਾਜਪਾਲ ਕਵਿੰਦਰ ਗੁਪਤਾ ਨੇ ਇੱਕ ਉੱਚ ਪੱਧਰੀ ਸੁਰੱਖਿਆ ਮੀਟਿੰਗ ਕੀਤੀ ਤੇ ਹਿੰਸਾ ਦੀਆਂ ਘਟਨਾਵਾਂ ਨੂੰ ਸਾਜ਼ਿਸ਼ ਦਾ ਨਤੀਜਾ ਦੱਸਦੇ ਹੋਏ ਚੌਕਸੀ ਵਧਾਉਣ ਦੇ ਨਿਰਦੇਸ਼ ਦਿੱਤੇ। ਲੇਹ ਹਿੰਸਾ ਤੋਂ ਬਾਅਦ, ਗ੍ਰਹਿ ਮੰਤਰਾਲੇ ਨੇ ਸੋਨਮ ਵਾਂਗਚੁਕ 'ਤੇ ਆਪਣੇ ਭੜਕਾਊ ਬਿਆਨਾਂ ਨਾਲ ਭੀੜ ਨੂੰ ਭੜਕਾਉਣ ਦਾ ਦੋਸ਼ ਲਗਾਇਆ, ਜਿਸ ਕਾਰਨ ਵਿਰੋਧ ਪ੍ਰਦਰਸ਼ਨ ਹਿੰਸਕ ਹੋ ਗਏ। ਮੰਤਰਾਲੇ ਦੇ ਅਨੁਸਾਰ, ਵਾਂਗਚੁਕ ਨੇ ਅਰਬ ਸਪਰਿੰਗ ਤੇ ਨੇਪਾਲ ਦੇ ਜਨਰਲ-ਜ਼ੈੱਡ ਅੰਦੋਲਨਾਂ ਦਾ ਹਵਾਲਾ ਦੇ ਕੇ ਨੌਜਵਾਨਾਂ ਨੂੰ ਭੜਕਾਇਆ, ਜਿਸ ਕਾਰਨ ਲੇਹ ਵਿੱਚ ਭਾਜਪਾ ਦਫਤਰ ਅਤੇ ਕੁਝ ਸਰਕਾਰੀ ਵਾਹਨਾਂ ਨੂੰ ਅੱਗ ਲਗਾ ਦਿੱਤੀ ਗਈ। ਗ੍ਰਹਿ ਮੰਤਰਾਲੇ ਨੇ ਕਿਹਾ ਕਿ 24 ਸਤੰਬਰ ਨੂੰ ਸਵੇਰੇ 11:30 ਵਜੇ ਵਾਂਗਚੁਕ ਦੇ ਭਾਸ਼ਣ ਤੋਂ ਬਾਅਦ, ਭੀੜ ਨੇ ਉਨ੍ਹਾਂ ਦੀ ਭੁੱਖ ਹੜਤਾਲ ਵਾਲੀ ਥਾਂ ਛੱਡ ਦਿੱਤੀ ਅਤੇ ਲੇਹ ਵਿੱਚ ਭਾਜਪਾ ਦਫਤਰ ਅਤੇ ਸੀਈਸੀ ਦਫਤਰ 'ਤੇ ਹਮਲਾ ਕਰ ਦਿੱਤਾ।

## ਬਿਕਰਮਜੀਤ ਮਜੀਠੀਆ ਨਾਲ ਮੁਲਾਕਾਤ ਕਰਨ ਲਈ ਨਾਭਾ ਜੇਲ੍ਹ ਪੁੱਜੇ ਸੁਖਬੀਰ ਸਿੰਘ ਬਾਦਲ, ਪੁਲਿਸ ਪ੍ਰਸ਼ਾਸਨ ਵੱਲੋਂ ਅਕਾਲੀ ਆਗੂਆਂ ਨਾਲ ਕੀਤੀ ਗਈ ਬਦਸਲੂਕੀ

**ਨਾਭਾ/ਪਟਿਆਲਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਦੋਂ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਬਿਕਰਮਜੀਤ ਸਿੰਘ ਮਜੀਠੀਆ ਨਾਲ ਮੁਲਾਕਾਤ ਕਰਨ ਲਈ ਨਾਭਾ ਜੇਲ੍ਹ ਪੁੱਜੇ ਤਾਂ ਉਥੇ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਤੇ ਹਲਕਾ ਨਾਭਾ ਦੇ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਰਕਰ ਤੇ ਆਗੂ ਸੁਖਬੀਰ ਸਿੰਘ ਬਾਦਲ ਨੂੰ ਮਿਲਣ ਲਈ ਜੇਲ੍ਹ ਅੱਗੇ ਪੁੱਜੇ। ਜਿਥੇ ਨਾਭਾ ਪੁਲਿਸ ਪ੍ਰਸ਼ਾਸਨ ਵਲੋਂ ਅਕਾਲੀ ਆਗੂਆਂ ਨਾਲ ਧੱਕਾਮੁੱਕੀ ਕਰਦੇ ਹੋਏ ਜਿਥੇ ਬਦਸਲੂਕੀ ਕੀਤੀ ਗਈ, ਉਥੇ ਪੱਤਰਕਾਰਾਂ ਤੱਕ ਨੂੰ ਵੀ ਨਹੀਂ ਬਖ਼ਸ਼ਿਆ ਗਿਆ। ਜਦੋਂ ਇਸ ਮਾਮਲੇ ਸਬੰਧੀ ਕੋਰ ਕਮੇਟੀ ਮੈਂਬਰ



ਗੁਰਪ੍ਰੀਤ ਸਿੰਘ ਰਾਜੂ ਖੰਨਾ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਅੱਜ ਪੁਲਿਸ ਪ੍ਰਸ਼ਾਸਨ ਸਰਕਾਰ ਦਾ ਹੱਥ ਠੋਕਾ ਬਣ ਕੇ ਕੋਝੀਆਂ ਹਰਕਤਾਂ ਕਰ ਰਿਹਾ ਹੈ। ਜਦੋਂਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਤੇ ਆਗੂ ਸ਼ਾਂਤਮਈ ਢੰਗ ਨਾਲ ਸੁਖਬੀਰ ਸਿੰਘ ਬਾਦਲ ਦੀ ਉਡੀਕ ਜੇਲ੍ਹ ਦੇ ਬਾਹਰ ਕਰ ਰਹੇ ਹਨ। ਉਹਨਾਂ ਕਿਹਾ ਕਿ ਕਦੇ ਵੀ ਕਿਸੇ ਵੀ ਪ੍ਰਸ਼ਾਸਨਿਕ ਅਧਿਕਾਰੀ ਨੂੰ ਸਰਕਾਰ ਦਾ ਮਾਣ ਨਹੀਂ ਕਰਨਾ ਚਾਹੀਦਾ ਕਿਉਂਕਿ ਸਰਕਾਰਾਂ ਤਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ। ਰਾਜੂ ਖੰਨਾ ਨੇ ਪੁਲਿਸ ਪ੍ਰਸ਼ਾਸਨ ਵਲੋਂ ਅੱਜ ਨਾਭਾ ਜੇਲ੍ਹ ਅੱਗੇ ਅਕਾਲੀ ਵਰਕਰਾਂ ਤੇ ਆਗੂਆਂ ਤੇ ਪੱਤਰਕਾਰਾਂ ਨਾਲ ਕੀਤੀ ਗਈ ਬਦਸਲੂਕੀ ਦਾ ਮਾਮਲਾ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਧਿਆਨ ਵਿੱਚ ਵੀ ਲਿਆਂਦਾ। ਜਿਸ 'ਤੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸਮਾਂ ਆਉਣ 'ਤੇ ਇਹਨਾਂ ਸਰਕਾਰ ਦੇ ਹੱਥਠੋਕੇ ਮੁਲਾਜ਼ਮਾਂ ਨੂੰ ਪਾਈ ਪਾਈ ਦਾ ਹਿਸਾਬ ਦੇਣਾ ਪਵੇਗਾ।

## ਸਿੱਧੂ ਮੂਸੇਵਾਲਾ ਕਤਲ ਕੇਸ 'ਚ ਪੁਲਿਸ ਅਧਿਕਾਰੀ ਦੀ ਹੋਈ ਗਵਾਹੀ, ਸਿਹਤ ਖ਼ਰਾਬ ਹੋਣ ਕਰਕੇ ਬਲਕੌਰ ਸਿੰਘ ਨਹੀਂ ਹੋਏ ਮਾਨਸਾ ਅਦਾਲਤ ਵਿੱਚ ਪੇਸ਼



**ਮਾਨਸਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਦੀ ਅਦਾਲਤ ਵਿੱਚ ਸ਼ੁੱਕਰਵਾਰ ਨੂੰ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਕਤਲ ਕੇਸ ਦੀ ਸੁਣਵਾਈ ਹੋਈ। ਇੱਕ ਪੁਲਿਸ ਅਧਿਕਾਰੀ ਦੀ ਗਵਾਹੀ ਦਰਜ ਕੀਤੀ ਗਈ। ਇਸ ਮਾਮਲੇ ਦੇ ਦੋਸ਼ੀ ਦੀਪਕ ਮੁੰਡੀ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਸਿਹਤ ਕਾਰਨਾਂ ਕਰਕੇ ਪੇਸ਼ ਨਹੀਂ ਹੋ ਸਕੇ, ਜਿਸ ਤੋਂ ਬਾਅਦ ਅਦਾਲਤ ਨੇ ਅਗਲੀ ਸੁਣਵਾਈ 17 ਅਕਤੂਬਰ, 2025 ਤੈਅ ਕੀਤੀ ਹੈ। ਇਹ ਮਾਨਸਾ ਵਿੱਚ ਬਹੁਤ ਮਸ਼ਹੂਰ ਮਾਮਲਾ ਹੈ। ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਅੱਜ ਗਵਾਹੀ ਦੇਣ ਲਈ ਅਦਾਲਤ ਵਿੱਚ ਪੇਸ਼ ਹੋਣਾ ਸੀ, ਪਰ ਸਿਹਤ ਠੀਕ ਨਾ ਹੋਣ ਕਾਰਨ ਉਹ ਨਹੀਂ ਆ ਸਕੇ। ਉਨ੍ਹਾਂ ਨੇ ਆਪਣੀ ਗੈਰਹਾਜ਼ਰੀ ਲਈ ਅਰਜ਼ੀ ਦਾਇਰ ਕੀਤੀ ਸੀ। ਸਿੱਧੂ ਮੂਸੇਵਾਲਾ ਕਤਲ ਕੇਸ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਐਡਵੋਕੇਟ ਸਤਿੰਦਰਪਾਲ ਸਿੰਘ ਮਿੱਤਲ ਨੇ ਦੱਸਿਆ ਕਿ ਅੱਜ ਪੁਲਿਸ ਅਧਿਕਾਰੀ ਮਨਪ੍ਰੀਤ ਸਿੰਘ ਵੱਲੋਂ ਇੱਕ ਮਹੱਤਵਪੂਰਨ ਗਵਾਹੀ ਦਰਜ ਕੀਤੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮੁਲਜ਼ਮ ਦੀਪਕ ਮੁੰਡੀ ਨੂੰ ਅਦਾਲਤ ਵਿੱਚ ਨਿੱਜੀ ਤੌਰ 'ਤੇ ਪੇਸ਼ ਕੀਤਾ ਗਿਆ। ਅਦਾਲਤ ਨੇ ਮੂਸੇਵਾਲਾ ਨੂੰ ਮਾਰਨ ਵਾਲੇ ਸ਼ੂਟਰਾਂ ਨੂੰ ਪੇਸ਼ ਕਰਨ ਦੇ ਹੁਕਮ ਦਿੱਤੇ ਸਨ, ਪਰ ਬਲਕੌਰ ਸਿੰਘ ਦੀ ਸਿਹਤ ਠੀਕ ਨਾ ਹੋਣ ਕਾਰਨ ਉਨ੍ਹਾਂ ਨੂੰ ਪੇਸ਼ ਨਹੀਂ ਕੀਤਾ ਜਾ ਸਕਿਆ। ਮਾਮਲੇ ਵਿੱਚ ਨਾਮਜ਼ਦ ਹੋਰ ਮੁਲਜ਼ਮ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਏ। ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ 17 ਅਕਤੂਬਰ, 2025 ਨੂੰ ਮਾਣਯੋਗ ਅਦਾਲਤ ਵਿੱਚ ਹੋਵੇਗੀ।

## ਪਰਾਲੀ ਸਾੜਨ ਵਾਲਿਆਂ 'ਤੇ ਐਕਸ਼ਨ ਤੋਂ ਭੜਕੇ ਕਿਸਾਨ, ਪੰਧੇਰ ਨੇ ਸੱਦ ਲਈ ਐਮਰਜੈਂਸੀ ਮੀਟਿੰਗ

**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਰਾਲੀ ਸਾੜਨ ਖਿਲਾਫ ਸਰਕਾਰ ਦੀ ਸਖਤੀ ਤੋਂ ਕਿਸਾਨ ਭੜਕ ਗਏ ਹਨ। ਕਈ ਥਾਵਾਂ ਉਪਰ ਪਰਾਲੀ ਸਾੜਨ ਤੋਂ ਰੋਕਣ ਪਹੁੰਚੇ ਸਰਕਾਰੀ ਮੁਲਾਜ਼ਮਾਂ ਨਾਲ ਕਿਸਾਨ ਉਲਝਣ ਲੱਗੇ ਹਨ। ਪ੍ਰਸਾਸ਼ਨ ਵੱਲੋਂ ਕਿਸਾਨਾਂ ਦੇ ਜ਼ਮੀਨੀ ਰਿਕਾਰਡ ਵਿੱਚ ਰੈੱਡ ਐਂਟਰੀ ਪਾਈ ਜਾ ਰਹੀ ਹੈ। ਇਸ ਦੇ ਨਾਲ ਹੀ ਪਰਚੇ ਦਰਜ ਕੀਤੇ ਜਾ ਰਹੇ ਹਨ। ਇਸ ਖਿਲਾਫ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਲੀਡਰ ਸਰਵਣ ਸਿੰਘ ਪੰਧੇਰ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ। ਪਰਾਲੀ ਸਾੜਨ ਦੇ ਮੁੱਦੇ 'ਤੇ ਕਿਸਾਨ ਲੀਡਰ ਪੰਧੇਰ ਨੇ ਕੇਂਦਰ ਤੇ ਪੰਜਾਬ ਸਰਕਾਰਾਂ ਦੀਆਂ ਨੀਤੀਆਂ ਨੂੰ ਕਿਸਾਨ ਵਿਰੋਧੀ ਦੱਸਦੇ ਹੋਏ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਕਿਹਾ ਕਿ ਪਰਾਲੀ ਪ੍ਰਦੂਸ਼ਣ ਦਾ ਹੱਲ ਲੰਬੇ ਸਮੇਂ ਤੋਂ ਲਟਕਿਆ ਹੋਇਆ ਹੈ। ਸੁਪਰੀਮ ਕੋਰਟ ਦੇ ਹੁਕਮਾਂ ਦੇ ਬਾਵਜੂਦ ਕਿਸਾਨਾਂ ਨੂੰ ਪ੍ਰਤੀ ਕੁਇੰਟਲ ਮੁਆਵਜ਼ਾ ਦੇਣ ਦੀ ਯੋਜਨਾ ਅਜੇ ਤੱਕ ਲਾਗੂ ਨਹੀਂ ਕੀਤੀ ਗਈ। ਦੂਜੇ ਪਾਸੇ ਕਿਸਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਪੰਧੇਰ ਨੇ ਕਿਹਾ ਕਿ ਸਰਕਾਰ ਦੁਆਰਾ



ਪ੍ਰਦਾਨ ਕੀਤੀਆਂ ਗਈਆਂ ਮਸ਼ੀਨਾਂ ਵੀ ਫੇਲ੍ਹ ਹੋ ਗਈਆਂ ਹਨ। ਕਿਸਾਨ ਪਹਿਲਾਂ ਹੀ ਕਰਜ਼ੇ ਵਿੱਚ ਡੁੱਬੇ ਹੋਣ ਦੇ ਬਾਵਜੂਦ ਆਪਣੇ ਖਰਚੇ 'ਤੇ ਪਰਾਲੀ ਸੰਭਾਲ ਰਹੇ ਹਨ। ਉਨ੍ਹਾਂ ਦੱਸਿਆ ਕਿ ਇੱਕ ਪਾਸੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫਸਲਾਂ ਦਾ ਉਚਿਤ ਮੁੱਲ ਨਹੀਂ ਮਿਲ ਰਿਹਾ, ਜਦੋਂਕਿ ਦੂਜੇ ਪਾਸੇ ਜਲੰਧਰ ਦੇ ਕਿਸਾਨ ਰਾਜਕੁਮਾਰ ਨੂੰ ਪਰਾਲੀ ਸਾੜਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ। ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਸਿਰਫ਼ 20,000 ਰੁਪਏ ਦਾ ਮੁਆਵਜ਼ਾ ਦਿੱਤਾ ਗਿਆ, ਪਰ ਉਨ੍ਹਾਂ ਨੂੰ 30,000 ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾ ਰਿਹਾ ਹੈ। ਪੰਧੇਰ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਗ੍ਰਿਫ਼ਤਾਰ ਕੀਤੇ ਕਿਸਾਨਾਂ ਨੂੰ ਰਿਹਾਅ ਨਹੀਂ ਕੀਤਾ ਗਿਆ ਤੇ ਮੁਆਵਜ਼ੇ ਦਾ ਫੈਸਲਾ ਨਹੀਂ ਲਿਆ ਗਿਆ ਤਾਂ ਰਾਜ ਪੱਧਰੀ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ ਦੀ ਰੱਖਿਆ ਕਰਨ ਵਿੱਚ ਅਸਫਲ ਰਹੀ ਹੈ ਤੇ ਕਾਰਪੋਰੇਟਾਂ ਦਾ ਸਾਥ ਦੇ ਕੇ ਉਨ੍ਹਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਐਲਾਨ ਕੀਤਾ ਕਿ ਕਿਸਾਨ ਮਜ਼ਦੂਰ ਮੋਰਚੇ ਦੀ ਇੱਕ ਐਮਰਜੈਂਸੀ ਮੀਟਿੰਗ ਕੱਲ੍ਹ ਚੰਡੀਗੜ੍ਹ ਵਿੱਚ ਹੋਵੇਗੀ ਜਿੱਥੇ ਮੁਆਵਜ਼ਾ, ਬਾਸਮਤੀ ਤੇ ਕਪਾਹ ਦੀਆਂ ਕੀਮਤਾਂ, ਬਿਜਲੀ ਬੋਰਡ ਦੇ ਨਿੱਜੀਕਰਨ ਤੇ ਸਮਾਰਟ ਮੀਟਰਾਂ ਦੀ ਜ਼ਬਰਦਸਤੀ ਲਗਾਉਣ 'ਤੇ ਚਰਚਾ ਕੀਤੀ ਜਾਵੇਗੀ। ਪੰਧੇਰ ਨੇ ਦੋਸ਼ ਲਗਾਇਆ ਕਿ ਕੇਂਦਰ ਤੇ ਪੰਜਾਬ ਸਰਕਾਰਾਂ ਨੇ ਪ੍ਰਦੂਸ਼ਣ ਨਾਲ ਸਬੰਧਤ ਮਾਮਲਿਆਂ ਵਿੱਚ ਉਦਯੋਗਾਂ ਲਈ ਜੇਲ੍ਹ ਦੀਆਂ ਸਜ਼ਾਵਾਂ ਨੂੰ ਖਤਮ ਕਰ ਦਿੱਤਾ ਹੈ। ਉਨ੍ਹਾਂ ਨੂੰ ਸਿਰਫ਼ ਜੁਰਮਾਨਿਆਂ ਤੱਕ ਸੀਮਤ ਕਰ ਦਿੱਤਾ ਹੈ। ਜਦੋਂਕਿ ਕਿਸਾਨਾਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਉਦਯੋਗ 51% ਪ੍ਰਦੂਸ਼ਣ ਲਈ ਜ਼ਿੰਮੇਵਾਰ ਹਨ। ਵਾਹਨ 25% ਪ੍ਰਦੂਸ਼ਣ ਲਈ ਜ਼ਿੰਮੇਵਾਰ ਹਨ ਜਦੋਂਕਿ ਪਰਾਲੀ ਦਾ ਧੂੰਆਂ ਪ੍ਰਦੂਸ਼ਣ ਵਿੱਚ ਸਿਰਫ 8% ਯੋਗਦਾਨ ਪਾਉਂਦਾ ਹੈ। ਇਸ ਦੇ ਬਾਵਜੂਦ ਸਾਰਾ ਦੋਸ਼ ਕਿਸਾਨਾਂ 'ਤੇ ਮੜ੍ਹਿਆ ਜਾ ਰਿਹਾ ਹੈ।

## ਬਿਮਾਰ ਮਾਤਾ ਨੂੰ ਮਿਲਣ ਲਈ ਕੇਂਦਰ ਸਰਕਾਰ, ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪੈਰੋਲ ਦੇਵੇ : ਐਡਵੋਕੇਟ ਹਰਜਿੰਦਰ ਸਿੰਘ ਧਾਮੀ



**ਅੰਮ੍ਰਿਤਸਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜੇਲ੍ਹ ਵਿਚ ਲੰਮੇ ਅਰਸੇ ਤੋਂ ਨਜ਼ਰਬੰਦ ਭਾਈ ਜਗਤਾਰ ਸਿੰਘ ਹਵਾਰਾ ਦੀ ਬੀਮਾਰ ਮਾਤਾ ਜੀ ਦਾ ਉਨ੍ਹਾਂ ਦੇ ਘਰ ਪੁੱਜ ਕੇ ਹਾਲ ਜਾਣਿਆ। ਐਡਵੋਕੇਟ ਧਾਮੀ ਨੇ ਮਾਤਾ ਜੀ ਦੀ ਸਿਹਤ ਬਾਰੇ ਚਿੰਤਾ ਪ੍ਰਗਟ ਕਰਦਿਆਂ ਗੁਰੂ ਸਾਹਿਬ ਅੱਗੇ ਉਨ੍ਹਾਂ ਦੀ ਤੰਦਰੁਸਤੀ ਲਈ ਅਰਦਾਸ ਕੀਤੀ। ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਸਿੱਖ ਕੌਮ ਦੇ ਯੋਧੇ ਹਨ, ਜਿਨ੍ਹਾਂ ਨੇ ਪੰਥਕ ਪੱਧਰ 'ਤੇ ਆਪਣੀ ਸ਼ਖ਼ਸੀਅਤ ਅਤੇ ਸੰਘਰਸ਼ ਰਾਹੀਂ ਅਹਿਮ ਭੂਮਿਕਾ ਨਿਭਾਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰਾਂ ਵੱਲੋਂ ਭਾਈ ਹਵਾਰਾ ਸਮੇਤ ਹੋਰ ਬੰਦੀ ਸਿੰਘਾਂ ਨਾਲ ਭਾਰੀ ਨਾਇਨਸਾਫੀ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਕਾਨੂੰਨੀ ਤੇ ਸੰਵਿਧਾਨਕ ਹੱਕਾਂ ਤੱਕ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਪਣੀ ਬੀਮਾਰ ਮਾਂ ਨੂੰ ਮਿਲਣ ਲਈ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਕ ਪਾਸੇ ਸੰਗੀਨ ਦੋਸ਼ਾਂ ਚ ਘਿਰੇ ਰਾਮ ਰਹੀਮ ਨੂੰ ਵਾਰ ਵਾਰ ਪੈਰੋਲ ਤੇ ਫਰਲੋ ਦਿੱਤੀ ਜਾ ਰਹੀ ਹੈ, ਜਦਕਿ ਦੂਜੇ ਬੰਨੇ ਬੰਦੀ ਸਿੰਘਾਂ ਨੂੰ ਦੁੱਖ ਸਮੇਂ ਪਰਿਵਾਰਾਂ ਨੂੰ ਮਿਲਣ ਦੀ ਵੀ ਇਜਾਜ਼ਤ ਨਹੀਂ ਦਿੱਤੀ ਜਾਂਦੀ। ਐਡਵੋਕੇਟ ਧਾਮੀ ਨੇ ਕਿਹਾ ਕਿ ਬੰਦੀ ਸਿੰਘਾਂ ਨਾਲ ਬੇਇਨਸਾਫੀ ਸਪਸ਼ਟ ਤੌਰ 'ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਉਨ੍ਹਾਂ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਭਾਈ ਹਵਾਰਾ ਨੂੰ ਤੁਰੰਤ ਪੈਰੋਲ ਦਿੱਤੀ ਜਾਵੇ ਤਾਂ ਜੋ ਉਹ ਆਪਣੀ ਬੀਮਾਰ ਮਾਤਾ ਜੀ ਨਾਲ ਮਿਲ ਸਕਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਬੰਦੀਆਂ ਦੀ ਰਿਹਾਈ ਲਈ ਅਵਾਜ਼ ਉਠਾਉਂਦੀ ਰਹੇਗੀ। ਉਨ੍ਹਾਂ ਸਿੱਖ ਸੰਗਤ ਨੂੰ ਵੀ ਅਪੀਲ ਕੀਤੀ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਲਈ ਇੱਕਜੁੱਟ ਹੋ ਕੇ ਆਪਣੇ ਯਤਨ ਜਾਰੀ ਰੱਖਣ। ਇਸ ਮੌਕੇ ਪ੍ਰਧਾਨ ਐਡਵੋਕੇਟ ਧਾਮੀ ਦੇ ਨਾਲ ਕਈ ਪੰਥਕ ਸ਼ਖ਼ਸੀਅਤਾਂ ਵੀ ਮੌਜੂਦ ਸਨ ਜਿਨ੍ਹਾਂ ਨੇ ਪਰਿਵਾਰ ਨਾਲ ਹਮਦਰਦੀ ਜਤਾਈ ਅਤੇ ਬੀਮਾਰ ਮਾਤਾ ਜੀ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।






ਬੀਤੇ ਦਿਨੀ 'ਪੰਥਕ ਦਲ ' ਦੇ ਨੌਜਵਾਨ ਆਗੂ ਸ੍ਰ ਕਪਤਾਨ ਸਿੰਘ ਤੇ ਜਾਨਲੇਵਾ ਹਮਲਾ , ਬਹੁਤ ਅੱਤ ਨੀਵੇਂ ਪੱਧਰ ਦੀ ਹਰਕਤ ਹੈ । ਬੇਹੱਦ ਅ.ਫ਼ਸੋਸ ਕਿ ਇਹ ਘਟਨਾ ਯੂ ਕੇ ਦੇ ਇਕ ਵੱਡੇ ਗੁਰਦੁਆਰੇ ਸੈਜਲੀ ਸਟ੍ਰੀਟ ਦੀ ਸਟੇਜ ਤੇ ਵਾਪਰੀ ਹੈ । ਜਦ ਕਿ ਕੋਈ ਦਸ ਬੰਦਿਆਂ ਤੋਂ ਉਪਰ ਵਿਅਕਤੀਆਂ ਨੇ ਇਸ ਘਟੀਆ ਕਿਸਮ ਦੀ ਘਟਨਾ ਨੂੰ ਅੰਜਾਮ ਦਿੱਤਾ ਹੈ । ਕਪਤਾਨ ਸਿੰਘ ਨੂੰ ਬੁਰੀ ਤਰਾਂ ਜ਼ਖਮੀ ਕੀਤਾ ਗਿਆ । ਭਾਵੇਂ ਮਾਮਲਾ ਕਾਨੂੰਨ ਦਾ ਹੈ , ਪਰ ਇਹ ਪ੍ਰਬੰਧਕਾਂ ਦੀ ਜ਼ੁੰਮੇਵਾਰੀ ਸੀ । ਜਿਨਾਂ ਨੇ ਕਿਸੇ ਰੰਜਿਸ਼ ਅਧੀਨ ਗੁਰੂ ਗ੍ਰੰਥ ਸਾਹਿਬ ਦੀ ਤੇ ਸਮੁੱਚੀ ਸੰਗਤ ਦੀ ਹਜ਼ੂਰੀ ਵਿੱਚ ਇਸ ਘਟਨਾ ਨੂੰ ਅੰਜਾਮ ਤਕ ਪਹੁੰਚਦਿਆਂ ਅੱਖਾਂ ਮੀਟ ਰੱਖੀਆਂ ਸਨ । ਅਜਿਹਾ ਹੋਣਾ ਵੀ ਕਿਸੇ ਹੱਦ ਤਕ ਅਪਰਾਧਿਕ ਸਾਜ਼ਿਸ਼ ਦਾ ਹਿੱਸਾ ਹੀ ਕਿਹਾ ਦਾ ਸਕਦਾ ਹੈ । ਸਿਖ ਦਾ ਸਿੱਖ ਨਾਲ ਇਸ ਤਰਾਂ ਦਾ ਵਰਤਾਰਾ, ਸਿੱਖੀ ਸੋਚ ਨਹੀਂ , ਸਗੋਂ ਆਪਣੇ ਆਪ ਵਿੱਚ ਇੱਕ ਚੰਗੇਜੀ ਸੋਚ ਹੈ । ਇਸ ਕਿਸਮ ਦੀ ਮੁਗ.ਲਾਣੀ ਸੋਚ , ਸਿੱਖ ਖੇਤਰ ਵਿੱਚ ਹੀ ਨਿਰਮਾਣ ਕਰੇ ਤੇ ਸਿੱਖੀ ਤੇ ਹਮਲੇ ਹੋਣ , ਬਹੁਤ ਚਿੰਤਾ ਦੀ ਵਿਸ਼ਾ ਹੈ । ਇਹ ਪੰਥ ਦੇ ਰੂਪ ਵਿੱਚ ਛੁਪੇ ਚਿਹਰੇ , ਆਪਣੇ ਹੀ ਕੌਮ ਦੇ ਨੌਜਵਾਨਾਂ ਦੇ ਖ਼ੂਨ ਦੇ ਪਿਆਸੇ ਹੋਣ , ਇੱਕ ਬਹੁਤ ਵੱਡੀ ਲਾਹਨਤ ਹੈ । ਇਹ ਲਾਹਨਤ ਭਰੇ ਕੋਈ ਸਗੋਂ ਬੇਗਾਨੈ ਨਹੀਂ , ਜਾਣੇ ਪਛਾਣੇ ਚੇਹਰੇ ਹਨ , ਜੋ ਆਪੋ ਆਪਣੇ ਘਰੇਲੂ ਖ਼ਿੱਤੇ ਵਿੱਚੋਂ ਕੌਮੀ ਆਗੂ ਬਣਨ ਦਾ ਦਾਅਵਾ ਰੱਖਦੇ ਚਲੇ ਆ ਰਹੇ ਹਨ । ਇਹ ਕੱਛਾਂ ਵਜਾਉਂਦੇ ਆਗੂ ਲੋਕ ਕੌਮ ਦੀ ਪੱਗ ਦੀ ਕੀ ਇੱਜ਼ਤ ਕਰਨਗੇ , ਜੋ ਆਪਣਿਆਂ ਦੀ ਹੀ ਗੁਰੂ ਘਰਾਂ ਵਿੱਚ ਪਗੜੀ ਰੋਲ ਰਹੇ ਹਨ । ਮੈਂ ਕੁਝ ਅਜਿਹਾ ਭਾਵੇ ਨਾ ਹੀ ਲਿਖਦਾ , ਪਰ ਇਹਨਾ ਅਖੌਤੀ ਆਗੂਆਂ ਦੀ ਅੰਦਰੂਨੀ ਭਾਵਨਾ ਨੂੰ ਭਾਂਪ ਕੇ ਹੀ ਮੈਨੂੰ ਇਹ ਕੁੱਝ ਕਹਿਣਾ ਪਿਆ ਹੈ , ਕਿ ਤੁਸੀ ਸਿਰਫ ਕਪਤਾਨ ਸਿੰਘ ਤੇ ਹੀ ਹਮਲਾ ਨਹੀਂ ਕੀਤਾ । ਤੁਸੀਂ ਸਿੱਖੀ ਦਸਤਾਰ ਦੇ ਗੌਰਵ ਅਤੇ ਸੰਵੈਮਾਣ ਦੇ ਇਤਿਹਾਸ ਤੇ ਹਮਲਾ ਕਰਕੇ ਕਲੰਕ ਖੱਟਿਆ ਹੈ । ਮੇਰੇ ਕੋਲੋ ਕੁਝ ਛੁਪਿਆ ਨਹੀ , ਵਿਵਾਦਾਂ ਵਿੱਚ ਅਸੀਂ ਹਮੇਸ਼ਾਂ ਰਹੱ ਹਾਂ । ਪਰ ਕਿਸੇ ਵੀ ਆਪਸੀ ਵਖਰੇਵੇ ਵਿੱਚ ਅਜਿਹੀ ਨਿਪੁੰਸਕਤਾ ਕਦੇ ਨਹੀਂ ਦੇਖੀ ਗਈ , ਕਿ ਕੁਝ ਬੰਦਿਆਂ ਦੀ ਹੇੜ ਇੱਕ ਗੁਰਸਿੱਖ ਤੇ ਅਜਿਹਾ ਘਾਤਕ ਹਮਲਾ ਕਰਕੇ , ਸਿੱਖ ਦਸਤਾਰ ਨੂੰ ਰੋਲਣ ।ਬਾਦਲਸ਼ਾਹੀ ਦੇ ਨਾਮ ਲੈ ਕੇ ਵਿਰੋਧ ਵਿੱਚ ਜਿਹੜੇ ਲੋਕ ਟਾਹਰਾਂ ਮਾਰਦੇ ਹਨ , ਸ਼ਾਇਦ ਉਹੀ ਅਜ ਵੁਲਵਰਹੈਮਪਟਨ ਵਿੱਚ ਅਜਿਹਾ ਰੂਪ ਖੁਦ ਹੀ ਬਣੇ ਬੈਠੇ ਹਨ ।ਅਜਿਹੀਆਂ ਘਟੀਆਂ ਹਰਕਤਾਂ ਨਾਲ ਨਾ ਤਾਂ ਇਹਨਾਂ ਨੇ ਪਹਿਲਾਂ ਕੋਈ ਮੱਲ ਮਾਰੀ ਹੈ , ਨਾ ਹੀ ਇਹਨਾਂ ਤੋਂ ਕੋਈ ਭਵਿੱਖ ਵਿੱਚ ਕੋਈ ਆਸ ਹੈ । ਜੇਕਰ ਅਪਣੇ ਹੀ ਨੌਜਵਾਨਾਂ ਜਾ ਜੋਟੀਦਾਰਾਂ ਨੂੰ ਸਿਰਫ਼ ਸਿੱਖਾਂ ਦੀਆਂ ਹੀ ਦਸਤਾਰਾਂ ਰੋਲਣ ਦੀ ਮੱਤ ਦੇਣੀ , ਪ੍ਰਾਪਤੀ ਹੈ ਤਾਂ ਇਹ ਕੋਝਾ ਪਨ ਤੇ ਕਲੰਕ ਹੈ । ਜੋ ਸਿੱਖ ਸੰਗਤਾਂ ਵਿੱਚ ਸ਼ੁਰੂ ਤੋਂ ਹੀ ਨ.ਫ਼ਰਤ ਤੇ ਗੁਮਰਾਹ ਕਰਨ ਦਾ ਕੰਮ ਕਰਦੇ ਆ ਰਹੇ ਹਨ । ਕਪਤਾਨ ਸਿੰਘ ਤੇ ਹੋਏ ਹਮਲੇ ਤੋਂ ਸਿਖ ਤੇ ਖ਼ਾਸਕਰ ਸਿੱਖਾਂ ਦਾ ਨੌਜਵਾਨ ਵਰਗ ਜ਼ਰੂਰ ਖ਼ਬਰਦਾਰ ਰਹੇ , ਕਿ ਕੁੱਝ ਅਖੌਤੀ ਆਗੂ , ਤੁਹਾਡੀ ਜ਼ਿੰਦਗੀ ਅਤੇ ਤੁਹਾਡੇ ਭਵਿੱਖ ਦੇ ਦੁਸ਼ਮਣ ਹਨ । ਜੋ ਤੁਹਾਨੂੰ ਹੀ ਵਖਰੇਵੇਂ ਵਿੱਚ ਵੰਢ ਕੇ , ਉਹੀ ਕੁਝ ਕਰਨਗੇ , ਜੋ ਸਾਲਾਂ ਬੱਧੀ ਸਮਿਆਂ ਤੋਂ ਇੱਕ ਦੂਜੇ ਦੀ ਪੱਗ ਹੀ ਰੋਲਦੇ ਆਏ ਹਨ ।

## -ਪਰਮਿੰਦਰ ਸਿੰਘ ਬੱਲ

### ਪ੍ਰਧਾਨ , ਸਿੱਖ ਫੈਡਰੇਸ਼ਨ, ਯੂ. ਕੇ.

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ


ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar


www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404


ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ



ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ



ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)


ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)



ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖ਼ਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

**ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।**


ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਕੁੰਜੀ ਬਾਣੀ ਦਾ ਖ਼ਿਤਾਬ

5ਵੇਂ ਪਾਤਸ਼ਾਹ

ਸਲਾਨਾ ਬਰਸੀ ਭਾਈ ਗੁਰਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 27 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 28 ਸਤੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਸੁਖਪਾਲ ਸਿੰਘ ਬਟਾਲੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




**ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਸਥਾਨ ਰਾਜੌਰੀ (ਜੰਮੂ-ਕਸ਼ਮੀਰ) ਲਈ ਤਿੰਨ ਰੋਜ਼ਾ ਧਾਰਮਿਕ ਯਾਤਰਾ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ**

# ਬਾਬਾ ਬੰਦਾ ਸਿੰਘ ਬਹਾਦਰ ਸਿਰਫ਼ ਸਿੱਖ ਕੌਮ ਦਾ ਹੀ ਨਾਇਕ ਨਹੀਂ ਸਮੁੱਚੀ ਮਾਨਤਾ ਲਈ ਪ੍ਰੇਰਨਾ ਸਰੋਤ: ਡਾ. ਜੋਗਿੰਦਰ ਸਿੰਘ ਸਲਾਰੀਆ







**ਪਠਾਨਕੋਟ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)** -ਅੰਤਰਰਾਸ਼ਟਰੀ ਸਮਾਜ ਸੇਵੀ ਅਤੇ 'ਪੀਸੀਟੀ ਹਿਊਮੈਨਿਟੀ' ਦੇ ਸੰਸਥਾਪਕ ਡਾ. ਜੋਗਿੰਦਰ ਸਿੰਘ ਸਲਾਰੀਆ ਦੀ ਅਗਵਾਈ 'ਚ ਖ਼ਾਲਸਾ ਰਾਜ ਦੇ ਸੰਸਥਾਪਕ ਅਤੇ ਮਹਾਨ ਸਿੱਖ ਸੈਨਾਪਤੀ ਅਮਰ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ (ਬੰਦਾ ਬੈਰਾਗੀ) ਦੇ ਜਨਮ ਸਥਾਨ ਰਾਜੌਰੀ ਲਈ ਤਿੰਨ ਰੋਜ਼ਾ ਧਾਰਮਿਕ ਯਾਤਰਾ ਜੈਕਾਰਿਆਂ ਦੀ ਗੂੰਜ ਨਾਲ ਅੱਜ ਪਠਾਨਕੋਟ ਤੋਂ ਰਵਾਨਾ ਹੋਈ। ਇਸ ਵਿਚ ਅਯੁੱਧਿਆ ਦੇ ਰਾਮਾਨੰਦੀ ਸ਼੍ਰੀ ਵੈਸ਼ਣਵ ਸੰਪਰਦਾ ਦੇ ਸੰਤ ਸ਼੍ਰੀ ਮਹੰਤ ਆਸ਼ੀਸ਼ ਦਾਸ ਨੇ ਵਿਸ਼ੇਸ਼ ਸ਼ਮੂਲੀਅਤ ਕੀਤੀ। ਇਹ ਯਾਤਰਾ ਕਈ ਇਤਿਹਾਸਕ ਗੁਰਦੁਆਰਿਆਂ ਤੋਂ ਲੰਘਦਿਆਂ ਸ਼ਾਮ ਤਕ ਰਾਜੌਰੀ ਪਹੁੰਚੇਗੀ,ਜਿੱਥੇ 27 ਸਤੰਬਰ ਨੂੰ ਗੁਰਦੁਆਰਾ ਜਨਮ ਸਥਾਨ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾਵੇਗਾ ਅਤੇ 28 ਸਤੰਬਰ ਨੂੰ ਇਹ ਯਾਤਰਾ ਪਠਾਨਕੋਟ ਦੀ ਵਾਪਸੀ ਨਾਲ ਸੰਪੂਰਨ ਹੋਵੇਗੀ।

ਯਾਤਰਾ ਦੇ ਪ੍ਰਬੰਧਕ ਸ. ਗੁਰਮਿੰਦਰ ਸਿੰਘ ਚਾਵਲਾ ਨੇ ਦੱਸਿਆ ਕਿ ਗੁਰਬਾਣੀ ਅਤੇ ਸ਼ਬਦ ਕੀਰਤਨ ਦੁਆਰਾ ਨਾਮ ਨਾਲ ਰੰਗੀ ਹੋਈ ਜਗਿਆਸੂ ਸੰਗਤ ਦਾ ਜੰਮੂ ਦੇ ਕਠੂਆ ਵਿਖੇ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਚਰਨਜੀਤ ਸਿੰਘ ਦੀ ਅਗਵਾਈ 'ਚ ਸਥਾਨਕ ਸੰਗਤ ਨੇ ਭਰਵਾਂ ਸਵਾਗਤ ਅਤੇ ਸਨਮਾਨ ਕੀਤਾ ।

ਇਸ ਮੌਕੇ ਡਾ. ਜੋਗਿੰਦਰ ਸਿੰਘ ਸਲਾਰੀਆ ਨੇ ਕਿਹਾ ਕਿ, ਬਾਬਾ ਬੰਦਾ ਸਿੰਘ ਬਹਾਦਰ ਕੇਵਲ ਸਿੱਖ ਕੌਮ ਦੇ ਹੀ ਨਾਇਕ ਨਹੀਂ ਬਲਕਿ ਸਮੁੱਚੀ ਮਾਨਵਤਾ ਲਈ ਪ੍ਰੇਰਣਾ ਸਰੋਤ ਹਨ। ਉਨ੍ਹਾਂ ਲੋਕਾਂ ਨੂੰ ਆਪਣੀਆਂ ਵਿਰਾਸਤੀ ਜੜ੍ਹਾਂ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਛੋਟੀਆਂ ਗੱਲਾਂ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰਨ ਵਾਲੇ ਸ਼ਰਾਰਤੀ ਤੱਤਾਂ ਤੋਂ ਸਾਵਧਾਨ ਰਹਿਣਾ ਲਈ ਵੀ ਕਿਹਾ। ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਨੂੰ ਕਦੇ ਵੀ ਨਹੀਂ ਭੁੱਲਣਾ ਚਾਹੀਦਾ, ਜਿਹੜੇ ਆਪਣੇ ਧਰਮ ਤੇ ਮਨੁੱਖਤਾ ਲਈ ਸ਼ਹੀਦ ਹੋਏ, ਅਗਰ ਅੱਜ ਅਸੀਂ ਉਹਨਾਂ ਨੂੰ ਵਿਸਾਰਦੇ ਹਾਂ ਤਾਂ ਸਾਡੇ ਤੋਂ ਵੱਡਾ ਅਕਿਰਤਘਣ ਕੋਈ ਨਹੀਂ ਹੋਵੇਗਾ ।

ਡਾ. ਸਲਾਰੀਆ ਨੇ ਅੱਗੇ ਕਿਹਾ ਕਿ ਸਿੱਖਾਂ ਨੇ ਸਨਾਤਨ ਧਰਮ ਲਈ ਵਾੜ ਦਾ ਕੰਮ ਕੀਤਾ, ਪਰ ਦੁੱਖ ਦੀ ਗੱਲ ਹੈ ਕਿ ਅੱਜ ਕਈ ਉਹ ਲੋਕ ਜਿਨ੍ਹਾਂ ਦੀ ਰੱਖਿਆ ਕੀਤੀ ਗਈ, ਉਹਨਾਂ ਨੂੰ ਵੀ ਖ਼ਿਆਲ ਨਹੀਂ ਕਿ ਸਾਡੇ ਲਈ ਵਾੜ ਕੌਣ ਬਣਿਆ ਸੀ। ਉਨ੍ਹਾਂ ਕਾਮਨਾ ਕੀਤੀ ਕਿ 'ਪੰਜਾਬ ਸਾਡਾ ਹੱਸਦਾ ਵੱਸਦਾ ਰਹੇ', ਮਾਲਕ ਨੇ ਸਾਨੂੰ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦਾ ਫ਼ਲਸਫ਼ਾ ਦਿੱਤਾ। ਸਾਡੇ ਗੁਰੂਆਂ ਨੇ ਸਾਨੂੰ ਮੰਗਣਾ ਨਹੀਂ ਸਿਖਾਇਆ, ਇਸੇ ਲਈ ਪੰਜਾਬ ਨੇ ਹਮੇਸ਼ਾ ਦੂਜਿਆਂ 'ਚ ਵੰਡਿਆ ਤੇ ਦਿੱਤਾ। ਮੈਨੂੰ ਦੁਖ ਨਾਲ ਕਹਿਣਾ ਪੈ ਰਿਹਾ ਹੈ ਕਿ ਅੱਜ ਦੀਆਂ ਸਰਕਾਰਾਂ ਨੇ ਫ਼ਰੀ ਦੀਆਂ ਰਿਉੜੀਆਂ ਨਾਲ ਸਾਡੇ ਲੋਕਾਂ ਦੀ ਜ਼ਮੀਰ ਨੂੰ ਮਾਰਨ ਦੀ ਕੋਸ਼ਿਸ਼ ਕੀਤੀ ਹੈ, ਸਾਨੂੰ ਬਜਾਏ ਵੰਡਣ ਵਾਲੇ ਸਗੋਂ ਮੰਗਣ ਵਾਲੇ ਪਾਸੇ ਲਾ ਦਿੱਤਾ ।ਅਫ਼ਸੋਸ ਹੈ ਕਿ ਅੱਜ ਛੋਟਾ ਜਿਹਾ ਕੋਈ ਲਾਲਚ ਦਿੱਤਾ ਜਾਂਦਾ ਹੈ ਤਾਂ ਅਸੀਂ ਸਮੇਤ ਪਰਿਵਾਰ ਦੂਸਰੇ ਦੇ ਪਾਰੇ 'ਚ ਬੈਠਣ ਲਈ ਤਿਆਰ ਹੋ ਜਾਂਦੇ ਹਾਂ।

ਉਨ੍ਹਾਂ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੇ ਪਵਿੱਤਰ ਜਨਮ ਸਥਾਨ ਤੇ ਮੱਥਾ ਟੇਕਣ ਦਾ ਅਵਸਰ ਪ੍ਰਾਪਤ ਹੋ ਰਿਹਾ ਹੈ। ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮ ਨਾਲ ਬਾਬਾ ਬੰਦਾ ਸਿੰਘ ਬਹਾਦਰ ਨੇ ਮੁਗ.ਲ ਸਲਤਨਤ ਦੀਆਂ ਨੀਂਹਾਂ ਹਿਲਾ ਕੇ ਜ਼ੁਲਮ ਦੇ ਕਿਲ੍ਹੇ ਢਾਹ ਦਿੱਤੇ ਅਤੇ ਇਨਸਾਫ਼ ਸਥਾਪਤ ਕਰਦੇ ਹੋਏ ਖ਼ਾਲਸਾ ਰਾਜ ਦਾ ਝੰਡਾ ਲਹਿਰਾਇਆ। ਉਨ੍ਹਾਂ ਨੇ ਯਾਦ ਕਰਵਾਇਆ ਕਿ ਜਦੋਂ ਬੇ ਰਹਿਮ ਕਠੋਰ ਹਾਕਮ ਨੇ ਉਸ ਦੇ ਨੰਨੇ ਪੁੱਤਰ ਭਾਈ ਅਜੈ ਸਿੰਘ ਦੀ ਛਾਤੀ ਚੀਰ ਕੇ ਕਲੇਜਾ ਉਸ ਦੇ ਮੂੰਹ ਵਿੱਚ ਪਾਇਆ, ਤਦ ਵੀ ਬਾਬਾ ਬੰਦਾ ਬਹਾਦਰ ਜ਼ੁਲਮ ਅੱਗੇ ਨਾ ਝੁਕੇ ਅਤੇ ਗੁਰੂ ਸਾਹਿਬ ਦੀ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਬੇਮਿਸਾਲ ਸ਼ਹੀਦੀ ਪ੍ਰਾਪਤ ਕੀਤੀ। ਡਾ. ਸਲਾਰੀਆ ਨੇ ਕਿਹਾ, "ਬਾਬਾ ਬੰਦਾ ਸਿੰਘ ਬਹਾਦਰ ਦੀ ਜ਼ਿੰਦਗੀ ਅਸਲ ਪ੍ਰੇਰਣਾ ਸਰੋਤ ਹੈ। ਮੈਂ ਖ਼ੁਦ ਇੱਕ ਰਾਜਪੂਤ ਖੱਤਰੀ ਹੋਣ ਦੇ ਨਾਤੇ ਬੇਹੱਦ ਮਾਣ ਮਹਿਸੂਸ ਕਰਦਾ ਹਾਂ ਕਿ 'ਬੰਦਾ ਬੈਰਾਗੀ' ਨੇ ਮਨੁੱਖਤਾ ਅਤੇ ਗੁਰੂ ਦੀ ਮੁਹਿੰਮ ਲਈ ਆਪਾ ਕੁਰਬਾਨ ਕੀਤਾ। ਸਾਨੂੰ ਆਪਣੇ ਬੱਚਿਆਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ ਕਿ ਉਹ ਬੰਦਾ ਸਿੰਘ ਬਹਾਦਰ ਵਾਂਗ ਯੋਧੇ ਬਣਨ। ਉਨ੍ਹਾਂ ਦੇ ਜਨਮ ਸਥਾਨ ਦੀ ਯਾਤਰਾ ਕਰਵਾਉਣਾ ਇਸ ਪਵਿੱਤਰ ਵਿਰਾਸਤ ਨਾਲ ਜੋੜਨ ਦਾ ਇਕ ਢੰਗ ਹੈ।" ਡਾ. ਸਲਾਰੀਆ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਇਕ ਧਾਰਮਿਕ ਯਾਤਰਾ ਨਹੀਂ, ਸਗੋਂ ਸਾਡੀ ਵਿਰਾਸਤ, ਸ਼ਹੀਦਾਂ ਦੀਆਂ ਕੁਰਬਾਨੀਆਂ, ਸਿੱਖ ਇਤਿਹਾਸ ਅਤੇ ਰਾਸ਼ਟਰੀ ਏਕਤਾ ਨਾਲ ਮੁੜ ਜੋੜਨ ਦਾ ਮਹਾਨ ਯਤਨ ਹੈ। ਇਹ ਯਾਤਰਾ ਸੰਗਤ ਵਿਚਕਾਰ ਪਿਆਰ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰੇਗੀ, ਸੇਵਾ ਭਾਵਨਾ ਅਤੇ ਗੁਰੂ ਪ੍ਰਤੀ ਸ਼ਰਧਾ -ਭਗਤੀ ਨੂੰ ਗਹਿਰਾਈ ਬਖ਼ਸ਼ੇਗੀ। ਉਨ੍ਹਾਂ ਲੋਕਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਸਿੱਖ ਵਿਰਾਸਤ ਨਾਲ ਜੋੜਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਜਗਤਾਰ ਸਿੰਘ ਹਵਾਰੇ ਨੂੰ ਆਪਣੀ ਮਾਂ ਨਾਲ ਆਖਰੀ ਵਾਰ ਨਾ ਮਿਲਣ ਦੇਣਾ, ਹਿੰਦ ਹਕੂਮਤ ਦਾ ਅਜਾਦੀ-ਪਸੰਦ ਸਿੱਖਾਂ ਪ੍ਰਤੀ ਨਿਰਦਈਪੁਣੇ ਦਾ ਸਬੂਤ : ਭਾਈ ਪਰਮਜੀਤ ਸਿੰਘ ਭਿਉਰਾ








ਮਾਵਾਂ ਸਭ ਦੀਆਂ ਸਾਂਝੀਆਂ ਹੁੰਦੀਆਂ ਹਨ। ਮੈਨੂੰ ਪਤਾ ਚੱਲਿਆ ਹੈ ਕਿ ਮੇਰੇ ਸਾਥੀ ਸਿੰਘ ਭਾਈ ਜਗਤਾਰ ਸਿੰਘ ਹਵਾਰਾ ਦੀ ਬਿਰਧ ਮਾਤਾ ਮੇਰੀ ਮਾਂ ਵਾਂਗ ਆਖਰੀ ਵਾਰ ਆਪਣੇ ਬੱਚੇ ਨੂੰ ਮਿਲਣ ਦੀ ਤਾਂਘ ਰੱਖਦੀ ਹੈ। ਪਰ ਹਿੰਦ ਹਕੂਮਤ ਵੱਲੋਂ ਮੇਰੇ ਵਾਂਗ ਭਾਈ ਜਗਤਾਰ ਸਿੰਘ ਹਵਾਰੇ ਨੂੰ ਆਪਣੀ ਮਾਂ ਨਾਲ ਆਖਰੀ ਵਾਰ ਨਾ ਮਿਲਣ ਦੇਣਾ, ਹਿੰਦ ਹਕੂਮਤ ਦਾ ਅਜਾਦੀ-ਪਸੰਦ ਸਿੱਖਾਂ ਪ੍ਰਤੀ ਨਿਰਦਈਪੁਣੇ ਦਾ ਸਬੂਤ ਹੈ। ਹਿੰਦ ਹਕੂਮਤ ਦਾ ਜੇਲ੍ਹ ਮੈਨੂਅਲ ਬਿਲਕੁਲ ਸਪੱਸ਼ਟ ਹੈ ਕਿ ਉਮਰਕੈਦ ਕੱਟ ਰਿਹਾ ਹਰ ਵਿਅਕਤੀ ਪੈਰੋਲ ਦਾ ਹੱਕਦਾਰ ਹੈ। ਹਰੇਕ ਉਮਰਕੈਦੀ ਨੂੰ ਐਮਰਜੈਂਸੀ ਪੈਰੋਲ ਦੀ ਵਿਵਸਥਾ ਹੈ। ਹਿੰਦੋਸਤਾਨ ਦੀਆਂ ਅਦਾਲਤਾਂ ਅਤੇ ਪ੍ਰਸ਼ਾਸਨ ਨੂੰ ਮੇਰੇ ਵਕੀਲ ਸਿਮਰਨਜੀਤ ਸਿੰਘ ਦੁਆਰਾ ਪਟੀਸ਼ਨ ਪਾ ਕੇ ਕਿਹਾ ਗਿਆ ਕਿ ਮੇਰੀ 96 ਸਾਲ ਦੀ ਬਿਰਧ ਮਾਤਾ ਦੀ ਆਖਰੀ ਇੱਛਾ ਮੇਰੇ ਨਾਲ ਮੁਲਾਕਾਤ ਕਰਨ ਦੀ ਹੈ ਪਰ ਅਦਾਲਤ ਅਤੇ ਪ੍ਰਸ਼ਾਸਨ ਵੱਲੋਂ ਇਸਦੀ ਪ੍ਰਵਾਨਗੀ ਨਹੀਂ ਦਿੱਤੀ ਗਈ ਹਲਾਂਕਿ ਭਾਰਤੀ ਸਟੇਟ ਵੱਲੋਂ ਰਾਜੀਵ ਕਤਲ ਕੇਸ ਵਿੱਚ ਸ਼ਾਮਲ ਵਿਅਕਤੀ ਨੂੰ ਘਰ ਦੀ ਮੁਰੰਮਤ ਕਰਵਾਉਣ ਦੀ ਇਜਾਜ਼ਤ ਵੀ ਦਿੱਤੀ ਜਾਂਦੀ ਹੈ ਅਤੇ ਗੁਜਰਾਤ ਕਤਲੇਆਮ ਵਿੱਚ ਸ਼ਾਮਲ ਬੀਜੇਪੀ ਲੀਡਰਾਂ ਨੂੰ ਸਪੈਸ਼ਲ ਪੈਰੋਲਾਂ ਵੀ ਦਿੱਤੀਆਂ ਜਾਂਦੀਆਂ ਹਨ। ਪਰ ਸਾਡੇ ਵਰਗੇ ਅਜ਼ਾਦੀ ਦੇ ਪਰਵਾਨਿਆਂ ਲਈ ਉਕਤ ਕਾਨੂੰਨ ਲਾਗੂ ਨਹੀਂ ਹੁੰਦਾ। ਵਾਹਿਗੁਰੂ ਦੀ ਕ੍ਰਿਪਾ ਹੈ ਕਿ ਜਿੱਥੇ ਹਿੰਦੋਸਤਾਨ ਦਾ ਸਾਡੇ ਉੱਪਰ ਕੀਤਾ ਗਿਆ ਅਣਮਨੁੱਖੀ ਤਸ਼ੱਦਦ ਸਾਨੂੰ ਸਾਡੇ ਅਕੀਦੇ ਤੋਂ ਡੁਲਾ ਨਹੀ ਸਕਿਆ ਤਾਂ ਇਹ ਮਾਨਸਿਕ ਤਸ਼ੱਦਦ ਵੀ ਸਾਨੂੰ ਝੁਕਾ ਨਹੀਂ ਸਕੇਗਾ।


**ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਹਿ॥**

**ਪੰਥ ਦਾ ਦਾਸ**


## ਭਾਈ ਪਰਮਜੀਤ ਸਿੰਘ ਭਿਉਰਾ

**ਨਜ਼ਰਬੰਦ ਬੁੜੈਲ ਜੇਲ੍ਹ, ਚੰਡੀਗੜ੍ਹ**

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਨੇ

# ਭਾਈ ਹਵਾਰਾ ਦੀ ਮਾਤਾ ਬੀਬੀ ਨਰਿੰਦਰ ਕੌਰ ਦੀ ਸਿਹਤ ਦਾ ਹਾਲ ਜਾਣਿਆ



**ਚੌਕ ਮਹਿਤਾ / ਸ੍ਰੀ ਅੰਮ੍ਰਿਤਸਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਦਿੱਲੀ ਦੀ ਜੇਲ੍ਹ ਵਿੱਚ ਬੰਦ ਸਿੱਖ ਕੈਦੀ ਭਾਈ ਜਗਤਾਰ ਸਿੰਘ ਹਵਾਰਾ ਦੀ ਬਜ਼ੁਰਗ ਮਾਤਾ ਬੀਬੀ ਨਰਿੰਦਰ ਕੌਰ ਜੀ ਦੀ ਸਿਹਤ ਬਾਰੇ ਚਿੰਤਾ ਪ੍ਰਗਟ ਕੀਤੀ।ਉਨ੍ਹਾਂ ਜਥੇਬੰਦੀ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਦੀ ਅਗਵਾਈ ਹੇਠ ਇੱਕ ਵਫ਼ਦ ਪਿੰਡ ਹਵਾਰਾ ਵਿਖੇ ਭੇਜ ਕੇ ਮਾਤਾ ਨਰਿੰਦਰ ਕੌਰ ਦੀ ਸਿਹਤ ਦਾ ਹਾਲ ਜਾਣਿਆ ਅਤੇ ਉਨ੍ਹਾਂ ਦੀ ਸਿਹਤਯਾਬੀ, ਤੰਦਰੁਸਤੀ ਅਤੇ ਚੜ੍ਹਦੀਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਦਮਦਮੀ ਟਕਸਾਲ ਨੇ ਸਿੱਖ ਕੈਦੀਆਂ ਦੇ ਕਾਨੂੰਨੀ ਅਧਿਕਾਰਾਂ ਦੀ ਵਕਾਲਤ ਕੀਤੀ ਅਤੇ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਨਾਲ-ਨਾਲ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਅਪੀਲ ਕੀਤੀ ਕਿ ਉਹ ਕਾਨੂੰਨੀ ਤੇ ਮਨੁੱਖੀ ਅਧਿਕਾਰਾਂ ਅਤੇ ਮਾਨਵੀ ਕਦਰਾਂ-ਕੀਮਤਾਂ 'ਤੇ ਵਿਚਾਰ ਕਰਨ ਅਤੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪੈਰੋਲ ਦੇਣ ਤਾਂ ਜੋ ਉਹ ਆਪਣੀ ਬਿਮਾਰ ਮਾਂ ਨੂੰ ਮਿਲ ਸਕਣ। ਸੰਤ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਬੀਬੀ ਨਰਿੰਦਰ ਕੌਰ ਲੰਬੇ ਸਮੇਂ ਤੋਂ ਦਹਾਕਿਆਂ ਤੋਂ ਕੈਦ ਆਪਣੇ ਪੁੱਤਰ ਨੂੰ ਮਿਲਣ ਦੀ ਇੱਛਾ ਰੱਖਦੀ ਹੈ, ਅਤੇ ਇਹ ਸਰਕਾਰ ਦਾ ਕਾਨੂੰਨੀ ਅਤੇ ਨੈਤਿਕ ਫ਼ਰਜ਼ ਹੈ ਕਿ ਉਹ ਇਸ ਬੇਨਤੀ 'ਤੇ ਵਿਚਾਰ ਕਰੇ ਅਤੇ ਉਨ੍ਹਾਂ ਦੀ ਜਲਦੀ ਤੋਂ ਜਲਦੀ ਮੁਲਾਕਾਤ ਦੀ ਸਹੂਲਤ ਦੇਵੇ। ਟਕਸਾਲ ਨੇ ਕਿਹਾ ਕਿ ਕਾਨੂੰਨੀ ਪ੍ਰਕਿਰਿਆ ਅਨੁਸਾਰ, ਭਾਵੇਂ ਭਾਈ ਹਵਾਰਾ ਕੇਂਦਰੀ ਜੇਲ੍ਹ ਨੰਬਰ 15, ਮੰਡੋਲੀ, ਨਵੀਂ ਦਿੱਲੀ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ, ਪਰ ਉਨ੍ਹਾਂ ਵਿਰੁੱਧ ਹੋਰ ਸਾਰੇ ਕੇਸਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੂੰ ਬਰੀ ਕਰ ਦਿੱਤਾ ਗਿਆ ਹੈ।11 ਜੂਨ, 2025 ਨੂੰ ਪੇਸ਼ ਕੀਤੀ ਗਈ ਉਨ੍ਹਾਂ ਦੀ ਪੈਰੋਲ ਅਰਜ਼ੀ ਇਸ ਸਮੇਂ ਡਾਇਰੈਕਟਰ ਜਨਰਲ ਆਫ਼ ਜੇਲ੍ਹ, ਦਿੱਲੀ ਕੋਲ ਲੰਬਿਤ ਹੈ। ਇਸ ਤੋਂ ਇਲਾਵਾ, ਉਨ੍ਹਾਂ ਦੀ ਮਾਂ ਦੀ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਸੰਬੋਧਿਤ ਅਰਜ਼ੀ ਦਿੱਲੀ ਦੇ ਗ੍ਰਹਿ ਮੰਤਰੀ ਅਸ਼ੀਸ਼ ਸੂਦ ਕੋਲ ਲੰਬਿਤ ਹੈ। ਕਿਉਂਕਿ ਇਹ ਪ੍ਰਕਿਰਿਆ ਪੂਰੀ ਤਰ੍ਹਾਂ ਕਾਨੂੰਨੀ ਹੈ, ਇਸ ਲਈ ਭਾਈ ਹਵਾਰਾ ਕਾਨੂੰਨੀ ਤੌਰ 'ਤੇ ਪੈਰੋਲ ਦੇ ਹੱਕਦਾਰ ਹਨ। ਇਸ ਮੌਕੇ ਉਨਾਂ ਯਾਦ ਕਰਾਇਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ, ਭਾਰਤ ਸਰਕਾਰ ਨੇ ਵੱਖ-ਵੱਖ ਜੇਲ੍ਹਾਂ ਤੋਂ 8 ਸਿੱਖ ਕੈਦੀਆਂ ਦੀ ਰਿਹਾਈ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦਾ ਐਲਾਨ ਕੀਤਾ ਸੀ । ਹਾਲਾਂਕਿ, ਅਫ਼ਸੋਸ ਦੀ ਗੱਲ ਹੈ ਕਿ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਉਹ ਫ਼ੈਸਲਾ ਲਾਗੂ ਨਹੀਂ ਕੀਤਾ ਗਿਆ ਹੈ, ਨਾ ਹੀ ਬਾਕੀ ਦੋ ਸਿੱਖ ਕੈਦੀਆਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਅਤੇ ਭਾਈ ਗੁਰਦੀਪ ਸਿੰਘ ਖੇੜਾ ਦੀ ਰਿਹਾਈ ਨੂੰ ਲਾਗੂ ਕੀਤਾ ਗਿਆ ਹੈ। ਉਨ੍ਹਾਂ ਨੇ ਕੇਂਦਰ ਵੱਲੋਂ ਕੀਤੇ ਗਏ ਇਨ੍ਹਾਂ ਵਾਅਦਿਆਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ। ਦਮਦਮੀ ਟਕਸਾਲ ਦੇ ਮੁੱਖੀ ਨੇ ਅੱਗੇ ਕਿਹਾ ਕਿ ਹਾਲ ਹੀ ਵਿੱਚ, ਜਸਟਿਸ ਵਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਐਨ.ਵੀ. ਅੰਜਾਰੀਆ ਦੀ ਸੁਪਰੀਮ ਕੋਰਟ ਦੀ ਬੈਂਚ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਕੇਸ ਦੀ ਸੁਣਵਾਈ ਕਰਦੇ ਹੋਏ, ਇਨਸਾਫ਼ ਪ੍ਰਤੀ ਗੰਭੀਰ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਬੈਂਚ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਭਾਈ ਰਾਜੋਆਣਾ ਦੇ ਕੇਸ ਦਾ ਫ਼ੈਸਲਾ ਲੈਣ ਵਿੱਚ ਬੇਲੋੜੀ ਦੇਰੀ ਅਤੇ ਲੰਮੀ ਚੁੱਪੀ, ਅਤੇ ਇੱਕ ਦੋਸ਼ੀ ਨੂੰ ਇੰਨੇ ਲੰਬੇ ਸਮੇਂ ਤੱਕ ਮੌਤ ਦੀ ਸਜ਼ਾ ਦੇ ਪਰਛਾਵੇਂ ਹੇਠ ਰੱਖਣਾ, ਆਪਣੇ ਆਪ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਇਸ ਦੀ ਰੋਸ਼ਨੀ 'ਚ , ਭਾਈ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਬਿਨਾਂ ਦੇਰੀ ਦੇ ਉਮਰ ਕੈਦ ਵਿੱਚ ਬਦਲ ਦਿੱਤਾ ਜਾਣਾ ਚਾਹੀਦਾ ਹੈ, ਅਤੇ ਉਸ ਨੂੰ ਤੁਰੰਤ ਰਾਹਤ ਦਿੱਤੀ ਜਾਣੀ ਚਾਹੀਦੀ ਹੈ। ਵਫ਼ਦ ਵਿੱਚ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਦੇ ਨਾਲ ਗਿਆਨੀ ਸਾਹਿਬ ਸਿੰਘ, ਡਾ. ਅਮਰਜੀਤ ਸਿੰਘ (ਸਰਪੰਚ), ਸਿੱਖ ਚਿੰਤਕ ਸ਼ਮਸ਼ੇਰ ਸਿੰਘ ਜੇਠੂਵਾਲ, ਗਿਆਨੀ ਗੁਰਵਿੰਦਰ ਸਿੰਘ ਸਰਮਸਤਪੁਰ, ਗਿਆਨੀ ਚਰਨਜੀਤ ਸਿੰਘ, ਗਿਆਨੀ ਸਤਨਾਮ ਸਿੰਘ, ਗਿਆਨੀ ਸੰਦੀਪ ਸਿੰਘ ਅਤੇ ਗਿਆਨੀ ਗੁਰਪ੍ਰੀਤ ਸਿੰਘ ਸ਼ਾਮਲ ਸਨ।

**ਭਾਈ ਹਵਾਰਾ ਨੂੰ ਪੈਰੋਲ ਅਤੇ ਭਾਈ ਰਾਜੋਆਣਾ ਦੀ ਸਜ਼ਾ ਤਬਦੀਲੀ 'ਤੇ ਤੁਰੰਤ ਅਮਲ ਹੋਵੇ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ**

### 'ਹਿੰਦ ਦੀ ਚਾਦਰ' ਦੀ ਸ਼ਹਾਦਤ ਨੂੰ ਸਿਜਦਾ ਕਰਨਾ ਹੈ ਤਾਂ

# ਬੰਦੀ ਸਿੰਘਾਂ ਨੂੰ ਰਿਹਾਅ ਕਰੇ ਸਰਕਾਰ - ਕਰਨੈਲ ਸਿੰਘ ਪੀਰ ਮੁਹੰਮਦ

**☛ ਬੰਦੀ ਸਿੰਘਾਂ ਦੀ ਰਿਹਾਈ ਲਈ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਭੇਜੀ ਜਾਵੇਗੀ ਖੁੱਲ੍ਹੀ ਚਿੱਠੀ। ☛ ਕੇਂਦਰ ਸਰਕਾਰ ਇਤਿਹਾਸਕ ਮੌਕੇ 'ਤੇ ਸਿੱਖ ਭਾਵਨਾਵਾਂ ਅਤੇ ਮਨੁੱਖੀ ਹੱਕਾਂ ਦਾ ਸਤਿਕਾਰ ਕਰਦਿਆਂ ਇੱਕ ਸਾਰਥਕ ਫ਼ੈਸਲਾ ਲਵੇ**



**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)-**ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਮੁੱਖ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਕੇਂਦਰ ਸਰਕਾਰ ਨੂੰ ਜ਼ੋਰਦਾਰ ਅਪੀਲ ਕੀਤੀ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਮਨੁੱਖਤਾਵਾਦੀ ਪਹੁੰਚ ਅਪਣਾਉਂਦਿਆਂ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ (ਬੰਦੀ ਸਿੰਘਾਂ) ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਅੱਜ ਇੱਥੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਪ੍ਰੈੱਸ ਬਿਆਨ ਜਾਰੀ ਕਰਦਿਆ, ਕਿਹਾ ਹੈ ਕਿ "ਜੇਕਰ ਕੇਂਦਰ ਸਰਕਾਰ ਸੱਚੇ ਦਿਲੋਂ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਨਾ ਚਾਹੁੰਦੀ ਹੈ, ਤਾਂ ਉਸ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣਾ ਪਵੇਗਾ। ਗੁਰੂ ਸਾਹਿਬ ਨੇ ਜ਼ੁਲਮ ਦੇ ਖਿਲਾਫ਼ ਅਤੇ ਮਨੁੱਖੀ ਹੱਕਾਂ ਲਈ ਸ਼ਹਾਦਤ ਦਿੱਤੀ ਸੀ। ਅੱਜ ਉਸੇ ਦੇਸ਼ ਵਿੱਚ ਬੰਦੀ ਸਿੰਘ ਦਹਾਕਿਆਂ ਤੋਂ ਨਿਆਂ ਨੂੰ ਉਡੀਕ ਰਹੇ ਹਨ। ਇਸ ਇਤਿਹਾਸਕ ਸ਼ਤਾਬਦੀ 'ਤੇ ਉਨ੍ਹਾਂ ਨੂੰ ਰਿਹਾਅ ਕਰਨ ਤੋਂ ਵੱਡੀ ਸ਼ਰਧਾਂਜਲੀ ਹੋਰ ਕੋਈ ਨਹੀਂ ਹੋ ਸਕਦੀ। ਉਨ੍ਹਾਂ ਦੱਸਿਆ ਕਿ ਇਸ ਸੰਬੰਧ ਵਿੱਚ ਜਲਦੀ ਹੀ ਭਾਰਤ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਇੱਕ ਖੁੱਲ੍ਹੀ ਚਿੱਠੀ ਭੇਜੀ ਜਾ ਰਹੀ ਹੈ। ਇਸ ਚਿੱਠੀ 'ਤੇ ਦੇਸ਼ ਦੇ ਉੱਘੇ ਮਨੁੱਖੀ ਅਧਿਕਾਰ ਕਾਰਕੁਨਾਂ, ਲੇਖਕਾਂ ਅਤੇ ਸੇਵਾ-ਮੁਕਤ ਜੱਜਾਂ ਦੇ ਦਸਤਖ਼ਤ ਵੀ ਲਏ ਜਾਣਗੇ ਤਾਂ ਜੋ ਸਰਕਾਰ ਤੱਕ ਕੌਮ ਦੀ ਸਾਂਝੀ ਆਵਾਜ਼ ਪਹੁੰਚ ਸਕੇ। ਸ੍ਰ. ਪੀਰ ਮੁਹੰਮਦ ਨੇ ਉਮੀਦ ਜਤਾਈ ਕਿ ਸਰਕਾਰ ਸਿੱਖਾਂ ਦੀਆਂ ਭਾਵਨਾਵਾਂ ਅਤੇ ਮਨੁੱਖੀ ਅਧਿਕਾਰਾਂ ਦਾ ਸਨਮਾਨ ਕਰਦਿਆਂ ਇਸ ਇਤਿਹਾਸਕ ਮੌਕੇ 'ਤੇ ਇੱਕ ਸਾਰਥਕ ਫ਼ੈਸਲਾ ਲਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੋਸਲ ਨੂੰ ਮਿਲੀ ਜ਼ਮਾਨਤ, ਬਾਹਰ ਆਉਂਦਿਆਂ ਹੀ ਕਿਹਾ "ਦਿੱਲੀ ਬਣੇਗੀ ਖਾਲਿਸਤਾਨ"

## ਪੰਨੂੰ ਨੇ ਅਜੀਤ ਡੋਵਾਲ ਨੂੰ ਵਿਦੇਸ਼ ਵਿੱਚ ਕਿਸੇ ਵੀ ਹਵਾਲਗੀ ਜਾਂ ਗ੍ਰਿਫ਼ਤਾਰੀ ਦੀ ਕੋਸ਼ਿਸ਼ ਕਰਨ ਦੀ ਚੁਣੌਤੀ ਦਿੱਤੀ



**ਨਵੀਂ ਦਿੱਲੀ, 26 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-**ਸਿੱਖਸ ਫਾਰ ਜਸਟਿਸ ਵਲੋਂ ਕੈਨੇਡਾ ਵਿਚ ਕਰਵਾਏ ਜਾਣ ਵਾਲੇ ਖਾਲਿਸਤਾਨ ਰੈਫਰੈਂਡਮ ਚੋਣਾਂ ਦੇ ਕੋਆਰਡੀਨੇਟਰ ਇੰਦਰਜੀਤ ਸਿੰਘ ਗੋਸਲ, ਵੀਰਵਾਰ ਨੂੰ ਕੈਨੇਡੀਅਨ ਅਧਿਕਾਰੀਆਂ ਨੇ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ। ਗੋਸਲ, ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਪੰਨੂ ਦਾ ਕਰੀਬੀ ਮੰਨਿਆ ਜਾਂਦਾ ਹੈ, ਨੂੰ ਪਿਕਵਿਲ, ਨਿਊਯਾਰਕ ਦੇ 41 ਸਾਲਾ ਜਗਦੀਪ ਸਿੰਘ ਅਤੇ ਟੋਰਾਂਟੋ ਦੇ 23 ਸਾਲਾ ਅਰਮਾਨ ਸਿੰਘ ਦੇ ਨਾਲ ਹਥਿਆਰਾਂ ਦੇ ਦੋਸ਼ਾਂ ਅਧੀਨ ਗ੍ਰਿਫਤਾਰ ਕੀਤਾ ਗਿਆ ਸੀ । ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪਨੂੰ ਨੇ ਕਿਹਾ ਕਿ ਗੋਸਲ ਨੂੰ ਓਨਟਾਰੀਓ ਦੇ ਲਿੰਡਸੇ ਸੁਧਾਰ ਕੇਂਦਰ ਜਿੱਥੇ ਉਸਨੂੰ ਰੱਖਿਆ ਗਿਆ ਸੀ, ਤੋਂ ਰਿਹਾਅ ਕਰ ਦਿੱਤਾ ਗਿਆ ਹੈ, ਅਤੇ ਉਹ 23 ਨਵੰਬਰ ਨੂੰ ਹੋਣ ਵਾਲੇ ਜਨਮਤ ਸੰਗ੍ਰਹਿ ਦੇ ਅਗਲੇ ਪੜਾਅ ਦੀ ਅਗਵਾਈ ਕਰੇਗਾ।ਇੰਦਰਜੀਤ ਸਿੰਘ ਗੋਸਲ ਨੇ ਜ਼ਮਾਨਤ 'ਤੇ ਰਿਹਾਅ ਹੋਣ ਤੋਂ ਬਾਅਦ ਭਾਰਤ ਵਿੱਚ ਖਾਲਿਸਤਾਨ ਜਨਮਤ ਸੰਗ੍ਰਹਿ ਕਰਵਾਉਣ ਦੇ ਆਪਣੇ ਇਰਾਦੇ ਦਾ ਐਲਾਨ ਕੀਤਾ ਹੈ। ਜ਼ਮਾਨਤ ਮਿਲਣ ਉਪਰੰਤ ਰਿਹਾਅ ਹੋਣ ਤੋਂ ਥੋੜ੍ਹੀ ਦੇਰ ਬਾਅਦ, ਗੋਸਲ ਨੇ ਇੱਕ ਵੀਡੀਓ ਜਾਰੀ ਕੀਤਾ ਜਿਸ ਵਿੱਚ ਭਾਰਤ ਦੇ ਉੱਚ ਸੁਰੱਖਿਆ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਸੀ ਕਿ ਨਵੀਂ ਦਿੱਲੀ ਜਲਦੀ ਹੀ ਖਾਲਿਸਤਾਨ ਬਣ ਜਾਵੇਗੀ। ਓਸ ਨੇ ਕਿਹਾ ਕਿ ਭਾਰਤ, ਮੈਂ ਗੁਰਪਤਵੰਤ ਸਿੰਘ ਪੰਨੂ ਦਾ ਸਮਰਥਨ ਕਰਨ ਲਈ, 23 ਨਵੰਬਰ, 2025 ਨੂੰ ਖਾਲਿਸਤਾਨ ਜਨਮਤ ਸੰਗ੍ਰਹਿ ਕਰਵਾਉਣ ਲਈ ਬਾਹਰ ਆ ਗਿਆ ਹਾਂ, "ਦਿੱਲੀ ਬਣੇਗਾ ਖਾਲਿਸਤਾਨ।" ਇਸੇ ਵੀਡੀਓ ਕਲਿੱਪ ਵਿੱਚ, ਗੁਰਪਤਵੰਤ ਸਿੰਘ ਪੰਨੂ ਨੇ ਆਪਣੀ ਟਿੱਪਣੀ ਨੂੰ ਸਿੱਧਾ ਮੋਦੀ ਸਰਕਾਰ ਅਤੇ ਭਾਰਤ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ 'ਤੇ ਨਿਸ਼ਾਨਾ ਬਣਾਂਦੇ ਹੋਏ ਉਸਨੂੰ ਵਿਦੇਸ਼ ਵਿੱਚ ਕਿਸੇ ਵੀ ਹਵਾਲਗੀ ਜਾਂ ਗ੍ਰਿਫਤਾਰੀ ਦੀ ਕੋਸ਼ਿਸ਼ ਕਰਨ ਦੀ ਚੁਣੌਤੀ ਦਿੱਤੀ।ਪੰਨੂ ਨੇ ਐਲਾਨ ਕੀਤਾ ਕਿ ਅਜੀਤ ਡੋਵਾਲ, ਤੁਸੀਂ ਕੈਨੇਡਾ, ਅਮਰੀਕਾ ਜਾਂ ਕਿਸੇ ਵੀ ਯੂਰਪੀ ਦੇਸ਼ ਵਿੱਚ ਕਿਉਂ ਨਹੀਂ ਆਉਂਦੇ ਅਤੇ ਗ੍ਰਿਫ਼ਤਾਰ ਕਰਨ ਜਾਂ ਹਵਾਲਗੀ ਕਰਨ ਦੀ ਕੋਸ਼ਿਸ਼ ਕਿਉਂ ਨਹੀਂ ਕਰਦੇ, ਮੈਂ ਤੁਹਾਡਾ ਇੰਤਜ਼ਾਰ ਕਰ ਰਿਹਾ ਹਾਂ।

# ਨਸ਼ਾ ਸਪਲਾਈ ਰੈਕਟ ਦਾ ਪਰਦਾਫਾਸ਼; 551 ਗ੍ਰਾਮ ਚਿੱਟਾ; 11 ਲੱਖ ਰੁਪਏ ਡਰੱਗ ਮਨੀ; ਪੈਸੇ ਗਿਣਨ ਵਾਲੀ ਮਸ਼ੀਨ ਬ੍ਰਾਮਦ; 03 ਮੁਲਜ਼ਮ ਕਾਬੂ



**ਸੰਗਰੂਰ ( ਰਣਜੀਤ ਸਿੰਘ ਪੇਧਨੀ )-**ਸ਼੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ "ਯੁੱਧ ਨਸਿਆਂ ਵਿਰੁੱਧ" ਤਹਿਤ ਕਾਰਵਾਈ ਕਰਦੇ ਹੋਏ ਨਸ਼ੇ ਸਪਲਾਈ ਦੇ ਰੈਕਟ ਦਾ ਪਰਦਾਫਾਸ਼ ਕਰ ਕੇ 551 ਗ੍ਰਾਮ ਚਿੱਟਾ/ਹੈਰੋਇਨ ਸਮੇਤ 11 ਲੱਖ ਰੁਪਏ ਡਰੱਗ ਮਨੀ ਅਤੇ ਪੈਸਿਆਂ ਦੀ ਗਿਣਤੀ ਵਾਲੀ ਮਸ਼ੀਨ ਬ੍ਰਾਮਦ ਕਰਕੇ 03 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ।

ਸ਼੍ਰੀ ਚਾਹਲ ਨੇ ਦੱਸਿਆ ਕਿ ਸ਼੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਨਿਗਰਾਨੀ ਹੇਠ ਸ਼੍ਰੀ ਦਲਜੀਤ ਸਿੰਘ ਵਿਰਕ, ਉਪ ਕਪਤਾਨ ਪੁਲਿਸ (ਡਿਟੈਕਟਿਵ) ਸੰਗਰੂਰ ਦੀ ਅਗਵਾਈ ਹੇਠ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ ਬਹਾਦਰ ਸਿੰਘ ਵਾਲਾ ਨੂੰ ਉਸ ਸਮੇਂ ਸਫਲਤਾ ਮਿਲੀ ਜਦੋਂ ਥਾਣੇਦਾਰ ਜਗਸੀਰ ਸਿੰਘ ਸਮੇਤ ਪੁਲਿਸ ਪਾਰਟੀ ਨੇ ਸੋਹੀਆਂ ਰੋਡ ਤੋਂ ਯਾਦਵਿੰਦਰ ਸਿੰਘ ਉਰਫ ਸਨੀ ਵਾਸੀ ਗੁੱਜਰਾਂ ਥਾਣਾ ਦਿੜ੍ਹਬਾ ਅਤੇ ਉਸ ਦੇ ਸਾਥੀ ਬਾਰਾ ਸਿੰਘ ਵਾਸੀ ਖਨਾਲ ਕਲਾਂ ਥਾਣਾ ਦਿੜ੍ਹਬਾ ਨੂੰ ਸਮੇਤ ਮੋਟਰਸਾਇਕਲ ਨੰਬਰੀ ਪੀ ਬੀ 13 ਬੀ ਸੀ 2348 ਮਾਰਕਾ ਪਲਟੀਨਾ ਰੰਗ ਕਾਲਾ ਨੂੰ ਕਾਬੂ ਕਰ ਕੇ ਉਨ੍ਹਾਂ ਦੇ ਕਬਜ਼ੇ ਵਿੱਚੋ 51 ਗ੍ਰਾਮ ਚਿੱਟਾ/ਹੈਰੋਇਨ ਬ੍ਰਾਮਦ ਕਰ ਕੇ ਮੁਕੱਦਮਾ ਨੰਬਰ 166 ਮਿਤੀ 30.08.2025 ਅ/ਧ 21,29/61/85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਸੰਗਰੂਰ ਦਰਜ ਕੀਤਾ ਗਿਆ।

ਦੌਰਾਨੇ ਤਫਤੀਸ਼ ਮੁਲਜ਼ਮਾਂ ਦੀ ਪੁੱਛਗਿੱਛ ਦੇ ਅਧਾਰ 'ਤੇ ਮੁਕੱਦਮੇ ਵਿੱਚ ਕਰਮਜੀਤ ਕੌਰ ਵਾਸੀ ਪਿੰਡ ਨਰੂ, ਜ਼ਿਲ੍ਹਾ ਤਰਨਤਾਰਨ ਹਾਲ ਵਾਸੀ ਜੰਡ ਪੀਰ ਕਲੋਨੀ ਕ੍ਰਿਸ਼ਨ ਇਨਕਲੇਵ, ਸ੍ਰੀ ਅੰਮ੍ਰਿਤਸਰ ਸਾਹਿਬ, ਥਾਣਾ ਛੇਹਰਟਾ ਨੂੰ ਮਿਤੀ 31.08.2025 ਨੂੰ ਐਨ.ਡੀ.ਪੀ.ਐਸ ਐਕਟ ਤਹਿਤ ਨਾਮਜ਼ਦ ਕਰਕੇ ਮਿਤੀ 01.09.2025 ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋ 500 ਗ੍ਰਾਮ ਹੈਰੋਇਨ/ਚਿੱਟਾ ਸਮੇਤ 11 ਲੱਖ ਰੁਪਏ ਡਰੱਗ ਮਨੀ ਅਤੇ ਪੈਸਿਆਂ ਦੀ ਗਿਣਤੀ ਵਾਲੀ ਮਸ਼ੀਨ ਬ੍ਰਾਮਦ ਕੀਤੀ ਗਈ। ਮੁਕੱਦਮੇ ਦੀ ਤਫਤੀਸ਼ ਜਾਰੀ ਹੈ, ਮੁਲਜ਼ਮਾਂ ਦਾ ਪੁਲਿਸ ਰਿਮਾਂਡ ਲੈ ਕੇ ਚਿੱਟਾ ਸਪਲਾਈ ਦੇ ਪੂਰੇ ਨੈਟਵਰਕ ਦਾ ਪਤਾ ਲਗਾ ਕੇ ਇਸ ਵਿੱਚ ਸ਼ਾਮਲ ਵਿਅਕਤੀਆਂ ਨੂੰ ਜਲਦ ਗ੍ਰਿਫਤਾਰ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।

ਮੁਲਜ਼ਮ ਯਾਦਵਿੰਦਰ ਸਿੰਘ ਉਰਫ ਸਨੀ ਖ਼ਿਲਾਫ਼ ਮੁਕੱਦਮਾ ਨੰਬਰ 163 ਮਿਤੀ 01.07.2025 ਅ/ਧ 22,29/61/85 ਐਨ.ਡੀ.ਪੀ.ਐਸ ਐਕਟ ਥਾਣਾ ਭਵਾਨੀਗੜ੍ਹ ਅਤੇ ਮੁਲਜ਼ਮ ਬਾਰਾ ਸਿੰਘ ਵਾਸੀ ਖਨਾਲ ਕਲਾਂ ਥਾਣਾ ਦਿੜ੍ਹਬਾ ਅਤੇ ਮੁਕੱਦਮਾ ਨੰਬਰ 30 ਮਿਤੀ 10.04.2024 ਅ/ਧ 22,29/61/85 ਐਨ.ਡੀ.ਪੀ.ਐਸ ਐਕਟ ਥਾਣਾ ਦਿੜ੍ਹਬਾ ਵੀ ਦਰਜ ਹਨ।

### ਜ਼ਿਲ੍ਹੇ ਦੇ ਉਦਯੋਗਪਤੀਆਂ ਨੂੰ ਸਿਰਫ਼

# ਜ਼ਿਲ੍ਹਾ ਸੰਗਰੂਰ ਵਿੱਚੋਂ ਹੀ ਪਰਾਲੀ ਦੀਆਂ ਗੰਢਾਂ ਖਰੀਦਣ ਦੀ ਹਦਾਇਤ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪਰਾਲੀ ਫੂਕੇ ਜਾਣ ਨੂੰ ਰੋਕਣ ਅਤੇ ਟਿਕਾਊ ਖੇਤੀ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨ ਲਈ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ ਅਤੇ ਐੱਸ. ਪੀ.(ਡੀ) ਦਵਿੰਦਰ ਅੱਤਰੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਦਯੋਗਪਤੀਆਂ ਅਤੇ ਬੇਲਰ ਮਾਲਕਾਂ ਨਾਲ ਵਿਸਥਾਰਪੂਰਵਕ ਮੀਟਿੰਗ ਕੀਤੀ।

**ਵਧੀਕ ਡਿਪਟੀ ਕਮਿਸ਼ਨਰ ਅਮਿਤ ਬੈਂਬੀ ਅਤੇ ਐੱਸ.ਪੀ. ਦਵਿੰਦਰ ਅੱਤਰੀ ਵੱਲੋਂ ਉਦਯੋਗਪਤੀਆਂ ਅਤੇ ਬੇਲਰ ਮਾਲਕਾਂ ਨਾਲ ਪਰਾਲੀ ਪ੍ਰਬੰਧਨ ਬਾਬਤ ਮੀਟਿੰਗ**

ਸ਼੍ਰੀ ਬੈਂਬੀ ਨੇ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੇ ਉਦਯੋਗਪਤੀ ਸਿਰਫ਼ ਜ਼ਿਲ੍ਹਾ ਸੰਗਰੂਰ ਵਿੱਚੋਂ ਹੀ ਪਰਾਲੀ ਦੀਆਂ ਗੰਢਾਂ ਖਰੀਦਣ, ਤਾਂ ਜੋ ਇਸ ਪਹਿਲਕਦਮੀ ਦੇ ਲਾਭ ਸਿਰਫ਼ ਜ਼ਿਲ੍ਹੇ ਵਿੱਚ ਹੀ ਰਹਿਣ। ਬੇਲਰ ਮਾਲਕਾਂ ਨੂੰ ਹਦਾਇਤ ਦਿੱਤੀ ਗਈ ਕਿ ਉਹ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਗੰਢਾਂ ਬਣਾਉਣ ਵਿੱਚ ਪਹਿਲ ਦੇਣ। ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਫਸਲ ਵੱਢੇ ਜਾਣ ਤੋਂ 8 ਤੋਂ 10 ਦਿਨਾਂ ਵਿੱਚ ਪਰਾਲੀ ਦੀਆਂ ਗੰਢਾਂ ਹਰ ਹਾਲ ਬਣਾਈਆਂ ਜਾਣ। ਵਧੀਕ ਡਿਪਟੀ ਕਮਿਸ਼ਨਰ ਨੇ ਉਦਯੋਗਪਤੀਆਂ, ਬੇਲਰ ਮਾਲਕਾਂ ਅਤੇ ਕਿਸਾਨਾਂ ਦੇ ਵਿਚਕਾਰ ਸਹੀ ਸਹਿਯੋਗ ਅਤੇ ਤਾਲਮੇਲ 'ਤੇ ਜ਼ੋਰ ਦਿੱਤਾ, ਤਾਂ ਜੋ ਪਰਾਲੀ ਪ੍ਰਬੰਧਨ ਠੀਕ ਢੰਗ ਨਾਲ ਹੋ ਸਕੇ। ਜ਼ਿਲ੍ਹਾ ਪ੍ਰਸ਼ਾਸਨ ਗੰਢਾਂ ਰੱਖਣ ਸਬੰਧੀ ਦਰਪੇਸ਼ ਦਿੱਕਤਾਂ ਦੂਰ ਕਰਨ ਲਈ ਵੀ ਵਚਨਬੱਧ ਹੈ ਤੇ ਇਸ ਸਬੰਧੀ ਪੂਰਨ ਸਹਿਯੋਗ ਦਿੱਤਾ ਜਾਵੇਗਾ। ਸ਼੍ਰੀ ਬੈਂਬੀ ਨੇ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਸੜਨ ਦੇ ਵਾਤਾਵਰਨ ਅਤੇ ਸਿਹਤ ਉੱਤੇ ਪੈਣ ਵਾਲੇ ਮਾੜੇ ਅਸਰਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਟਿਕਾਊ ਵਿਕਲਪ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਦਯੋਗਪਤੀਆਂ ਅਤੇ ਬੇਲਰ ਮਾਲਕਾਂ ਨਾਲ ਲਗਾਤਾਰ ਰਾਬਤਾ ਰੱਖਿਆ ਜਾਵੇਗਾ ਤਾਂ ਜੋ ਪਰਾਲੀ ਦਾ ਸਹੀ ਢੰਗ ਨਾਲ ਪ੍ਰਬੰਧਨ ਹੋ ਸਕੇ ਅਤੇ ਇਸ ਨੂੰ ਸੜਨ ਦੀ ਲੋੜ ਹੀ ਖਤਮ ਹੋ ਜਾਵੇ। ਇਸ ਮੌਕੇ ਐਸ.ਪੀ. ਦਵਿੰਦਰ ਅੱਤਰੀ ਨੇ ਇਸ ਬਾਬਤ ਨਿਗਰਾਨੀ ਅਤੇ ਲੋੜ ਅਨੁਸਾਰ ਕੀਤੀਆਂ ਜਾਣ ਵਾਲੀਆਂ ਕਾਰਵਾਈਆਂ ਬਾਰੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਕਿਹਾ ਕਿ ਪੁਲਿਸ ਪਰਾਲੀ ਫੂਕਣ ਖ਼ਿਲਾਫ਼ ਜ਼ੀਰੋ-ਟਾਲਰੈਂਸ ਨੀਤੀ ਅਪਣਾਏਗੀ ਅਤੇ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨ ਮੁਤਾਬਕ ਤੁਰੰਤ ਅਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਪੁਲਿਸ ਟੀਮਾਂ ਤੀਬਰ ਪੈਟ੍ਰੋਲਿੰਗ ਅਤੇ ਨਿਗਰਾਨੀ ਕਰਨਗੀਆਂ ਤੇ ਕਿਸੇ ਨੂੰ ਵੀ ਪਰਾਲੀ ਨੂੰ ਅੱਗ ਨਹੀਂ ਲਾਉਣ ਦਿੱਤੀ ਜਾਵੇਗੀ। ਪੁਲਿਸ ਵੀ ਕਿਸਾਨਾਂ ਨੂੰ ਇਸ ਬਾਬਤ ਵੱਧ ਤੋਂ ਵੱਧ ਜਾਗਰੂਕ ਕਰਨ ਲਈ ਲਗਾਤਾਰ ਕੰਮ ਕਰੇਗੀ ਅਤੇ ਪਰਾਲੀ ਫੂਕਣ ਦੀ ਪ੍ਰਥਾ ਖਤਮ ਕੀਤੀ ਜਾਵੇਗੀ। ਮੀਟਿੰਗ, ਸਾਰੇ ਹਿੱਸੇਦਾਰਾਂ ਦੀ ਇਸ ਰਾਏ ਨਾਲ ਸਮਾਪਤ ਹੋਈ ਕਿ ਉਹ ਸਾਰੇ ਵਾਤਾਵਰਨ ਪੱਖੀ ਪਰਾਲੀ ਪ੍ਰਬੰਧਨ ਨੂੰ ਲਾਗੂ ਕਰਨ ਵਿੱਚ ਪੂਰਾ ਸਹਯੋਗ ਦੇਣਗੇ। ਸ਼੍ਰੀ ਬੈਂਬੀ ਅਤੇ ਸ਼੍ਰੀ ਅੱਤਰੀ ਨੇ ਕਿਸਾਨਾਂ, ਉਦਯੋਗਪਤੀਆਂ ਅਤੇ ਬੇਲਰ ਮਾਲਕਾਂ ਨੂੰ ਸੰਗਰੂਰ ਜ਼ਿਲ੍ਹੇ ਵਿੱਚ ਵਾਤਾਵਰਨ ਅਤੇ ਜਨਤਕ ਸਿਹਤ ਦੀ ਰੱਖਿਆ ਲਈ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ। ਮੀਟਿੰਗ ਵਿੱਚ ਵੱਖ-ਵੱਖ ਉਦਯੋਗਿਕ ਯੂਨਿਟਾਂ ਦੇ ਨੁਮਾਇੰਦੇ, ਬੇਲਰ ਮਾਲਕ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

### ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਵੱਲੋਂ ਸਿਵਲ ਹਸਪਤਾਲ ਹਠੂਰ ਦੇ

# ਐਸ ਐਮ ਓ ਲੱਗਣ ਤੇ ਡਾਕਟਰ ਅਮਨ ਸ਼ਰਮਾ ਨੂੰ ਆਖਿਆ ਜੀ ਆਇਆਂ



**ਜਗਰਾਉਂ (ਵਰਿਆਮ ਹਠੂਰ)**-ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਕਈ ਸੀਨੀਅਰ ਮੈਡੀਕਲ ਅਫਸਰਾਂ ਦੀਆਂ ਬਦਲੀਆਂ ਕੀਤੀਆਂ ਗਈਆਂ ਹਨ ਜਿਸ ਤਹਿਤ ਹਲਕਾ ਜਗਰਾਉਂ ਵਿੱਚ ਪੁਲਿਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਤੋਂ ਇਤਿਹਾਸਕ ਕਸਬਾ ਹਠੂਰ ਦੇ ਸਿਵਲ ਹਸਪਤਾਲ ਵਿਖੇ ਬਦਲ ਕੇ ਆਏ ਐਸ ਐਮ ਓ ਡਾਕਟਰ ਅਮਨ ਸ਼ਰਮਾ ਨੂੰ ਇੰਟਰਨੈਸ਼ਨਲ ਪੰਥਕ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਸ: ਦਲੀਪ ਸਿੰਘ ਜੀ ਚਕਰ ਅਤੇ ਧਾਰਮਿਕ ਵਿੰਗ ਦੇ ਜਿਲ੍ਹਾ ਪ੍ਰਧਾਨ ਭਾਈ ਕੁਲਦੀਪ ਸਿੰਘ ਡੱਲਾ ਨੇ ਵਿਸ਼ੇਸ਼ ਤੌਰ ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆਂ ਆਖਦਿਆਂ ਨਿੱਘਾ ਸਵਾਗਤ ਕੀਤਾ ਇਸ ਮੌਕੇ ਤੇ ਜਥੇਦਾਰ ਦਲੀਪ ਸਿੰਘ ਚਕਰ ਨੇ ਕਿਹਾ ਕਿ ਡਾਕਟਰ ਅਮਨ ਸ਼ਰਮਾ ਦੇ ਪਿਤਾ ਡਾਕਟਰ ਅਸ਼ੋਕ ਸ਼ਰਮਾ ਜੀ ਵੀ ਸ਼ਰਮਾ ਹਸਪਤਾਲ ਦੇ ਨਾਮ ਤੇ ਲੋਕਾਂ ਨੂੰ ਜੀਵਨ ਦਾਨ ਦੇ ਰਹੇ ਹਨ ਇੱਕ ਵਧੀਆ ਡਾਕਟਰ ਨੂੰ ਰੱਬ ਦਾ ਦੂਜਾ ਨਾਮ ਦਿੱਤਾ ਜਾਂਦਾ ਹੈ ਡਾਕਟਰ ਅਮਨ ਸ਼ਰਮਾ ਨੇ ਜਿੱਥੇ ਵੱਖ ਵੱਖ ਜਗ੍ਹਾ ਤੇ ਆਪਣੀਆਂ ਸੇਵਾਵਾਂ ਨਿਭਾਈਆਂ ਹਨ ਉਥੇ ਸਾਡੇ ਨੇੜਲੇ ਪਿੰਡ ਮਾਣੂੰਕੇ ਵਿੱਖੇ ਵੀ ਲੰਮਾਂ ਸਮਾਂ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ ਹੈ ਅਤੇ ਇਹਨਾਂ ਦੀ ਧਰਮ ਪਤਨੀ ਨੇ ਵੀ ਬਤੌਰ ਇੱਕ ਵਧੀਆ ਡਾਕਟਰ ਸਾਡੇ ਪਿੰਡ ਚਕਰ ਸੇਵਾਵਾਂ ਨਿਭਾਈਆਂ ਹਨ ਇਹਨਾਂ ਦਾ ਪੂਰਾ ਪਰਿਵਾਰ ਹੀ ਇਸ ਪਵਿੱਤਰ ਕਿੱਤੇ ਵਿੱਚ ਲੋਕਾਂ ਦੀ ਸੇਵਾ ਕਰ ਰਿਹਾ ਹੈ ਹੁਣ ਡਾਕਟਰ ਅਮਨ ਸ਼ਰਮਾ ਬਤੌਰ ਐਸ ਐਮ ਓ ਹਠੂਰ ਲੱਗਣ ਤੇ ਸਾਨੂੰ ਬਹੁਤ ਖੁਸ਼ੀ ਹੋਈ ਕਿ ਇੱਕ ਵਧੀਆ ਡਾਕਟਰ ਸਾਡੇ ਇਲਾਕੇ ਨੂੰ ਮਿਲਿਆਂ ਹੈ ਕਿਉਂਕਿ ਇਸ ਪਰਿਵਾਰ ਨੂੰ ਅਸੀਂ ਬਹੁਤ ਲੰਮੇ ਸਮੇਂ ਤੋਂ ਜਾਣਦੇ ਹਾਂ ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਧਾਰਮਿਕ ਵਿੰਗ ਦੇ ਜਿਲ੍ਹਾ ਪ੍ਰਧਾਨ ਭਾਈ ਕੁਲਦੀਪ ਸਿੰਘ ਡੱਲਾ ਨੇ ਕਿਹਾ ਕਿ ਡਾਕਟਰ ਅਮਨ ਸ਼ਰਮਾ ਜੀ ਬਹੁਤ ਹੀ ਨਿੱਘੇ ਸੁਭਾਅ ਦੇ ਮਾਲਕ. ਇਮਾਨਦਾਰ ਅਤੇ ਇੱਕ ਕਾਬਲ ਡਾਕਟਰ ਹਨ। ਇਹਨਾਂ ਨੂੰ ਸਿਵਲ ਹਸਪਤਾਲ ਹਠੂਰ ਵਿਖੇ ਬਤੌਰ ਐਸ ਐਮ ਓ ਲੱਗਣ ਤੇ ਡਾਕਟਰ ਸਾਹਿਬ ਦਾ ਸਵਾਗਤ ਕੀਤਾ ਗਿਆ ਹੈ ਇਸ ਸਮੇਂ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਨੇ ਫੋਨ ਕਾਲ ਕਰਕੇ ਡਾਕਟਰ ਅਮਨ ਸ਼ਰਮਾ ਨੂੰ ਵਧਾਈ ਦਿੱਤੀ। ਸਵਾਗਤ ਕਰਨ ਸਮੇਂ ਰਵਿੰਦਰ ਸਿੰਘ ਕਾਕਾ ਚਕਰ ਅਤੇ ਸੁਖਵਿੰਦਰ ਸਿੰਘ ਕਿੰਗਰਾ ਵੀ ਮਜੂਦ ਸਨ।

## ਦਿੱਲੀ ਕਮੇਟੀ ਦੇ ਸਕੂਲ ਵਿਚ ਪੜ੍ਹਾਈ ਜਾ ਰਹੀ ਕਿਤਾਬ ਅਦਵੈ 'ਚ ਗੁਰੂ ਗੋਬਿੰਦ ਸਿੰਘ ਜੀ ਨੂੰ ਪਾਂਡੂਆਂ ਦਾ ਵੰਸ਼ਜ ਅਤੇ ਬੰਦਾ ਸਿੰਘ ਬਹਾਦਰ ਨੂੰ ਤੰਤਰਿਕ ਦੱਸਣ ਉਤੇ ਮਚਿਆ ਬਵਾਲ

# ਲਾਪਤਾ ਲੇਖਕਾਂ ਵਲੋਂ ਲਿਖੀ ਕਿਤਾਬ ਨੂੰ ਤੁਰੰਤ ਵਾਪਿਸ ਲਏ ਜਾਣ ਦੀ ਮੰਗ



ਨਵੀਂ ਦਿੱਲੀ, 26 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੇ ਪ੍ਰਬੰਧ ਅਧੀਨ ਚਲਦੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀ ਪੰਜਵੀਂ ਜਮਾਤ ਦੀ ਪੰਜਾਬੀ ਵਿਸੇ. ਦੀ ਕਿਤਾਬ "ਅਦਵੈ" ਦੇ ਕੰਟੈਂਟ ਅਤੇ ਨਾਮ ਨੂੰ ਲੈਕੇ ਵਿਵਾਦ ਭਖ ਗਿਆ ਹੈ। ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਉਕਤ ਪੰਜਾਬੀ ਦੀ ਕਿਤਾਬ ਦੇ ਸੰਸਕ੍ਰਿਤ ਨਾਮ ਅਤੇ ਸਿੱਖ ਵਿਰੋਧੀ ਕੰਟੈਂਟ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ, ਦਿੱਲੀ ਇਕਾਈ ਦੇ ਦਫ਼ਤਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਜੀਕੇ ਨੇ ਦਾਅਵਾ ਕੀਤਾ ਕਿ ਇਸ ਕਿਤਾਬ ਰਾਹੀਂ ਦਿੱਲੀ ਕਮੇਟੀ ਸਿੱਖਾਂ ਨੂੰ ਸਨਾਤਨੀ ਸਾਬਤ ਕਰਨਾ ਚਾਹੁੰਦੀ ਹੈ। ਕਿਉਂਕਿ ਇਸ ਕਿਤਾਬ 'ਚ "ਸ੍ਰੀ ਹੇਮਕੁੰਟ ਸਾਹਿਬ ਜੀ ਦੀ ਯਾਤਰਾ" ਦੇ ਸਿਰਲੇਖ ਹੇਠ ਛਪੇ ਇੱਕ ਲੇਖ ਵਿਚ ਗੁਰੂ ਗੋਬਿੰਦ ਸਿੰਘ ਜੀ ਨੂੰ ਮਹਾਂਕਾਲ ਦਾ ਪੂਜਾਰੀ ਦਸਿਆ ਗਿਆ ਹੈ। ਇਸ ਦੇ ਨਾਲ ਹੀ ਇਸੇ ਲੇਖ 'ਚ ਗੁਰੂ ਗੋਬਿੰਦ ਸਿੰਘ ਜੀ ਨੂੰ ਪਾਂਡੂਆਂ ਦਾ ਵੰਸ਼ਜ ਦੱਸਣ ਦੀ ਗੁਸਤਾਖੀ ਕੀਤੀ ਗਈ ਹੈ। ਕਿਤਾਬ ਅਨੁਸਾਰ, "ਜਦੋਂ ਪਾਂਡੂ ਹੇਮਕੁੰਟ ਪਰਬਤ 'ਤੇ ਡੂੰਘੀ ਸਮਾਧੀ ਵਿੱਚ ਸਨ ਤਾਂ ਪਰਮਾਤਮਾ ਨੇ ਉਨ੍ਹਾਂ ਨੂੰ ਇੱਥੇ ਸਿੱਖ ਗੁਰੂ ਗੋਬਿੰਦ ਸਿੰਘ ਦੇ ਰੂਪ ਵਿੱਚ ਜਨਮ ਲੈਣ ਦਾ ਹੁਕਮ ਦਿੱਤਾ ਸੀ।" ਜੀਕੇ ਨੇ ਅੱਗੇ ਦੱਸਿਆ ਕਿ ਇਸੇ ਕਿਤਾਬ 'ਚ ਬਾਬਾ ਬੰਦਾ ਸਿੰਘ ਬਹਾਦਰ ਬਾਰੇ ਛਪੇ ਇੱਕ ਲੇਖ 'ਚ ਉਨ੍ਹਾਂ ਨੂੰ ਤਾਂਤ੍ਰਿਕ ਦਸਿਆ ਗਿਆ ਹੈ। ਜੋਂ ਕਿ ਲੇਖਕ ਅਨੁਸਾਰ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਨਾਲ ਹੋਈ ਵਧੀਕੀਆਂ ਦਾ ਬਦਲੇ ਲੈਂਦੇ ਹਨ। ਜੀਕੇ ਨੇ ਕਿਤਾਬ 'ਚ ਪ੍ਰਕਾਸ਼ਕ ਦਾ ਆਈ.ਐਸ. ਬੀ.ਐੱਨ. ਨੰਬਰ ਨਹੀਂ ਹੋਣ ਦਾ ਹਵਾਲਾ ਦਿੰਦੇ ਹੋਏ ਪ੍ਰਕਾਸ਼ਕ ਵੱਲੋਂ ਛਾਪੇ ਗਏ ਡਿਸਕਲੇਮਰ ਉਤੇ ਵੀ ਹੈਰਾਨੀ ਪ੍ਰਗਟਾਈ। ਜੀਕੇ ਨੇ ਕਿਹਾ ਕਿ ਇਸ ਕਿਤਾਬ ਦੇ ਡਿਸਕਲੇਮਰ ਦੀ ਜਾਣਕਾਰੀ ਉਤੇ ਜੇਕਰ ਭਰੋਸੇ ਕਰੀਏ ਤਾਂ ਇਸ ਕਿਤਾਬ ਦੇ ਸਾਰੇ ਲੇਖਕ ਲਾਪਤਾ ਹਨ ਅਤੇ ਇਸ ਕਿਤਾਬ ਦੇ ਕੰਟੈਂਟ ਨੂੰ ਲੈਕੇ ਕਿਸੇ ਕੋਰਟ 'ਚ ਪ੍ਰਕਾਸ਼ਕ ਅਤੇ ਲੇਖਕ ਉਤੇ ਮੁਕਦਮਾ ਵੀ ਨਹੀਂ ਕੀਤਾ ਜਾ ਸਕਦਾ ਹੈ। ਜੀਕੇ ਨੇ ਦਿੱਲੀ ਕਮੇਟੀ ਪ੍ਰਬੰਧਕਾਂ ਨੂੰ ਸਵਾਲ ਪੁਛਿਆ ਕਿ ਇਸ ਕਿਤਾਬ ਨੂੰ ਧਰਮ ਪ੍ਰਚਾਰ ਕਮੇਟੀ ਜਾਂ ਪੰਜਾਬੀ ਵਿਕਾਸ ਕਮੇਟੀ ਵਿਚੋਂ ਕਿਸ ਨੇ ਮਨਜ਼ੂਰੀ ਦਿੱਤੀ ਹੈ? ਜਦੋਂਕਿ ਇਹ ਕਿਤਾਬ ਨਾ ਸਿਰਫ਼ ਐਤਰਾਜ ਯੋਗ ਹੈ, ਸਗੋਂ ਇਹ ਕਿਤਾਬ ਗੁਰੂ ਗੋਬਿੰਦ ਸਿੰਘ ਨੂੰ ਸਨਾਤਨੀ ਅਤੇ ਪਾਂਡੂਆਂ ਦਾ ਵੰਸ਼ਜ ਦੱਸਣ ਦੀ ਗਲਤੀ ਕਰ ਰਹੀ ਹੈ। ਉਸਦੇ ਨਾਲ ਹੀ ਸਮਰਥ ਪਾਤਸ਼ਾਹ, ਗੁਰੂ ਗੋਬਿੰਦ ਸਿੰਘ ਜੀ ਦੇ ਵਧੀਕੀਆਂ ਦਾ ਸ਼ਿਕਾਰ ਹੋਣ ਦੀ ਲਾਚਾਰੀ ਬਿਆਨ ਕਰ ਰਹੀ ਹੈ। ਜਦੋਂਕਿ ਦਸਮ ਗ੍ਰੰਥ ਦੀ ਬਾਣੀ ਗੁਰੂ ਗੋਬਿੰਦ ਸਿੰਘ ਜੀ ਨੂੰ ਅਕਾਲ ਦਾ ਪੂਜਾਰੀ ਦੱਸਦੀ ਹੈ। ਜੀਕੇ ਨੇ ਸਾਫ ਕਿਹਾ ਕਿ ਆਪਣੇ ਕੋਟੇ, ਪਰਮਿਟ ਤੇ ਲਾਈਸੈਂਸ ਲੈਣ ਲਈ ਦਿੱਲੀ ਕਮੇਟੀ ਪ੍ਰਬੰਧਕਾਂ ਨੇ ਸਿੱਖ ਵਿਚਾਰਧਾਰਾ ਨੂੰ ਸਰੈਂਡਰ ਕਰ ਦਿੱਤਾ ਹੈ। ਸਾਡੇ ਕੋਲ ਇਹ ਵੀ ਤੱਥ ਹਨ ਕਿ ਇਸ ਕਿਤਾਬ ਦਾ ਪ੍ਰਕਾਸ਼ਕ ਡੀ.ਏ.ਵੀ. ਸਕੂਲਾਂ ਦਾ ਸਿਲੇਬਸ ਤੈਅ ਕਰਨ ਵਾਲੀ ਸੰਸਥਾ "ਡੀ.ਏ.ਵੀ. ਸੈਂਟਰ ਫਾਰ ਅਕਾਦਮਿਕ ਐਕਸੀਲੈਂਸ" ਦਾ ਵੀ ਅਧਿਕਾਰਤ ਪ੍ਰਕਾਸ਼ਕ ਹੈ। ਇਸ ਕਰਕੇ ਇਹ ਵੀ ਹੋ ਸਕਦਾ ਹੈ ਕਿ ਇਹ ਕਿਤਾਬ ਡੀ.ਏ.ਵੀ. ਸਕੂਲਾਂ ਦੇ ਸਿਲੇਬਸ ਵਾਲੀ ਕਿਤਾਬ ਦਾ ਨਵਾਂ ਸੰਸਕਰਨ ਹੋਵੇਂ। ਜੀਕੇ ਨੇ ਕਿਹਾ ਕਿ ਸਾਡਾ ਗ੍ਰੰਥ, ਸਾਡੀ ਪਛਾਣ, ਸਾਡਾ ਨਿਸ਼ਾਨ ਸਾਨੂੰ ਵੱਖਰੀ ਕੌਮ ਵਜੋਂ ਅੱਡਰੀ ਪਛਾਣ ਦਿੰਦੇ ਹਨ। ਪਰ ਇਹ ਕਿਤਾਬ ਸਾਨੂੰ ਸਨਾਤਨੀ ਸਾਬਤ ਕਰਨ ਉਤੇ ਉਤਾਰੂ ਲੱਗਦੀ ਹੈ।

## ਪਿੰਡ ਭੋਜੋਵਾਲੀ ਵਿਖੇ ਝੋਨੇ ਦੀ ਰਹਿੰਦ-ਖੂਹੰਦ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ





**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਖੇਤੀਬਾੜੀ ਅਫਸਰ ਸੰਗਰੂਰ ਡਾਕਟਰ ਧਰਮਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਖੇਤੀਬਾੜੀ ਅਫਸਰ ਧੂਰੀ ਡਾ.ਅਮਨਦੀਪ ਕੌਰ ਦੀ ਰਹਿਨੁਮਾਈ ਹੇਠ ਪਿੰਡ ਭੋਜੋਵਾਲੀ ਬਲਾਕ ਧੂਰੀ ਵਿਖੇ ਝੋਨੇ ਦੀ ਰਹਿੰਦ-ਖੂਹੰਦ ਦੀ ਸਾਂਭ ਸੰਭਾਲ ਸਬੰਧੀ ਪਿੰਡ ਪੱਧਰੀ ਕੈਂਪ ਦਾ ਆਯੋਜਨ ਕੀਤਾ ਗਿਆ । ਕਿਸਾਨਾਂ ਨੂੰ ਝੋਨੇ ਦੀ ਰਹਿੰਦ-ਖੂਹੰਦ ਨੂੰ ਅੱਗ ਨਾ ਲਗਾ ਕੇ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਕਣਕ ਦੀ ਬਜਾਈ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਟੈਸਟ ਕਰਵਾਉਣ ਉਪਰੰਤ ਲੋੜੀਦੀਆਂ ਖਾਦਾਂ ਦੀ ਵਰਤੋਂ ਸਬੰਧੀ ਪ੍ਰੇਰਿਤ ਕੀਤਾ ਗਿਆ । ਇਸ ਮੌਕੇ ਡਾਕਟਰ ਸਾਮਨਦੀਪ ਸਿੰਘ, ਮੈਡਮ ਮਨਪ੍ਰੀਤ ਕੌਰ ਏਐਸਆਈ, ਨਰੇਸ਼ ਕੁਮਾਰ ਏਐਸਆਈ, ਜਗਰਾਜ ਸਿੰਘ, ਜਗਤਾਰ ਸਿੰਘ ਬੇਲਦਾਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੇਕਰ ਭਰੋਸਾ ਆਪਣੇ ਉੱਤੇ ਰੱਖਿਆ ਜਾਵੇ ਤਾਂ ਉਹ ਸਾਡੀ ਤਾਕਤ ਬਣ ਜਾਂਦਾ ਹੈ ਤੇ ਜੇਕਰ ਦੂਜਿਆਂ 'ਤੇ ਰੱਖਿਆ ਜਾਵੇ ਤਾਂ ਉਹ ਸਾਡੀ ਕਮਜੋਰੀ ਬਣ ਜਾਂਦਾ ਹੈ

# ਕੰਧ 'ਤੇ ਉੱਕਰੇ ਬੋਲ



ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)

ਜੇਕਰ ਭਰੋਸਾ ਆਪਣੇ ਉੱਤੇ ਰੱਖਿਆ ਜਾਵੇ ਤਾਂ ਉਹ ਸਾਡੀ ਤਾਕਤ ਬਣ ਜਾਂਦਾ ਹੈ ਤੇ ਜੇਕਰ ਦੂਜਿਆਂ 'ਤੇ ਰੱਖਿਆ ਜਾਵੇ ਤਾਂ ਉਹ ਸਾਡੀ ਕਮਜੋਰੀ ਬਣ ਜਾਂਦਾ ਹੈ । ਦੂਜੀ ਗੱਲ ਇਹ ਵੀ ਹੈ ਕਿ ਇਹ ਵੀ ਜਰੂਰੀ ਨਹੀਂ ਕਿ ਦੂਸਰਿਆਂ ਉੱਤੇ ਰੱਖਿਆ ਭਰੋਸਾ ਕਦੇ ਵੀ ਧੋਖਾ ਨਾ ਬਣੇ, ਉਹ ਭਰੋਸਾ ਕਦੇ ਵੀ ਬਿਨਾ ਕਿਸੇ ਨੋਟਿਸ ਦੇ ਧੋਖੇ ਵਿੱਚ ਬਦਲ ਸਕਦਾ ਹੈ । ਇਸ ਜ਼ਮਾਨੇ ਚ ਅਸੀਂ ਕਦੋਂ ਤੇ ਕਿਹੜੇ ਮੌਕਿਆਂ ਉੱਤੇ ਸਹੀ ਸੀ, ਇਸ ਨੂੰ ਕੋਈ ਯਾਦ ਨਹੀਂ ਰੱਖਦਾ ਬਲਕਿ ਅਸੀਂ ਗਲਤ ਕਿੱਥੇ ਸੀ, ਉਸ ਦੇ ਖੰਬਾਂ ਦੀਆਂ ਡਾਰਾਂ, ਅਧੂਰੀ ਜਾਣਕਾਰੀ ਹੋਣ ਦੇ ਬਾਵਜੂਦ ਵੀ, ਸਾਰੇ ਬਣਾਉਣਗੇ । ਬੰਦੇ ਦੀ ਫਿਤਰਤ ਹੈ ਕਿ ਆਪਣੀਆਂ ਗਲਤੀਆਂ ਨੂੰ ਦੂਸਰਿਆਂ ਤੋਂ ਲੁਕਾਉਂਦਾ ਹੈ ਤੇ ਦੂਸਰਿਆਂ ਦੀਆਂ ਗਲਤੀਆਂ ਨੂੰ ਉਛਾਲ ਕੇ, ਉਹਨਾਂ ਨੂੰ ਜਿਚ ਕਰਕੇ ਖਿੱਲੀ ਉਡਾਉਂਦਾ ਤੇ ਮਜਾ ਲੈਂਦਾ ਹੈ, ਅਜਿਹਾ ਕਰਦਿਆਂ ਉਹ ਇਹ ਕਦੇ ਵੀ ਨਹੀਂ ਸੋਚਦਾ ਕਿ ਮਨੁੱਖ ਗਲਤੀਆਂ ਦਾ ਪੁੱਤਲਾ ਹੈ, ਜਾਣੇ ਅਣਜਾਣੇ ਗਲਤੀਆਂ ਹਰ ਵਿਅਕਤੀ ਕੋਲੋਂ ਹੋ ਜਾਂਦੀਆਂ ਹਨ, ਇਸ ਜਗਤ ਪਸਾਰੇ ਵਿਚ ਦੁੱਧ ਧੋਤਾ ਕੋਈ ਵੀ ਨਹੀਂ, ਹਮਾਮ ਵਿਚ ਸਭ ਨੰਗੇ ਹਨ, ਪਰ ਫਿਰ ਵੀ ਆਪਣੇ ਆਪ ਨੂੰ ਝੂਠੀ ਮੂਠੀ ਸੱਚਾ ਸੁੱਚਾ ਸਮਝਣ ਦੀ ਬਿਰਤੀ ਬਹੁਤੇ ਲੋਕਾਂ ਉੱਤੇ ਹਮੇਸ਼ਾ ਹੀ ਭਾਰੂ ਰਹਿੰਦੀ ਹੈ, ਬੇਸ਼ੱਕ ਅੰਦਰੋਂ ਉਹਨਾਂ ਨੂੰ ਹਮੇਸ਼ਾ ਹੀ ਇਹ ਡਰ ਵੱਢ ਵੱਢ ਖਾਂਦਾ ਰਹਿੰਦਾ ਹੈ ਕਿ ਕਿਧਰੇ ਸਾਡੇ ਝੂਠ ਤੇ ਸਾਡੀ ਅਸਲੀਅਤ ਦਾ ਪਰਦਾ ਫਾਸ਼ ਹੀ ਨਾ ਹੋ ਜਾਵੇ ।

ਦੁਨੀਆਂ ਵਿਚ ਏਹੋ ਜਿਹਾ ਕੋਈ ਵੀ ਬੰਦਾ ਨਹੀਂ ਜਿਸ ਦੀ ਜਿੰਦਗੀ ਵਿੱਚ ਸਮੱਸਿਆਵਾਂ ਨਾ ਹੋਣ, ਪਰ ਦੂਸਰੇ ਪਾਸੇ ਇਹ ਗੱਲ ਵੀ ਸਹੀ ਹੈ ਕਿ ਦੁਨੀਆਂ ਵਿਚ ਕੋਈ ਸਮੱਸਿਆ ਵੀ ਅਜਿਹੀ ਨਹੀਂ ਹੈ, ਜਿਸ ਦਾ ਕੋਈ ਹੱਲ ਨਾ ਹੋਵੇ ।

ਮੰਜਿਲ ਜਿੰਨੀ ਮਰਜੀ ਲੰਮੀ ਹੋਵੇ, ਉਸ ਦੇ ਰਾਹ ਹਮੇਸ਼ਾ ਪੈਰਾਂ ਹੇਠਾਂ ਦੀ ਹੀ ਲੰਘਦੇ ਹਨ, ਇਸ ਕਰਕੇ ਪੈਰਾਂ ਦੀ ਸਫਾਈ ਤੇ ਤੰਦਰੁਸਤੀ ਦਾ ਸਰੀਰ ਦੇ ਬਾਕੀ ਅੰਗਾਂ ਵਾਂਗ ਹੀ ਧਿਆਨ ਰੱਖਿਆ ਕਰੋ ਤੇ ਇਹ ਗੱਲ ਲੜ ਬੰਨ੍ਹ ਲਓ ਕਿ ਜਵਾਨੀ ਮੂੰਹ ਤੋਂ ਸ਼ੁਰੂ ਹੁੰਦੀ ਹੈ ਤੇ ਬੁਢਾਪਾ ਪੈਰਾਂ ਤੋਂ । ਜੇਕਰ ਬੁਢਾਪੇ ਵਿਚ ਦੂਸਰਿਆਂ ਦੇ ਮੁਹਤਾਜ ਹੋਣ ਤੋਂ ਬਚਣਾ ਹੈ ਤੇ ਆਪਣੀ ਜਿੰਦਗੀ ਆਪਣੇ ਪੈਰਾਂ ਉੱਤੇ ਬਤੀਤ ਕਰਨੀ ਹੈ ਤਾਂ ਫਿਰ ਪੈਰਾਂ ਦੀ ਸਿਹਤ ਸੰਭਾਲ ਤੋਂ ਲਾਪ੍ਰਵਾਹੀ ਦੀ ਬਜਰ ਗਲਤੀ ਭੁੱਲਕੇ ਵੀ ਨਾ ਕਰੋ । ਇਸ ਜਮਾਨੇ ਵਿਚ ਹਰ ਕੋਈ ਆਪਣੇ ਆਪ ਦਾ ਜਿੰਮੇਵਾਰ ਹੈ, ਬਿਮਾਰੀ ਵੇਲੇ ਓਲਾਦ ਤੇ ਸਕੇ ਸੁਹੇਲੇ ਵੀ ਕਿਸੇ ਦੀ ਜਿੰਮੇਵਾਰੀ ਨਹੀਂ ਲੈਂਦੇ । ਇਸ ਕਰਕੇ ਆਪਣਾ ਖਿਆਲ ਰੱਖੋ, ਆਪਣੀ ਕਾਇਆ ਨੂੰ ਲਗਾਤਾਰ ਸੋਧਦੇ ਰਹੋ । ਸਾਡੇ ਵਲੋਂ ਅਜਿਹਾ ਕਰਨ ਦਾ ਮਿੱਠਾ ਫਲ ਸਾਨੂੰ ਹੀ ਮਿਲੇਗਾ, ਕਿਸੇ ਹੋਰ ਨੂੰ ਨਹੀਂ ।

ਕੋਈ ਕਸਰ ਨਹੀਂ ਛੱਡੀ, ਆਪ ਔਖਾ ਹੋ ਕੇ ਵੀ ਸਭ ਨਾਲ ਨਿਭਾਉਂਦਾ ਰਿਹਾ, ਆਪਣਾ ਵਿਗਾੜ ਕੇ ਵੀ ਦੂਸਰਿਆਂ ਦਾ ਬਣਾਉਂਦਾ ਰਿਹਾ, ਹਰ ਰਿਸ਼ਤੇ ਦੇ ਕੰਮ ਆਇਆ ਤੇ ਹਰ ਰਿਸ਼ਤੇ ਨੇ ਤੈਨੂੰ ਪੂਰੀ ਤਰਾਂ ਵਰਤਿਆ ਵੀ, ਜਦ ਆਪਣੇ ਬਾਰੇ ਸੋਚਣ ਲੱਗਾ, ਤਾਂ ਉਹ ਸਭ, ਜਿਹਨਾਂ ਵਾਸਤੇ ਹੱਦੋ ਪਰੇ ਜਾ ਕੇ ਕੰਮ ਕੀਤਾ, ਇਕ ਝਟਕੇ ਨਾਲ ਦੂਰ ਹੋ ਗਏ । ਇਸ ਤਰਾਂ ਹੋਣ ਨਾਲ ਇਹ ਪਤਾ ਲੱਗਾ ਕਿ ਜਿੰਦਗੀ ਵਿਚ ਆਪਣੇ ਹਿਤ ਪਹਿਲਾਂ, ਦੂਸਰਿਆਂ ਦੇ ਬਾਅਦ ਵਿਚ ਰੱਖੋ । ਪਹਿਲਾਂ ਆਪ ਢਿੱਡ ਭਰਕੇ ਖਾਓ, ਫਿਰ ਦੂਸਰਿਆਂ ਬਾਰੇ ਸੋਚੋ । ਆਪਣਾ ਖਿਆਲ ਰੱਖੋ, ਆਪਣੇ ਆਪ ਨਾਲ ਪਿਆਰ ਕਰੋ, ਦੂਸਰਿਆਂ ਕਰਕੇ ਆਪਣੇ ਹਿੱਤਾਂ ਨਾਲ ਕਦੇ ਵੀ ਸਮਝੌਤਾ ਨਾ ਕਰੋ ਕਿਉਂਕਿ ਦੂਸਰੇ ਕਦੇ ਵੀ ਆਪਣੇ ਹਿੱਤ ਤਿਆਗ ਕੇ ਤੁਹਾਡਾ ਭਲਾ ਕਰਨ ਵਾਲੇ ਨਹੀਂ । ਇਹ ਦੁਨੀਆਂ ਮਤਲਬ ਪੂਰਤੀ ਦੀਆਂ ਜੰਜੀਰਾਂ ਦਾ ਸੰਗਲੀਬੰਧ ਪਰਬੰਧ ਹੈ, "ਗੌਂ ਭੁਨਾਵੇ ਜੌਂਅ" ਦੇ ਫਲਸਫੇ ਨੂੰ ਮੰਨਦੀ ਹੈ ਤੇ ਉਸੇ 'ਤੇ ਚਲਦੀ ਹੈ ।

ਜਿੰਦਗੀ ਵਿਚ ਅਸੀਂ ਆਮ ਹੀ ਦੇਖਦੇ ਹਾਂ ਕਿ ਕੁੱਝ ਲੋਕ ਸਾਨੂੰ ਮਿਲਦੇ ਹਨ ਤੇ ਕੁੱਝ ਸਾਡੇ ਨਾਲ ਬਿਨਾ ਕਿਸੇ ਨੋਟਿਸ ਜਾਂ ਕਾਰਨ ਦੱਸਿਆਂ ਮਿਲਣਾ ਗਿਲਣਾ ਬੰਦ ਕਰ ਜਾਂਦੇ ਹਨ । ਜੋ ਸਾਡੇ ਨਾਲ ਮਿਲਣਾ ਗਿਲਣਾ ਬੰਦ ਕਰ ਜਾਂਦੇ ਹਨ, ਉਹਨਾਂ ਵਿਚੋਂ ਬਹੁਤੇ ਅਜਿਹਾ ਇਸ ਲਈ ਕਰਦੇ ਹਨ ਕਿ ਸਾਡਾ ਕੱਦ/ਰੁਤਬਾ ਉਹਨਾਂ ਨਾਲੋ ਬਹੁਤ ਵੱਡਾ ਹੁੰਦਾ ਹੈ, ਜੋ ਅਕਸਰ ਹੀ ਉਹਨਾਂ ਵਾਸਤੇ ਹੀਣਤਾ ਤੇ ਈਰਖਾ ਦਾ ਸਬੰਬ ਬਣ ਜਾਂਦਾ ਹੈ ਜੋ ਉਹਨਾਂ ਦੀ ਬਰਦਾਸ਼ਤ ਤੋਂ ਬਾਹਰ ਹੁੰਦਾ ਹੈ । ਇਸ ਦੇ ਨਾਲ ਹੀ ਸਮਝਣ ਵਾਲੀ ਗੱਲ ਇਹ ਵੀ ਹੈ ਕਿ ਜੇਕਰ ਆਪ ਕਿਸੇ ਵਾਸਤੇ ਬੁਰੇ ਹੋ ਤਾਂ ਉਸ ਅੱਗੇ ਚੰਗੇ ਬਣਨ ਦੀ ਬੇਕਾਰ ਕੋਸ਼ਿਸ਼ ਕਦੇ ਵੀ ਨਾ ਕਰੋ ਕਿਉਂਕਿ ਜਿੰਨਾ ਜਿਆਦਾ ਤੁਸੀਂ ਆਪਣੇ ਆਪ ਨੂੰ ਚੰਗਾ ਸਾਬਤ ਕਰਨ ਦੀ ਕੋਸ਼ਿਸ਼ ਕਰੋਗੇ, ਤੁਹਾਨੂੰ ਬੁਰਾ ਸਮਝਣ ਵਾਲੇ ਸ਼ੱਕ ਪੱਕਾ ਹੋ ਕੇ ਯਕੀਨ ਵਿਚ ਬਦਲ ਜਾਵੇਗਾ ।

ਨੇਕੀ ਕਰ ਤੇ ਦਰਿਆ 'ਚ ਸੁੱਟ , ਇਹ ਸਤਿਯੁੱਗ ਦੀਆਂ ਗੱਲਾਂ ਨੇ, 21ਵੀਂ ਸਦੀ ਇਸ ਤੋਂ ਬਹੁਤ ਦੂਰ ਚਲੇ ਗਈ ਏ, ਹੁਣ ਨੇਕੀ ਕਰਨ ਦਾ ਮਤਲਬ ਜਾਂ ਤਾਂ ਧੋਖਾ ਖਾਣਾ ਏ ਜਾਂ ਫਿਰ ਨੇਕੀ ਕਰਕੇ ਉਸ ਦਾ ਮੰਡੀਕਰਨ ਕਰਕੇ ਮੁੱਲ ਪਵਾਣਾ ਏ , ਅੱਜਕਲ੍ਹ ਨੇਕੀ ਕਰਕੇ ਕੋਈ ਦਰਿਆ 'ਚ ਨਹੀਂ ਸੁੱਟਦਾ, ਨੇਕੀ ਕਰਨ ਤੋਂ ਪਹਿਲਾ ਸੌਦੇਬਾਜ਼ੀ ਦਾ ਜ਼ਮਾਨਾ ਏ । ਮੈਂ ਇਹ ਨਹੀਂ ਕਹਿੰਦਾ ਕਿ ਨੇਕੀ ਨਾ ਕਰੋ, ਜੀ ਸਦਕੇ ਕਰੋ, ਜੰਮ ਜੰਮ ਕਰੋ, ਪਰ ਇਸ ਤਰਾਂ ਕਰਨ ਤੋਂ ਪਹਿਲਾਂ ਚੰਗੀ ਤਰਾਂ ਸੋਚੋ ਤਾਂ ਕਿ ਬਾਅਦ ਵਿਚ ਪਛਤਾਉਣਾ ਨਾ ਪਵੇ, ਮੇਰੀ ਗੱਲ ਤੁਹਾਨੂੰ ਅਟਪਟੀ ਜਰੂਰ ਲੱਗੇਗੀ, ਪਰ ਸੱਚ ਏਹੀ ਹੈ ਕਿ ਨੇਕੀ ਕਰਨ ਤੋਂ ਪਹਿਲਾਂ ਜੇਕਰ ਸੰਭਵ ਹੋ ਸਕੇ ਤਾਂ ਡੀਲ ਕਰ ਲਓ, ਮੁਫਤ ਦੀਆਂ ਸੱਟਾਂ ਖਾਣ ਦਾ ਕੋਈ ਫਾਇਦਾ ਨਹੀਂ, ਨਾਲੇ ਸਿਆਣੇ ਵੀ ਏਹੀ ਕਹਿੰਦੇ ਹਨ ਕਿ ਜਿਸ ਦਾ ਤੁਸੀਂ ਅੱਜ ਭਲਾ ਕਰ ਰਹੇ ਹੋ, ਉਹ ਕੱਲ੍ਹ ਤੁਹਾਡਾ ਦੁਸ਼ਮਣ ਬਣਕੇ ਉਭਰੇਗਾ , ਜਦ ਵੀ ਦਾਅ ਲੱਗਾ ਉਹ ਬੰਦਾ ਤੁਹਾਡਾ ਨੁਕਸਾਨ ਕਰੇਗਾ । ਆਪਣੇ ਆਲੇ ਦੁਆਲੇ ਨਜ਼ਰ ਮਾਰੋ , ਤੁਹਾਨੂੰ ਇਸ ਤਰਾਂ ਦੀਆਂ ਬਹੁਤ ਸਾਰੀਆਂ ਉਦਾਹਰਣਾਂ ਮਿਲ ਜਾਣਗੀਆਂ । ਸੋ ਬਚਕੇ ਚੱਲੋ, ਜਿੰਦਗੀ ਦੇ ਹਰ ਮੋੜ 'ਤੇ ਹੀ ਨਹੀਂ ਬਲਕਿ ਹਰ ਕਦਮ 'ਤੇ ਖਤਰਾ ਹੈ, ਕੋਸ਼ਿਸ਼ ਕਰਕੇ ਆਪਣੇ ਆਪ ਨੂੰ ਖਤਰਿਆਂ ਦਾ ਖਿਡਾਰੀ ਬਣਾਓ । ਇਹ ਇਕ ਵੱਡੀ ਕਲਾ ਹੈ ਅੱਜ ਦੇ ਸਮੇਂ ਵਿਚ, ਆਪ ਮੂਰਖ ਨਾ ਬਣੋ, ਦੂਸਰਿਆਂ ਨੂੰ ਮੂਰਖ ਬਣਾਉਣ ਤੋਂ ਵੀ ਪਰਹੇਜ਼ ਕਰੋ, ਬੱਸ ਆਪਣੇ ਆਲੇ ਦੁਆਲੇ ਤੋਂ ਚੌਕੰਨੇ ਰਹਿ ਕੇ ਹਮੇਸ਼ਾ ਆਪਣਾ ਬਚਾ ਕਰਦੇ ਰਹੋ । ਜੇਕਰ ਉਕਤ ਕਲਾ ਸਿੱਖ ਗਏ ਤਾਂ ਅੱਜ ਦੇ ਇਸ ਘੋਰ ਮਲੇਸ਼ ਤੇ ਲੁੱਟ ਖੋਹ ਵਾਲੇ ਯੁੱਗ ਵਿਚ ਬਚੇ ਰਹੋਗੇ ।

ਦੋਸਤ ਬਣਾਓ, ਜੀ ਸਦਕੇ ਬਣਾਓ, ਚੰਗੇ ਬਣਾਓ, ਅੰਨ੍ਹੇਵਾਹ ਨਹੀਂ, ਪਰਖ ਨਿਰਖਕੇ ਬਣਾਓ, ਇਹ ਨਾ ਹੋਵੇ ਕਿ ਅੱਜ

ਬਣਾਇਆ ਦੋਸਤ, ਕੱਲ੍ਹ ਤੁਹਾਡੀ ਜੇਬ੍ਹ 'ਤੇ ਉਸਤਰਾ ਜਾਂ ਬਲੇਡ ਫੇਰਕੇ ਰਫੂ ਚੱਕਰ ਜਾਂ ਨੌਂ ਦੋ ਗਿਆਰਾਂ ਹੋ ਜਾਵੇ ਤੇ ਤੁਹਾਨੂੰ ਉਹ ਜੋ ਚੂਨਾ ਲਗਾ ਗਿਆ ਹੈ, ਉਸ ਦਾ ਪਤਾ ਵੀ ਦੋ ਹਫਤੇ ਬਾਅਦ ਚ ਜਾ ਕੇ ਲੱਗੇ ਤੇ ਉਸ ਵੇਲੇ ਤੁਹਾਡੀ ਹਾਲਤ ਚਿੜੀਆਂ ਦੁਆਰਾ ਖੇਤ ਦੇ ਚੁਗੇ ਜਾਣ ਵਾਲੀ ਹੋਵੇ ।

ਆਖਿਰ ਵਿਚ ਏਹੀ ਕਹਾਂਗਾ ਕੁੱਝ ਬੋਲ ਕੌੜੇ ਜਰੂਰ ਹੁੰਦੇ ਹਨ, ਪਰ ਉਹਨਾਂ ਦੀ ਇਬਾਰਤ ਕੰਧ 'ਤੇ ਲਿਖੀ ਜਾਣ ਵਾਲੀ ਹੁੰਦੀ ਹੈ, ਉਹ ਬੋਲ ਜਿੰਦਗੀ ਵਿਚ ਸਾਨੂੰ ਹਮੇਸ਼ਾ ਚੰਗੀ ਸੇਧ ਦੇਂਦੇ ਹਨ, ਉਹਨਾਂ ਨੂੰ ਹਮੇਸ਼ਾ ਵਾਸਤੇ ਲੜ ਬੰਨ੍ਹ ਲੈਣਾ ਸਾਡੇ ਵਾਸਤੇ ਸਮੇਂ ਸਮੇਂ ਬਹੁਤ ਲਾਹੇਵੰਦਾ ਹੁੰਦਾ ਹੈ । ਸੋ ਜੇਕਰ ਹਥਲੀ ਚਰਚਾ ਵਿਚਲੇ ਬੋਲ ਤੁਹਾਨੂੰ ਚੰਗੇ ਲੱਗੇ ਹੋਣ ਤਾਂ ਜਰੂਰ ਸੰਭਾਲ ਲੈਣੇ , ਜੋ ਤੁਹਾਡੀ ਸੋਚ ਦੇ ਅਨਕੂਲ ਨਾ ਹੋਣ, ਉਹਨਾਂ ਨੂੰ ਮੈਂ ਸੰਭਾਲ ਲਵਾਂਗਾ ।

ਮੁੱਕਦੀ ਗੱਲ ਇਹ ਹੈ ਕਿ ਯਾਰ ਨਾਲ ਗਦਾਰੀ ਨਹੀ ਤੇ ਗਦਾਰ ਨਾਲ ਯਾਰੀ ਨਹੀ, ਦੂਸਰਿਆਂ ਵਿਚ ਨੁਕਸ ਕੱਢਣ ਦੀ ਬਜਾਏ ਆਪਣਾ ਅੰਦਰ ਫੋਲੋ, ਆਪਣੇ ਵੱਲ ਧਿਆਨ ਦਿਓ । ਸਿਆਣੇ ਕਹਿੰਦੇ ਹਨ ਕਿ ਸੱਚਾ ਬੰਦਾ ਹਮੇਸ਼ਾ ਇਕੱਲਾ ਰਹਿ ਜਾਂਦਾ ਹੈ, ਸੱਚ ਬੋਲਣ ਨਾਲ ਦੋਸਤੀਆਂ ਤੇ ਰਿਸ਼ਤੇ ਟੁੱਟ ਜਾਂਦੇ ਹਨ, ਦੂਜੇ ਪਾਸੇ ਝੂਠਿਆਂ ਦਾ ਹਜੂਮ ਹੁੰਦਾ ਹੈ । ਗੱਲ ਇਹ ਬਿਲਕੁਲ ਸੱਚੀ ਹੈ, ਪਰ ਸਾਡੇ ਵਿਚੋਂ ਬਹੁਤਿਆਂ ਨੂੰ ਸਮਝ ਉਦੋਂ ਆਉਂਦੀ ਹੈ ਜਦੋਂ ਸਾਡਾ ਬਹੁਤ ਸਾਰਾ ਨੁਕਸਾਨ ਹੋ ਜਾਂਦਾ ਹੈ, ਚਿੜੀਆਂ ਖੇਤ ਚੁਗ ਚੁੱਕੀ ਹੁੰਦੀਆਂ ਹਨ, ਝੁੱਗਾ ਚੌੜ ਹੋ ਚੁੱਕਾ ਹੁੰਦਾ ਹੈ ਤੇ ਸਭ ਕੁੱਝ ਲੁੱਟਿਆ ਪੁੱਟਿਆ ਜਾ ਚੁੱਕਾ ਹੁੰਦਾ ਹੈ । ਸੋ ਹਰ ਵਕਤ ਚੌਕੰਨੇ ਰਹੋ ਤੇ ਆਪਣਾ ਬਹੁਤ ਸਾਰਾ ਖਿਆਲ ਰੱਖੋ।

## ਚੇਅਰਮੈਨ ਘੁੱਲੀ ਨੇ

# ਅਨਾਜ ਮੰਡੀ ਧੂਰੀ ਵਿਖੇ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ,ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿਖੇ ਝੋਨੇ ਦੇ ਸੀਜਨ ਦੀ ਪਹਿਲੀ ਬੋਲ ਅਨਾਜ ਮੰਡੀ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਪਸ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੇ ਸਬੰਧਤ ਅਧਿਕਾਰੀਆਂ ਨਾਲ ਸੁਰੂਆਤ ਕਰਵਾਈ ਗਈ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣ ਤਾਂ ਕਿ ਕਿਸਾਨਾਂ ਨੂੰ ਰਾਤਾਂ ਨਾ ਕੱਟਣੀਆਂ ਪੈਣ ਤੇ ਆਉਣ ਸਾਰ ਸੁੱਕਾ ਝੋਨਾ ਬੋਲੀ ਲੱਗ ਕੇ ਛੇਤੀ ਵਿਕ ਜਾਵੇ ਅਤੇ ਰਾਤ ਨੂੰ ਕਿਸਾਨ ਆਪਣੇ ਘਰ ਜਾ ਕੇ ਸਕੇ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਸਹੂਲਤਾਂ ਵਿੱਚ ਕਿਸੇ ਵੀ ਪ੍ਰਕਾਰ ਦੀ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਡਾਕਟਰ ਅਨਵਰ ਭਸੌੜ ਮੈਬਰ ਵਕਫ ਬੋਰਡ ਪੰਜਾਬ, ਐਸ,ਡੀ,ਐਮ ਧੂਰੀ ਅਤੇ ਆੜਤੀਆਂ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ,ਮਾਰਕੀਟ ਕਮੇਟੀ ਦੇ ਸੈਕਟਰੀ ਮਨਪ੍ਰੀਤ ਸਿੰਘ ,ਆਪ ਆਗੂ ਨਰੇਸ਼ ਸਿੰਗਲਾ,ਸਰਪੰਚ ਅੰਮ੍ਰਿਤਪਾਲ ਸਿੰਘ ਚਹਿਲ, ਆਪ ਆਗੂ ਮਾਣਾ ਗਰੇਵਾਲ ,ਰਣਜੋਧ ਸਿੰਘ ਕਾਂਝਲਾ, ਡਿੱਕੀ ਪਟਿਆਲਾ, ਸੁੱਖੀ ਪਟਿਆਲਾ, ਬਲਦੇਵ ਸਿੰਘ ਹਾਜਰ ਸਨ।

# ਸ਼੍ਰੋਮਣੀ ਕਮੇਟੀ ਨੇ ਏਆਈ ਤਕਨੀਕ ਦੇ ਮਾਹਿਰਾਂ ਅਤੇ ਵਿਦਵਾਨਾਂ ਦੀ 1 ਅਕਤੂਬਰ ਨੂੰ ਸੱਦੀ ਇਕੱਤਰਤਾ

## ਮਾਮਲਾ ਏਆਈ ਦੀ ਦੁਰਵਰਤੋਂ ਨਾਲ ਸਿੱਖ ਮਾਣ ਮਰਯਾਦਾ ਨੂੰ ਸੱਟ ਮਾਰਨ ਦਾ



**ਨਵੀਂ ਦਿੱਲੀ, 26 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:-ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਤਕਨੀਕ ਦੀ ਦੁਰਵਰਤੋਂ ਨਾਲ ਸਿੱਖ ਧਰਮ ਦੀ ਮਾਣ ਮਰਯਾਦਾ ਦੇ ਖਿਲਾਫ਼ ਬਣਾਈਆਂ ਜਾ ਰਹੀਆਂ ਵੀਡੀਓ ਅਤੇ ਹੋਰ ਸਮੱਗਰੀ 'ਤੇ ਰੋਕ ਲਗਾਉਣ ਲਈ ਸੁਝਾਅ ਤੇ ਵਿਚਾਰ ਜਾਣਨ ਵਾਸਤੇ ਸ਼੍ਰੋਮਣੀ ਕਮੇਟੀ ਵੱਲੋਂ ਇਸ ਖੇਤਰ ਦੇ ਮਾਹਿਰ ਲੋਕਾਂ ਅਤੇ ਵਿਦਵਾਨਾਂ ਦੀ ਇੱਕ ਵਿਸ਼ੇਸ਼ ਇਕੱਤਰਤਾ 1 ਅਕਤੂਬਰ 2025 ਨੂੰ ਦੁਪਹਿਰ 12:30 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸ੍ਰੀ ਅੰਮ੍ਰਿਤਸਰ ਵਿਖੇ ਬੁਲਾਈ ਹੈ। ਇਸ ਸਬੰਧੀ ਦਫ਼ਤਰ ਤੋਂ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਏਆਈ ਤਕਨੀਕ ਦੀ ਹੋ ਰਹੀ ਦੁਰਵਰਤੋਂ ਬੇਹੱਦ ਸੰਜੀਦਾ ਮਾਮਲਾ ਹੈ। ਇਸ ਰਾਹੀਂ ਕੁਝ ਲੋਕਾਂ ਵੱਲੋਂ ਜਿਥੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਜਾ ਰਹੀ ਹੈ, ਉਥੇ ਹੀ ਫਿਰਕਿਆਂ ਅੰਦਰ ਟਕਰਾਅ ਵਾਲਾ ਮਾਹੌਲ ਵੀ ਸਿਰਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਰਤਾਰੇ ਲੋਕ ਲਗਾਉਣੀ ਬੇਹੱਦ ਜ਼ਰੂਰੀ ਹੈ। ਭਾਵੇਂ ਕਿ ਅਜਿਹੇ ਮਾਮਲੇ ਸਾਹਮਣੇ ਆਉਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਪੁਲਿਸ ਪ੍ਰਸ਼ਾਸਨ ਕੋਲ ਸ਼ਿਕਾਇਤਾਂ ਵੀ ਦਰਜ ਕਰਵਾਈਆਂ ਜਾਂਦੀਆਂ ਹਨ ਅਤੇ ਆਈਟੀ ਵਿਭਾਗ ਰਾਹੀਂ ਸਬੰਧਤ ਸੋਸ਼ਲ ਮੀਡੀਆ ਮੰਚਾਂ 'ਤੇ ਕਾਰਵਾਈ ਵੀ ਕਰਵਾਈ ਜਾਂਦੀ ਹੈ, ਪ੍ਰੰਤੂ ਇਸ ਗ਼ਲਤ ਰੁਝਾਨ ਨੂੰ ਰੋਕਣ ਲਈ ਇਸ ਖੇਤਰ ਦੇ ਮਾਹਿਰਾਂ ਤੋਂ ਸੁਝਾਅ ਤੇ ਵਿਚਾਰ ਪ੍ਰਾਪਤ ਕਰਕੇ ਇਕ ਠੋਸ ਨੀਤੀ ਬਨਾਉਣੀ ਲਾਜ਼ਮੀ ਹੈ। ਇਸੇ ਮਕਸਦ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਨੇ ਏਆਈ ਖੇਤਰ ਵਿਚ ਕੰਮ ਕਰ ਰਹੇ ਲੋਕਾਂ, ਸਿੱਖ ਵਿਦਵਾਨਾਂ ਅਤੇ ਸੰਸਥਾਵਾਂ ਦਾ ਸਹਿਯੋਗ ਲੈਣ ਲਈ ਇਕ ਜ਼ਰੂਰੀ ਇਕੱਤਰਤਾ 1 ਅਕਤੂਬਰ ਨੂੰ ਸੱਦੀ ਹੈ। ਉਨ੍ਹਾਂ ਏਆਈ ਖੇਤਰ ਵਿਚ ਕੰਮ ਕਰ ਰਹੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸੁਝਾਅ ਸ਼੍ਰੋਮਣੀ ਕਮੇਟੀ ਦੀ ਈਮੇਲ info'sgpc.net 'ਤੇ 1 ਅਕਤੂਬਰ ਤੋਂ ਪਹਿਲਾਂ-ਪਹਿਲਾਂ ਭੇਜਣ, ਤਾਂ ਜੋ ਇਸ ਇਕੱਤਰਤਾ ਵਿਚ ਵਿਚਾਰੇ ਜਾ ਸਕਣ।

# ਹਰ ਸ਼ੁਕਰਵਾਰ ਡੈਂਗੂ ਤੇ ਵਾਰ - ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**- ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਸੁਰਜੀਤ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਬੇਨੜਾ ਵਿਖੇ ਘਰ ਘਰ ਜਾ ਕੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ,ਸੁਰਜੀਤ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਅਮਰੀਕ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

# ਏਜਾਈਲ ਕੰਪਨੀ ਵੱਲੋਂ ਪਲੇਸਮੈਂਟ ਕੈਂਪ ਦਾ ਆਯੋਜਨ 29 ਸਤੰਬਰ ਨੂੰ

ਸੰਗਰੂਰ ( ਰਣਜੀਤ ਸਿੰਘ ਪੇਧਨੀ )- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਏਜਾਈਲ ਕੰਪਨੀ ਨਾਲ ਤਾਲਮੇਲ ਕਰਕੇ ਮਿਤੀ 29 ਸਤੰਬਰ ਦਿਨ ਸੋਮਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਕੰਪਨੀ ਵੱਲੋਂ ਵੈਲਨੇਸ ਅਡਵਾਈਜਰ (ਕੇਵਲ ਲੜਕੀਆਂ ਲਈ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 10ਵੀਂ, 12ਵੀਂ, ਗਰੈਜੂਏਟ ਪਾਸ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਉਮਰ 18 ਤੋਂ 26 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸੁਨਾਮ ਵਾਸੀਆਂ ਦੀ ਸਿਹਤ ਦੇ ਮੱਦੇਨਜ਼ਰ ਸਿਹਤ ਮੰਤਰੀ ਬਲਬੀਰ ਸਿੰਘ ਸਮੇਤ

# ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਰਚੂਅਲ ਮੀਟਿੰਗ

**ਸੁਨਾਮ ਊਧਮ ਸਿੰਘ ਵਾਲਾ ( ਰਣਜੀਤ ਸਿੰਘ ਪੇਧਨੀ)**-ਸੁਨਾਮ ਸ਼ਹਿਰ ਵਿੱਚ ਬੁਖ਼ਾਰ ਅਤੇ ਚਿਕਨਗੁਨੀਆ ਦੇ ਸ਼ੱਕੀ ਮਾਮਲਿਆਂ ਦੇ ਮੱਦੇਨਜ਼ਰ, ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ, ਸਿਹਤ ਅਧਿਕਾਰੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਥਿਤੀ ਦੀ ਸਮੀਖਿਆ ਕਰਨ ਅਤੇ ਤੁਰੰਤ ਲੋੜੀਂਦੀ ਕਾਰਵਾਈ ਕਰਨ ਲਈ ਵੀਡੀਓ ਕਾਨਫਰੰਸ ਜ਼ਰੀਏ ਵਰਚੂਅਲ ਮੀਟਿੰਗ ਕੀਤੀ।



ਮੀਟਿੰਗ ਵਿੱਚ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਸਕੱਤਰ ਸਿਹਤ ਸ਼੍ਰੀ ਕੁਮਾਰ ਰਾਹੁਲ, ਡਾਇਰੈਕਟਰ ਸਥਾਨਕ ਸਰਕਾਰਾਂ ਸ੍ਰ. ਕੁਲਵੰਤ ਸਿੰਘ, ਸਿਹਤ ਡਾਇਰੈਕਟਰ ਡਾਕਟਰ ਹਿਤੇਂਦਰ ਕੌਰ, ਵਧੀਕ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਅਮਿਤ ਬੈਂਬੀ, ਸੀ.ਐਮ.ਓ. ਸੰਗਰੂਰ ਡਾ. ਅਮਰਜੀਤ ਕੌਰ, ਜ਼ਿਲ੍ਹਾ ਐਪੇਡੀਮੋਲੋਜਿਸਟ ਡਾ. ਉਪਾਸਨਾ, ਐਸ.ਡੀ.ਐਮ. ਸੁਨਾਮ ਡਾ. ਪਰਮੋਦ ਸਿੰਗਲਾ, ਇੰਚਾਰਜ ਐਸ.ਐਮ.ਓ. ਸੁਨਾਮ ਡਾ. ਅਮਿਤ ਸਿੰਗਲਾ, ਡਾ. ਰਾਹੁਲ ਗੁਪਤਾ (ਐਮ.ਡੀ. ਮੈਡੀਸਨ), ਡਾ. ਹਿਮਾਂਸ਼ੂ (ਐਮ.ਡੀ. ਮੈਡੀਸਨ), ਡਾ. ਇੰਦਰਮੰਜੋਤ ਸਿੰਘ (ਐਮ.ਡੀ. ਪੀਡੀਆਟ੍ਰਿਕਸ), ਡਾ. ਪ੍ਰਭਜੋਤ ਸਿੰਘ (ਨੋਡਲ ਅਫਸਰ), ਕੈਬਨਿਟ ਮੰਤਰੀ ਅਮਨ ਅਰੋੜਾ ਦੇ ਮੀਡੀਆ ਕੋਆਰਡੀਨੇਟਰ ਸ਼੍ਰੀ ਜਤਿੰਦਰ ਜੈਨ ਦੇ ਨਾਲ ਨਾਲ ਸਿਹਤ, ਸਿਵਲ ਅਤੇ ਸਥਾਨਕ ਸਰਕਾਰਾਂ ਵਿਭਾਗਾਂ ਦੇ ਹੋਰ ਅਧਿਕਾਰੀ ਮੌਜੂਦ ਸਨ।

**☛ ਸੁਨਾਮ ਵਿੱਚ ਬੁਖ਼ਾਰ ਅਤੇ ਚਿਕਨਗੁਨੀਆ ਦੇ ਸ਼ੱਕੀ ਕੇਸਾਂ ਦੇ ਇਲਾਜ ਤੇ ਬਚਾਅ ਲਈ ਨਹੀਂ ਛੱਡੀ ਜਾ ਰਹੀ ਕੋਈ ਕਸਰ - ਅਮਨ ਅਰੋੜਾ ☛ ਮੀਡੀਆ ਕੋਆਰਡੀਨੇਟਰ ਜਤਿੰਦਰ ਜੈਨ ਦੀ ਵਿਭਾਗਾਂ ਨਾਲ ਤਾਲਮੇਲ ਕਰਨ ਅਤੇ ਸਥਿਤੀ ਉੱਤੇ ਨਿੱਜੀ ਤੌਰ ਉੱਤੇ ਨਜ਼ਰ ਰੱਖਣ ਦੀ ਵੀ ਡਿਊਟੀ ਲਗਾਈ**

ਮੀਟਿੰਗ ਦੌਰਾਨ ਸ਼੍ਰੀ ਅਮਨ ਅਰੋੜਾ ਨੇ ਸੁਨਾਮ ਦੇ ਲੋਕਾਂ ਦੀ ਸਿਹਤ ਸਥਿਤੀ ’ਤੇ ਸਰਗਰਮ ਅਤੇ ਬਹੁ-ਵਿਭਾਗੀ ਪਹੁੰਚ ਅਪਣਾਉਣ ਦੀ ਤੁਰੰਤ ਲੋੜ ਉਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਨਿਗਰਾਨੀ ਅਤੇ ਵਾਰਡ-ਵਾਰ ਬੁਖ਼ਾਰ ਸਰਵੇਖਣ ਤੀਬਰ ਕੀਤੇ ਜਾਣ, ਹਸਪਤਾਲਾਂ ਵਿੱਚ ਦਵਾਈਆਂ, ਡਾਇਗਨੋਸਟਿਕ ਕਿਟਾਂ ਅਤੇ ਮੈਨਪਾਵਰ ਦੀ 24 ਘੰਟੇ ਉਪਲਬਧਤਾ ਯਕੀਨੀ ਬਣਾਈ ਜਾਵੇ ਅਤੇ ਲੋਕਾਂ ਨੂੰ ਬਿਮਾਰੀ ਤੋਂ ਬਚਾਅ ਅਤੇ ਸਮੇਂ-ਸਿਰ ਇਲਾਜ ਲਈ ਜਾਗਰੂਕ ਕਰਨ ਲਈ ਕਮਿਊਨਿਟੀ ਪੱਧਰ ’ਤੇ ਵਿਸਥਾਰਿਤ ਜਾਗਰੂਕਤਾ ਮੁਹਿੰਮ ਚਲਾਈ ਜਾਵੇ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਿਹਤ ਵਿਭਾਗ ਵੱਲੋਂ ਪੂਰਾ ਸਹਿਯੋਗ ਯਕੀਨੀ ਬਣਾਉਣ ਦਾ ਭਰੋਸਾ ਦਵਾਇਆ ਅਤੇ ਜਲਦੀ ਪਛਾਣ ਅਤੇ ਸਮੇਂ-ਸਿਰ ਇਲਾਜ ਦੀ ਮਹੱਤਤਾ ਉੱਤੇ ਰੌਸ਼ਨੀ ਪਾਈ। ਉਹਨਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਮੌਸਮੀ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਵਿਆਪਕ ਖਾਕਾ ਤਿਆਰ ਕੀਤਾ ਗਿਆ ਹੈ, ਜਿਸ ਉੱਤੇ ਜ਼ਮੀਨੀ ਪੱਧਰ ਉੱਤੇ ਕੰਮ ਜਾਰੀ ਹੈ। ਉਹਨਾਂ ਭਰੋਸਾ ਦਿੱਤਾ ਕਿ ਸ਼ਹਿਰ ਸੁਨਾਮ ਵਿੱਚ ਪੈਦਾ ਹੋਈ ਸਥਿਤੀ ਨੂੰ ਵੀ ਜਲਦ ਹੀ ਪੂਰੀ ਤਰ੍ਹਾਂ ਕਾਬੂ ਵਿੱਚ ਕਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਹੁਣ ਅਜਿਹੇ ਮਾਮਲੇ ਘਟਣੇ ਸ਼ੁਰੂ ਹੋ ਗਏ ਹਨ।

ਵਧੀਕ ਡਿਪਟੀ ਕਮਿਸ਼ਨਰ ਅਮਿਤ ਬੈਂਬੀ ਨੇ ਦੱਸਿਆ ਕਿ ਸੁਨਾਮ ਫੌਗਿੰਗ ਵਿਆਪਕ ਪੱਧਰ ਉੱਤੇ ਜਾਰੀ ਹੈ। ਸੈਨੀਟੇਸ਼ਨ ਅਤੇ ਵੈਕਟਰ ਕੰਟਰੋਲ ਮੁਹਿੰਮਾਂ ਵੀ ਜੰਗੀ ਪੱਧਰ ਉੱਤੇ ਜਾਰੀ ਹਨ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੁਹਰਾਇਆ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਅਧਿਕਾਰੀ ਲੋਕਾਂ ਦੀ ਸਿਹਤ ਦੀ ਰੱਖਿਆ ਲਈ ਅਲਰਟ ’ਤੇ ਰਹਿਣ। ਉਨ੍ਹਾਂ ਨੇ ਭਰੋਸਾ ਦਵਾਇਆ ਕਿ ਰਾਜ ਸਰਕਾਰ ਲੋਕ ਸੇਵਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਚੁਣੌਤੀ ਦਾ ਮੁਕਾਬਲਾ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਉਹਨਾਂ ਲੋਕਾਂ ਨੂੰ ਇਸ ਸੰਬੰਧੀ ਸਾਹਮਣੇ ਆ ਰਹੀਆਂ ਅਫ਼ਵਾਹਾਂ ਤੋਂ ਵੀ ਸੁਚੇਤ ਰਹਿਣ ਲਈ ਕਿਹਾ। ਮੀਟਿੰਗ ਦਾ ਸਮਾਪਨ ਪ੍ਰਸ਼ਨ-ਉੱਤਰ ਸੈਸ਼ਨ ਨਾਲ ਹੋਇਆ, ਜਿਸ ਦੌਰਾਨ ਸਾਰੇ ਸਬੰਧਤ ਵਿਅਕਤੀਆਂ ਦੀ ਜ਼ਿੰਮੇਵਾਰੀ ਸਪੱਸ਼ਟ ਤੌਰ ’ਤੇ ਨਿਰਧਾਰਿਤ ਕੀਤੀ ਗਈ ਤਾਂ ਜੋ ਰੋਕਥਾਮੀ ਅਤੇ ਇਲਾਜੀ ਉਪਾਵਾਂ ਨੂੰ ਸਮੇਂ-ਸਿਰ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕੀਤਾ ਜਾ ਸਕੇ।

ਸ਼੍ਰੀ ਅਮਨ ਅਰੋੜਾ ਨੇ ਸੁਨਾਮ ਵਾਸੀਆਂ ਨੂੰ ਹੋਰ ਭਰੋਸਾ ਦਵਾਇਆ ਕਿ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜੀ ਹੈ ਅਤੇ ਸਥਿਤੀ ਨੂੰ ਕਾਬੂ ਕਰਨ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ। ਇਸ ਮੌਕੇ ਉਹਨਾਂ ਆਪਣੇ ਮੀਡੀਆ ਕੋਆਰਡੀਨੇਟਰ ਸ਼੍ਰੀ ਜਤਿੰਦਰ ਜੈਨ ਦੀ ਸਮੂਹ ਵਿਭਾਗਾਂ ਨਾਲ ਤਾਲਮੇਲ ਕਰਨ ਅਤੇ ਸਥਿਤੀ ਉੱਤੇ ਨਿੱਜੀ ਤੌਰ ਉੱਤੇ ਨਜ਼ਰ ਰੱਖਣ ਦੀ ਵੀ ਡਿਊਟੀ ਲਗਾਈ।

ਜੀ.ਐਸ.ਟੀ. ਘਟਾ ਕੇ ਮੋਦੀ ਸਰਕਾਰ ਨੇ

# ਵਪਾਰੀਆਂ ਤੇ ਕਿਸਾਨਾਂ ਨੂੰ ਦਿੱਤੀ ਰਾਹਤ : ਕਾਹਲੋਂ, ਗਿੱਲ




**ਜੰਡਿਆਲਾ ਗੁਰੂ, 26 ਸਤੰਬਰ ( ਕੁਲਵੰਤ ਸਿੰਘ ਵਿਰਦੀ )**- ਜੀ.ਐਸ.ਟੀ ਵਿਚ ਕਟੌਤੀ ਕੇਂਦਰ ਦੀ ਮੋਦੀ ਸਰਕਾਰ ਦਾ ਇਤਿਹਾਸਿਕ ਫੈਸਲਾ ਹੈ ਅਤੇ ਇਸ ਨਾਲ ਮੱਧ, ਗਰੀਬ ਅਤੇ ਵਪਾਰੀ ਵਰਗ ਨੂੰ ਵੱਡੀ ਰਾਹਤ ਮਿਲੀ ਹੈ ਹੈ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਰਵੀਕਰਨ ਸਿੰਘ ਕਾਹਲੋਂ ਨੇ ਅੱਜ ਜੰਡਿਆਲਾ ਗੁਰੂ ਵਿਖੇ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਅੰਮ੍ਰਿਤਸਰ ਦਿਹਾਤੀ ਪ੍ਰਧਾਨ ਹਰਦੀਪ ਸਿੰਘ ਗਿੱਲ ਵੱਲੋਂ ਰੱਖੀ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਭਾਜਪਾ ਵੱਲੋਂ ਹਰ ਜ਼ਿਲ੍ਹਾ ਪੱਧਰ ’ਤੇ ਪ੍ਰੈਸ ਕਾਨਫਰੰਸਾਂ ਕਰਕੇ ਜੀ.ਐਸ.ਟੀ ਸੁਧਾਰਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਜੰਡਿਆਲਾ ਗੁਰੂ ਪੁੱਜੇ ਰਵੀਕਰਨ ਕਾਹਲੋਂ ਅਤੇ ਬਾਬਾ ਬਕਾਲਾ ਤੋਂ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਮੀਆਂਵਿੰਡ ਨੇ ਆਖਿਆ ਕਿ ਵਪਾਰੀ ਵਰਗ ਦੇ ਨਾਲ ਨਾਲ ਕਿਸਾਨਾਂ ਨੂੰ ਵੀ ਇਸ ਦਾ ਕਾਫੀ ਲਾਭ ਮਿਲਿਆ ਹੈ। ਟਰੈਕਟਰ ਟਾਇਰਾਂ ਅਤੇ ਖੇਤੀਬਾੜੀ ਦੇ ਸੰਦਾਂ ’ਤੇ ਜੀਐਸਟੀ 5% ਕਰ ਦਿੱਤੀ ਗਈ ਹੈ ਇਸੇ ਤਰ੍ਹਾਂ ਕਾਰਾਂ, ਮੋਟਰਸਾਈਕਲ ਅਤੇ ਆਟੋ ’ਤੇ ਵੀ ਜੀਐਸਟੀ ਕਰ ਘਟਾ ਦਿੱਤਾ ਗਿਆ ਹੈ। ਉਹਨਾਂ ਇਸ ਨੂੰ ਮੋਦੀ ਸਰਕਾਰ ਦਾ ਦਿਵਾਲੀ ’ਤੇ ਦੇਸ਼ ਵਾਸੀਆਂ ਨੂੰ ਦਿੱਤਾ ਤੋਹਫਾ ਦੱਸਦਿਆਂ ਆਖਿਆ ਕਿ ਇਹ ਭਾਰਤ ਨੂੰ ਆਤਮ ਨਿਰਭਰ ਬਣਾਉਣ ਵੱਲ ਕੇਂਦਰ ਦਾ ਉਪਰਾਲਾ ਹੈ ਜਿਸ ਨਾਲ ਸਵਦੇਸ਼ੀ ਨੂੰ ਬੜਾਵਾ ਮਿਲੇਗਾ। ਭਾਜਪਾ ਆਗੂਆਂ ਨੇ ਕਿਹਾ ਕਿ ਜਿਸ ਤਰ੍ਹਾਂ ਅਮਰੀਕਾ ਨੇ ਭਾਰਤ ਤੇ ਆਰਥਿਕ ਪਾਬੰਦੀਆਂ ਲਗਾ ਕੇ ਟੈਰਿਫ ਵਧਾ ਕੇ ਭਾਰਤ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਉਸ ਦੇ ਜਵਾਬ ਵਿੱਚ ਭਾਰਤ ਨੇ ਸਵਦੇਸ਼ੀ ਨੂੰ ਪ੍ਰਫੁੱਲਤ ਕਰਨ ਲਈ ਦੇਸ਼ ਵਾਸੀਆਂ ਨੂੰ ਰਾਹਤ ਦਿੱਤੀ ਹੈ। ਭਾਜਪਾ ਆਗੂਆਂ ਨੂੰ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨੇ ਅਮਰੀਕਾ ਅੱਗੇ ਨਾ ਝੁਕਦਿਆਂ ਡੇਅਰੀ, ਖੇਤੀਬਾੜੀ ਖੇਤਰ ਵਿੱਚ ਅਮਰੀਕਾ ਦੀ ਦਖਲਅੰਦਾਜ਼ੀ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ। ਇਹ ਨਵੇਂ ਆਧੁਨਿਕ ਭਾਰਤ ਦੀ ਤਾਕਤ ਹੈ ਜਿਸ ਦਾ ਸਿਹਰਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜਾਂਦਾ ਹੈ। ਉਕਤ ਆਗੂਆਂ ਨੇ ਵੀ ਕਿਹਾ ਕਿ ਟੈਲੀਵਿਜ਼ਨ, ਫਰਿਜ, ਵਾਸ਼ਿੰਗ ਮਸ਼ੀਨ ਅਤੇ ਰਸੋਈ ਦਾ ਘਰੇਲੂ ਸਮਾਨ ਵੀ ਸਸਤਾ ਹੋਵੇਗਾ ਜਿਸ ਨਾਲ ਸਾਡੀਆਂ ਮਾਤਾਵਾਂ ਭੈਣਾਂ ਨੂੰ ਘਰ ਦਾ ਬਜਟ ਸੰਤੁਲਨ ਕਰਨ ਵਿੱਚ ਸਹਾਇਤਾ ਮਿਲੇਗੀ। ਇੱਕ ਸਵਾਲ ਦੇ ਜਵਾਬ ਵਿੱਚ ਰਵੀਕਰਨ ਕਾਹਲੋਂ ਭਾਜਪਾ 2027 ਦੀਆਂ ਚੋਣਾਂ ਵਿੱਚ ਪੂਰੀ ਤਾਕਤ ਨਾਲ ਚੋਣ ਮੈਦਾਨ ਵਿੱਚ ਨਿਤਰੇਗੀ ਅਤੇ ਪੰਜਾਬ ਦੇ ਲੋਕਾਂ ਦੇ ਆਸ਼ੀਰਵਾਦ ਨਾਲ ਸਰਕਾਰ ਬਣਾਏਗੀ। ਇਸ ਮੌਕੇ ’ਤੇ ਉਕਤ ਆਗੂਆਂ ਤੋਂ ਇਲਾਵਾ ਸਾਬਕਾ ਸੀਨੀਅਰ ਡਿਪਟੀ ਮੇਅਰ ਅਜੇ ਬੀਰਪਾਲ ਸਿੰਘ ਰੰਧਾਵਾ, ਭਾਜਪਾ ਆਗੂ ਗੁਪਤੇਸ਼ਵਰ ਬਾਵਾ, ਰਜੇਸ਼ ਟਾਂਗਰੀ ਬਲਵਿੰਦਰ ਸਿੰਘ ਪੱਡਾ ਵੀ ਹਾਜ਼ਰ ਸਨ।

## ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸੈਕਟਰੀ ਤੇ ਪੰਜਾਬ ਦੇ ਇੰਚਾਰਜ ਸ੍ਰੀ ਬੂਬੇਸ਼ ਬਘੇਲ ਜੀ ਨਾਲ ਪੰਜਾਬ ਕਾਂਗਰਸ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ



**ਚੌਕ ਮਹਿਤਾ, 26 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸੈਕਟਰੀ ਤੇ ਪੰਜਾਬ ਦੇ ਇੰਚਾਰਜ ਤੇ ਛੱਤੀਸਗੜ ਦੇ ਸਾਬਕਾ ਮੁੱਖ ਮੰਤਰੀ ਸ਼੍ਰੀ ਬੂਬੇਸ਼ ਬਘੇਲ ਜੀ ਪਹੁੰਚੇ ਪੰਜਾਬ ਅੰਮ੍ਰਿਤਸਰ ਤੇ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਉਹਨਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਲਿਆ ਜਾਇਜ਼ਾ ਲਗਾਤਾਰ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਸੇਵਾ ਵਿੱਚ ਲੱਗੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ ਤੇ ਕੀਤੀ ਵਿਚਾਰ ਚਰਚਾ ਇਸ ਮੌਕੇ ਤੇ ਹਾਜ਼ਰ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਆਲ ਇੰਡੀਆ ਕਾਂਗਰਸ ਕਮੇਟੀ ਦੇ ਸੈਕਟਰੀ ਤੇ ਦਿੱਲੀ ਦੇ ਇੰਚਾਰਜ ਤੇ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਤੇ ਸਾਬਕਾ ਮੰਤਰੀ ਡਾਕਟਰ ਰਾਜ ਕੁਮਾਰ ਵੇਰਕਾ ਭਗਵੰਤ ਪਾਲ ਸਿੰਘ ਸੱਚਰ ਸਾਬਕਾ ਪ੍ਰਧਾਨ ਅੰਮ੍ਰਿਤਸਰ ਦੇਹਾਤੀ ਤੇ ਸਾਬਕਾ ਵਿਧਾਇਕ ਸੁਨੀਲ ਦੱਤੀ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ ਲਗਾਤਾਰ ਹੜ ਪੀੜਤਾਂ ਦੀ ਸੇਵਾ ਵਿੱਚ ਦਿਨ ਰਾਤ ਲੱਗੇ ਪੰਜਾਬ ਕਾਂਗਰਸ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੂੰ ਕਾਂਗਰਸ ਦੀ ਸਮੁੱਚੀ ਹਾਈ ਕਮਾਂਡ ਨੇ ਤੇ ਸ਼੍ਰੀ ਬੂਬੇਸ਼ ਬਘੇਲ ਜੀ ਨੇ ਦਿੱਤਾ ਥਾਪੜਾ।

## ਦਿੱਲੀ ਗੁਰਦੁਆਰਾ ਕਮੇਟੀ ਨੇ ਪੰਜਾਬ ਦੇ ਹੜ੍ਹ ਪੀੜ੍ਹਤ ਇਲਾਕਿਆਂ ਵਾਸਤੇ 6 ਟਰੱਕ ਸਹਾਇਤਾ ਸਮੱਗਰੀ ਕੀਤੀ ਰਵਾਨਾ



**ਨਵੀਂ ਦਿੱਲੀ, 27 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਦੇ ਹੜ੍ਹ ਮਾਰੇ ਇਲਾਕਿਆਂ ਵਾਸਤੇ 6 ਟਰੱਕ ਰਾਹਤ ਸਮੱਗਰੀ ਰਵਾਨਾ ਕੀਤੀ ਗਈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਸੰਗਤ ਦੇ ਦਸਵੰਧ ਨਾਲ ਇਹ ਸਮਾਨ ਅੱਜ ਪੰਜਾਬ ਲਈ ਰਵਾਨਾ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਜਿਹੜੇ ਟਰੱਕ ਅੱਜ ਰਵਾਨਾ ਕੀਤੇ ਗਏ ਹਨ, ਉਹਨਾਂ ਵਿਚ 1500 ਗੱਦੇ, ਚਾਦਰਾਂ, ਸਰਾਹਣੇ, ਮੱਛਰ ਦਾਨੀਆਂ, ਭਾਂਡੇ, ਬੂਟ, ਕੈਟਲ ਫੀਡ, ਪ੍ਰੈਸ਼ਰ ਕੁੱਕਰ ਤੇ ਹੋਰ ਘਰੇਲੂ ਸਮਾਨ ਭੇਜਿਆ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬ ਵਿਚ ਹੜ੍ਹ ਮਾਰੇ ਲੋਕਾਂ ਦੀ ਜ਼ਰੂਰਤ ਦਾ ਹਰ ਸਮਾਨ ਭੇਜਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸੰਗਤ ਦੇ ਸਹਿਯੋਗ ਨਾਲ ਪਹਿਲਾਂ ਅਜਨਾਲਾ, ਰਮਦਾਸ ਤੇ ਡੇਰਾ ਬਾਬਾ ਨਾਨਕ ਇਲਾਕੇ ਵਿਚ ਡੀਜ਼ਲ ਤੇ ਹੋਰ ਸਮਾਨ ਦੀ ਸੇਵਾ ਕੀਤੀ ਗਈ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਟੀਮਾਂ ਮੌਕੇ ’ਤੇ ਮੌਜੂਦ ਹਨ ਜਿਹਨਾਂ ਵਿਚ ਮੈਨੇਜਰ ਵੀ ਲਗਾਏ ਗਏ ਹਨ। ਉਹਨਾਂ ਕਿਹਾ ਕਿ ਬਕਾਇਦਾ ਸੂਚੀਆਂ ਬਣਾ ਕੇ ਲੋਕਾਂ ਦੀ ਜ਼ਰੂਰਤ ਦਾ ਸਮਾਨ ਇਕੱਠਾ ਕੀਤਾ ਜਾ ਰਿਹਾ ਹੈ ਤੇ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਹੜ੍ਹ ਮਾਰੇ ਲੋਕਾਂ ਦੀ ਮਦਦ ਵਾਸਤੇ ਵਚਨਬੱਧ ਹੈ ਤੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਸਾਡੇ ਧਿਆਨ ਵਿਚ ਆਇਆ ਹੈ ਕਿ ਖੇਤਾਂ ਵਿਚ ਕੰਮ ਕਰਨ ਵਾਲੇ ਕਿਸਾਨਾਂ ਨੂੰ ਸੱਪਾਂ ਦੇ ਡੰਗ ਦੀ ਮੁਸ਼ਿਕਲ ਦਰਪੇਸ਼ ਹੈ ਤੇ ਉਸ ਵਾਸਤੇ ਵੀ ਮਦਦ ਪ੍ਰਦਾਨ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸਮੁੱਚੇ ਪੰਜਾਬੀ ਇਸ ਮੁਸ਼ਿਕਲ ਦੀ ਘੜੀ ਵਿਚ ਇਕਜੁੱਟ ਹਨ ਅਤੇ ਕਿਸੇ ਵੀ ਤਰੀਕੇ ਨਾਲ ਪੰਜਾਬੀਆਂ ਨੂੰ ਹੜ੍ਹਾਂ ਦੀ ਮਾਰ ਵਿਚ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ।

## ਕ੍ਰਾਂਤੀਕਾਰੀ ਪ੍ਰੈਸ ਕਲੱਬ ਨੇ ਨਾਨਕ ਸਿੰਘ ਅੰਤਹੀਣ ਦੇ ਪਰਿਵਾਰ ਦੀ ਮਦਦ ਕੀਤੀ



**ਜੰਡਿਆਲਾ ਗੁਰੂ, 26 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਕ੍ਰਾਂਤੀਕਾਰੀ ਪ੍ਰੈਸ ਕਲੱਬ ਵੱਲੋਂ ਭੰਗਵਾਂ ਦੇ ਰਹਿਣ ਵਾਲੇ ਗਰੀਬ ਪਰਿਵਾਰ ਵਿੱਚ ਕੰਮ ਕਰਨ ਵਾਲੇ ਨਾਨਕ ਸਿੰਘ ਅੰਗਹੀਣ ਹੋਣ ਕਰਕੇ ਕੰਮ ਨਹੀਂ ਕਰ ਸਕਦਾ ਜਿਸ ਨਾਲ ਉਹਨਾਂ ਦਾ ਘਰ ਦਾ ਗੁਜਾਰਾ ਵੀ ਬਹੁਤ ਮੁਸ਼ਿਕਲ ਚੱਲ ਰਿਹਾ ਸੀ ਅਤੇ ਮੀਂਹ ਕਾਰਨ ਉਹਨਾਂ ਦੀ ਛੱਤ ਵੀ ਡਿੱਗ ਚੁੱਕੀ ਸੀ। ਕ੍ਰਾਂਤੀਕਾਰੀ ਪ੍ਰੈਸ ਕਲੱਬ ਨੇ ਉਹਨਾਂ ਨੂੰ ਇੱਕ ਦੋ ਮਹੀਨੇ ਦਾ ਰਾਸ਼ਨ ਦੇ ਕੇ ਉਹਨਾਂ ਦੀ ਮਦਦ ਕੀਤੀ ਅਤੇ ਪਰਿਵਾਰ ਨੂੰ ਭਰੋਸਾ ਵੀ ਦਿਵਾਇਆ ਕਿ ਉਹਨਾਂ ਦੀ ਛੱਤ ਦਾ ਵੀ ਕੰਮ ਕਰਵਾ ਕੇ ਦਿੱਤਾ ਜਾਵੇਗਾ। ਇਸ ਮੌਕੇ ਕ੍ਰਾਂਤੀਕਾਰੀ ਦੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਜੀਵਨ ਸ਼ਰਮਾ ਜੰਡਿਆਲਾ ਗੁਰੂ ਤੋਂ ਇਲਾਵਾ ਜਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਜਾਣੀਆਂ, ਗੁਰਪ੍ਰੀਤ ਸਿੰਘ ਮੈਂਬਰ, ਗੁਰਪ੍ਰੀਤ ਕੌਰ ਭੰਗਵਾਂ, ਗੁਰਦੇਵ ਸਿੰਘ ਭੰਗਵਾਂ ਆਦਿ ਹਾਜ਼ਰ ਸਨ।

ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੱਲੋਂ

# ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਨਾਲ ਮੁਲਾਕਾਤ

**ਜੇ ਕਿਸੇ ਬਲਾਤਕਾਰੀ ਡੇਰਾ ਮੁਖੀ ਨੂੰ ਜਨਮਦਿਨ ਮਨਾਉਣ ਲਈ ਪੈਰੋਲ ਦਿੱਤੀ ਜਾ ਸਕਦੀ ਹੈ ਤਾਂ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬੁਜ਼ੁਰਗ ਮਾਤਾ ਨਾਲ ਮਿਲਣ ਲਈ ਪੈਰੋਲ ਕਿਉਂ ਨਹੀਂ ਦਿੱਤੀ ਜਾ ਰਹੀ ?**













**ਪਿੰਡ ਹਵਾਰਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਅੱਜ ਪਿੰਡ ਹਵਾਰਾ ਪਹੁੰਚ ਕੇ ਕੌਮੀ ਯੋਧੇ ਭਾਈ ਜਗਤਾਰ ਸਿੰਘ ਹਵਾਰਾ ਦੀ ਸਤਿਕਾਰਯੋਗ ਮਾਤਾ ਬੀਬੀ ਨਰਿੰਦਰ ਕੌਰ ਜੀ ਦਾ ਹਾਲ ਜਾਨਿਆ। ਇੱਕ ਬਿਰਧ ਮਾਤਾ ਜ਼ਿੰਦਗੀ ਦੇ ਅੰਤਿਮ ਪੜਾਅ ਵਿੱਚ ਆਪਣੇ ਪੁੱਤ ਨਾਲ ਚੰਦ ਪਲ ਬਿਤਾਉਣ ਦੀ ਉਮੀਦ ਵਿੱਚ ਮੌਤ ਨਾਲ ਜੂਝ ਰਹੀ ਹੈ, ਪਰ ਸਰਕਾਰ ਇਸ ਅਣਮਨੁੱਖੀ ਹਕੀਕਤ ਪ੍ਰਤੀ ਖਾਮੋਸ਼ ਬੈਠੀ ਹੈ। ਸਵਾਲ ਸਾਫ਼ ਹੈ—ਜੇ ਕਿਸੇ ਬਲਾਤਕਾਰੀ ਡੇਰਾ ਮੁਖੀ ਨੂੰ ਜਨਮਦਿਨ ਮਨਾਉਣ ਲਈ ਪੈਰੋਲ ਦਿੱਤੀ ਜਾ ਸਕਦੀ ਹੈ ਤਾਂ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬੁਜ਼ੁਰਗ ਮਾਤਾ ਨਾਲ ਮਿਲਣ ਲਈ ਪੈਰੋਲ ਕਿਉਂ ਨਹੀਂ ਦਿੱਤੀ ਜਾ ਰਹੀ ? ਕੀ ਇਹ ਮਨੁੱਖੀ ਅਧਿਕਾਰਾਂ ਦੀ ਸਿੱਧੀ ਉਲੰਘਣਾ ਨਹੀਂ ? ਮੇਰੀ ਦਿੱਲੀ ਸਰਕਾਰ ਨੂੰ ਗੁਜ਼ਾਰਸ਼ ਹੈ ਕਿ ਬਿਨਾਂ ਕਿਸੇ ਦੇਰੀ ਅਤੇ ਬਿਨਾਂ ਕਿਸੇ ਸ਼ਰਤ ਤੁਰੰਤ ਭਾਈ ਜਗਤਾਰ ਸਿੰਘ ਹਵਾਰਾ ਨੂੰ ਮਾਤਾ ਜੀ ਨਾਲ ਮਿਲਣ ਦਾ ਮੌਕਾ ਦਿੱਤਾ ਜਾਵੇ। ਸਰਕਾਰ ਮਾਂ-ਪੁੱਤ ਦੇ ਵਿਛੋੜੇ ਨੂੰ ਹੋਰ ਨਾ ਵਧਾਏ ਅਤੇ ਅਨਿਆਇ ਦੀ ਭਾਗੀ ਨਾ ਬਣੇ। ●●

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਨੇ ਆਪਣੀਆਂ ਫੌਜਾਂ ਸਮੇਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਮਹਾਂਰਾਸ਼ਟਰਾ ਨੂੰ ਪਾਏ ਚਾਲੇ

# 3 ਅਕਤੂਬਰ ਨੂੰ ਖੇਡਿਆਂ ਜਾਵੇਗਾ ਮਹੱਲਾ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 26 ਸਤੰਬਰ ( ਕੁਲਵੰਤ ਸਿੰਘ ਵਿਰਦੀ ) ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਹੁਕਮਾਂ ਨੂੰ ਮੰਨਦਿਆਂ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦੁਸਹਿਰੇ ਮਹਾਤਮਾ ਨੂੰ ਮੁੱਖ ਰੱਖਦਿਆਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਸਾਹਿਬ ਮਹਾਰਾਸਟਰਾਂ ਵੱਲ ਵਹੀਰਾਂ ਘੱਤ ਕੇ ਜਾ ਰਹੀਆਂ ਹਨ ਜਿਥੇ ਦੋ ਅਕਤੂਬਰ ਨੂੰ ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਮਹਾਰਾਸ਼ਟਰਾ ਵਿਖੇ ਰੱਖੇ ਅਖੰਡਪਾਠ ਦੇ ਭੋਗ ਪਾਏ ਜਾਣਗੇ ਤੇ ਭਾਰੀ ਦੀਵਾਨ ਸਜਾਏ ਜਾਣਗੇ,ਜਿਸ ਵਿਚ ਪੰਜਾਬ ਅਤੇ ਹੋਰ ਥਾਵਾਂ ਤੋਂ ਪਹੁੰਚੇ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ ਜੋਂ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਸਿਖਾਂ ਨੂੰ ਹਜ਼ੂਰ ਸਾਹਿਬ ਨਾਂਦੇੜ ਵਿਖੇ ਦੁਸਹਿਰਾ ਮਹਾਤਮ ਮਨਾਉਣ ਸਬੰਧੀ ਵਿਸਥਾਰ ਨਾਲ ਚਾਨਣਾ ਪਾਉਣਗੇ,ਇਸੇ ਤਰ੍ਹਾਂ ਮਿਸਲ ਗੁਰੂ ਨਾਨਕ ਦਲ ਪੰਥ ਮੜੀਆਂ ਵਾਲਿਆਂ ਨਾਲ ਸਬੰਧਤ ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਗੁਰਦਾਸਪੁਰ, ਮਿਸਲ ਸਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਦਲ ਤੇ ਮਿਸਲ ਸਹੀਦ ਬਾਬਾ ਬਲਵੰਤ ਸਿੰਘ ਤਰਨਾ ਦਲ ਆਦਿ ਵੱਲੋਂ ਆਪਣੇ ਘੌੜਿਆ ਤੇ ਰਾਜ ਸਾਜ਼ ਸਮੇਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੂੰ ਚਾਲੇ ਪਾ ਦਿੱਤੇ ਗਏ ਹਨ ਅਤੇ 1 ਨੂੰ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ 3 ਅਕਤੂਬਰ ਨੂੰ ਭੋਗ ਪਾਉਣ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਉਣ ਦੇ ਨਾਲ ਨਾਲ ਸ਼ਾਮ ਨੂੰ ਕਲਗੀਆਂ ਵਾਲੇ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਦੀ ਪਵਿੱਤਰ ਧਰਤੀ ਨਾਂਦੇੜ ਸਾਹਿਬ ਮਹਾਰਾਸ਼ਟਰਾਂ ਵਿਖੇ ਸ਼ਾਨਦਾਰ ਮੁਹੱਲੇ ਦਾ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਸੰਗਤਾਂ ਨੂੰ ਘੌੜ ਸਵਾਰੀ ਗਤਕਾ ਬਾਜ਼ੀ ਨੇਜ਼ਾ ਬਾਜ਼ੀ ਪੈਂਤੜੇ ਕੱਢਣੇ ਕਿਲਾ ਤੇ ਕਿਲੀ ਪੁੱਟਣੀ ਤੇ ਕਿਲਾ ਫਤਿਹ ਕਰਨ ਵਰਗੀਆਂ ਕਈ ਤਰ੍ਹਾਂ ਜੰਗ ਜੂੰ ਖੇਡਾਂ ਦਾ ਪ੍ਰਦਰਸ਼ਨ ਕਰਕੇ ਸਿੱਖੀ ਦੇ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਨ ਲਈ ਜੰਗੀ ਪੱਧਰ ਤੇ ਉਪਰਾਲੇ ਕੀਤੇ ਜਾਣਗੇ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖ਼ਾਲਸਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਭਾਈ ਖਾਲਸਾ ਨੇ ਦੱਸਿਆ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਹੁਕਮ ਕੀਤਾ ਸੀ ਕਿ 60 ਸਾਲ ਦੀ ਉਮਰ ਤੱਕ ਅਸੀਂ ਹਰ ਸਿੱਖ ਦੀ ਹਜ਼ੂਰ ਸਾਹਿਬ ਆਉਣ ਦੀ ਉਡੀਕ ਕਰਾਂਗੇ, ਉਹਨਾਂ ਕਿਹਾ ਹਰ ਸਿੱਖ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਇਸ ਸੰਸਾਰੀ ਜੀਵਨ ਦੇ ਚੱਲਦਿਆਂ ਆਪਣੇ ਗੁਰੂ ਦੇ ਹੁਕਮ ਨੂੰ ਪ੍ਰਵਾਨ ਕਰਦਾਂ ਹੋਇਆਂ ਹਜ਼ੂਰ ਸਾਹਿਬ ਨਾਂਦੇੜ ਵਿਖੇ ਜਾਵੇ, ਜਿਵੇਂ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਹਰ ਸਾਲ ਦਸਹਿਰੇ ਮਹਾਤਮਾ ਨੂੰ ਮੁੱਖ ਰੱਖਦਿਆਂ ਆਪਣੇ ਘੌੜਿਆ, ਫੌਜਾਂ ਤੇ ਪੂਰੇ ਰਾਜ ਸਾਜ਼ ਤਹਿਤ ਹਜ਼ੂਰ ਸਾਹਿਬ ਜਾ ਕੇ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਂਦੇ ਹਨ , ਧਾਰਮਿਕ ਦੀਵਾਨ ਸਜਾਏ ਜਾਂਦੇ ਹਨ ਅਤੇ ਤਰ੍ਹਾਂ ਤਰ੍ਹਾਂ ਦੇ ਲੰਗਰ ਲਾਉਣ ਦੇ ਨਾਲ ਨਾਲ ਸ਼ਾਮ ਨੂੰ ਸ਼ਾਨਦਾਰ ਮਹੱਲੇ ਦਾ ਪ੍ਰਦਰਸ਼ਨ ਕਰਕੇ ਹਜ਼ੂਰ ਸਾਹਿਬ ਵਿਖੇ ਦੇਸ਼ਾਂ ਵਿਦੇਸ਼ਾਂ ਦੀਆਂ ਆਈਆਂ ਸੰਗਤਾਂ ਨੂੰ ਸਿੱਖ਼ੀ ਦੇ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਿਆ ਜਾਂਦਾ ਹੈ, ਭਾਈ ਖਾਲਸਾ ਨੇ ਦੱਸਿਆ ਇਸੇ ਮਰਯਾਦਾ ਤਹਿਤ ਗੁਰੂ ਨਾਨਕ ਦੇਵ ਮੜੀਆਂ ਦਲ ਨਾਲ ਸਬੰਧਤ ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਗਾੜੀਆਂ ਦੇਗਾਂ ਵਾਲਿਆਂ ਨੇ ਆਪਣੀਆਂ ਫੌਜਾਂ ਤੇ ਰਾਜ਼ ਸਾਜ਼ ਸਮੇਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਮਹਾਰਾਸ਼ਟਰਾਂ ਨੂੰ ਚਾਲੇ ਪਾ ਦਿੱਤੇ ਹਨ ,ਜਿਥੇ ਬਾਬਾ ਸੁੱਖਾ ਜੀ ਵੱਲੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤਖ਼ਤਾਂ ਤੇ ਲਗਾਤਾਰ ਦੇਗਾਂ ਸਰਦਾਈਆ ਦੇ ਗਾੜੇ ਰਗੜੇ ਸੰਗਤਾਂ ਨੂੰ ਛਕਾਏ ਜਾਣਗੇ ਅਤੇ 3 ਅਕਤੂਬਰ ਨੂੰ ਰੱਖੇ ਅਖੰਡ ਪਾਠ ਸਾਹਿਬਾਂ ਦੇ ਸੰਪੂਰਨ ਭੋਗ ਤੋਂ ਉਪਰੰਤ ਸ਼ਾਨਦਾਰ ਮਹੱਲਾ ਦੇ ਪ੍ਰਦਰਸ਼ਨ ਰਾਹੀਂ ਆਈਆਂ ਸੰਗਤਾਂ ਨੂੰ ਜੰਗ ਜੂੰ ਖ਼ਾਲਸਾਈ ਖੇਡਾਂ ਨਾਲ ਜੋੜਿਆਂ ਜਾਵੇਗਾ, ਇਸ ਮੌਕੇ ਤੇ ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਗਾੜੀਆ ਦੇਗਾਂ ਨਾਲ਼ ਉਹਨਾਂ ਦੀਆਂ ਸੈਂਕੜੇ ਫੌਜਾਂ ਸਨ ਅਤੇ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜ ਖੇੜੀ ਤੇ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਮਿਸਲ ਸਹੀਦ ਬਾਬਾ ਬਲਵੰਤ ਸਿੰਘ ਮਾਂਝਾ ਤਰਨਦਲ, ਬਾਬਾ ਸੋਨੋ ਤੋਂ ਇਲਾਵਾ ਸੈਂਕੜੇ ਫੌਜਾਂ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

ਸੇਂਟ ਸੋਲਜਰ ਸਕੂਲ ਵਿਖੇ ਬਾਬਾ ਫਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ

# ਵਿਸ਼ਵ ਪੰਜਾਬੀ ਦਿਵਸ ਮਨਾਇਆ



ਜੰਡਿਆਲਾ ਗੁਰੂ 26 ਸਤੰਬਰ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ 'ਆਪਣਾ ਪੰਜਾਬ ਫਾਊਡੇਸ਼ਨ' ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਸੱਦੇ ਤੇ ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਵਿਸ਼ਵ ਪੰਜਾਬੀ ਦਿਵਸ ਦੇ ਰੂਪ ਵਿੱਚ ਬੜੀ ਧੂਮ-ਧਾਮ ਨਾਲ ਮਨਾਇਆ ਗਿਆ ।ਇਸ ਪ੍ਰੋਗਰਾਮ ਦਾ ਆਯੋਜਨ ਸਕੂਲ ਅਸੈਂਬਲੀ ਵਿੱਚ ਕੀਤਾ ਗਿਆ। ਜਿਸ ਵਿੱਚ ਸਭ ਤੋਂ ਪਹਿਲਾਂ ਪੰਜਾਬੀ ਅਧਿਆਪਕਾ ਸ਼੍ਰੀਮਤੀ ਮਨਦੀਪ ਕੌਰ ਨੇ ਬਾਬਾ ਫ਼ਰੀਦ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਪਰੰਤ ਦਸਵੀਂ ਜਮਾਤ ਦੀ ਵਿਦਿਆਰਥਣ ਮਨਰੋਜ਼ ਕੌਰ ਨੇ ਬਾਬਾ ਫ਼ਰੀਦ ਜੀ ਦੇ ਜੀਵਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਦਸਵੀਂ ਜਮਾਤ ਦੀ ਵਿਦਿਆਰਥਣ ਤਰਨਦੀਪ ਕੌਰ ਅਤੇ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਮਹਿਕਦੀਪ ਕੌਰ ਨੇ ਭਾਸ਼ਣ ਅਤੇ ਕਵਿਤਾ ਪੇਸ਼ ਕੀਤੇ। ਸਕੂਲ ਦੇ ਬੱਚਿਆਂ ਵੱਲੋਂ ਇੱਕ ਲੋਕ-ਗੀਤ ਵੀ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਸਕੂਲ ਦੇ ਬੱਚਿਆਂ ਨੇ ਪੰਜਾਬੀ ਪਹਿਰਾਵੇ ਵਿੱਚ ਮਾਂ-ਬੋਲੀ ਪੰਜਾਬੀ ਦੇ ਕੁਝ ਸਲੋਗਨ ਬੋਲ ਕੇ ਪੰਜਾਬੀ ਭਾਸ਼ਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਇਹ ਵੀ ਸਮਝਾਇਆ ਗਿਆ ਕਿ ਮਾਂ-ਬੋਲੀ ਸਾਡੇ ਸਭ ਤੋਂ ਵੱਡੇ ਸੰਸਕਾਰ, ਸਾਂਝ ਅਤੇ ਪਹਿਚਾਣ ਦਾ ਸਰੋਤ ਹੈ ।ਪੰਜਾਬੀ ਅਧਿਆਪਕਾ ਮਿਸ. ਪਰਮਿੰਦਰ ਕੌਰ ਨੇ ਵਿਸ਼ਵ ਪੰਜਾਬੀ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਤੇ ਇਸ ਪ੍ਰੋਗਰਾਮ ਦਾ ਅੰਤ ਕਰਦਿਆਂ ਦੱਸਿਆ ਕਿ ਜਿਵੇਂ ਮਾਂ ਦਾ ਦਰਜਾ ਕਿਸੇ ਹੋਰ ਔਰਤ ਨੂੰ ਨਹੀਂ ਦਿੱਤਾ ਜਾ ਸਕਦਾ, ਉਸੇ ਤਰ੍ਹਾਂ ਦੁਨੀਆ ਦੀ ਕਿਸੇ ਵੀ ਬੋਲੀ ਨੂੰ ਅਸੀਂ ਮਾਂ ਬੋਲੀ ਦੀ ਜਗ੍ਹਾ ਨਹੀਂ ਦੇ ਸਕਦੇ। ਹਰ ਵਿਅਕਤੀ ਦਾ ਇਹ ਫਰਜ਼ ਬਣਦਾ ਹੈ ਕਿ ਉਹ ਆਪਣੀ ਮਾਂ ਬੋਲੀ ਨੂੰ ਪ੍ਰਫੁੱਲਿਤ ਕਰਨ ਵਿਚ ਆਪਣੀ ਸਕਾਰਾਤਮਕ ਭੂਮਿਕਾ ਨਿਭਾਉਂਦਾ ਰਹੇ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਮਾਤ-ਭਾਸ਼ਾ ਅਤੇ ਸੰਸਕ੍ਰਿਤੀ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ ।ਓਹਨਾ ਨੇ ਸਭ ਨੂੰ ਬਾਬਾ ਫਰੀਦ ਜੀ ਦੀ ਬਾਣੀ ਤੋਂ ਸਿੱਖਿਆ ਲੈਣ ਲਈ ਕਿਹਾ ।ਇਸ ਮੌਕੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਸ੍ਰੀਮਤੀ ਨੀਲਾਕਸ਼ੀ ਗੁਪਤਾ, ਸਮੂਹ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਹਮੇਸ਼ਾ ਆਪਣੀ ਮਾਤ-ਭਾਸ਼ਾ ਤੇ ਸੰਸਕ੍ਰਿਤੀ ਨਾਲ ਜੁੜੇ ਰਹਿਣਾ ਚਾਹੀਦਾ ਹੈ ਡਾ: ਮੰਗਲ ਸਿੰਘ ਕਿਸ਼ਨਪੁਰੀ**

# 'ਸਵੱਸਥ ਨਾਰੀ, ਸਸ਼ਕਤ ਪਰੀਵਾਰ' ਅਭਿਆਨ ਦੇ ਤਹਿਤ ਪੀ.ਐਚ.ਸੀ ਥਰੀਏਵਾਲ ਲਗਾਇਆ ਗਿਆ ਮੈਡੀਕਲ



**ਚੌਕ ਮਹਿਤਾ, 26 ਸਿਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਅੰਮ੍ਰਿਤਸਰ ਡਾ. ਸਵਰਨ ਧਵਨ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਡਾ. ਸ਼ਿਵ ਕਰਨ ਸਿੰਘ ਕਾਹਲੋਂ ਦੀ ਅਗਵਾਈ ਹੇਠ ਪੀ.ਐਚ.ਸੀ ਥਰੀਏਵਾਲ ਵਿਖੇ 'ਸਵੱਸਥ ਨਾਰੀ, ਸਸ਼ਕਤ ਪਰੀਵਾਰ' ਅਭਿਆਨ ਦੇ ਤਹਿਤ ਵਿਸ਼ੇਸ਼ਕਰ ਮਹਿਲਾਵਾਂ ਦੇ ਲਈ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਦੌਰਾਨ ਡਾ. ਵਿਕਰਮਜੀਤ ਸਿੰਘ ਦੀ ਦੇਖ ਰੇਖ ਵਿੱਚ ਏ.ਐਨ.ਸੀ ਚੈਕਅਪ, ਛੋਟੇ ਮਹਿਲਾ ਬੱਚੇ, ਬਜ਼ੁਰਗ ਮਹਿਲਾਵਾਂ ਦਾ ਚੈੱਕਅਪ ਵਿੱਚ ਐਨ.ਸੀ.ਡੀ, ਟੀ.ਬੀ ਸਕਰੀਨਿੰਗ, ਦੰਦਾਂ ਦਾ ਚੈਕਅਪ, ਐਚ.ਬੀ ਟੈਸਟ ਕਰਵਾਏ ਗਏ। ਡਾ. ਸ਼ਿਵ ਕਰਨ ਸਿੰਘ ਕਾਹਲੋਂ ਕੇ ਦੱਸਿਆ ਕਿ 'ਸਵੱਸਥ ਨਾਰੀ, ਸਸ਼ਕਤ ਪਰੀਵਾਰ' ਦੇ ਤਹਿਤ ਲਗਾਇਆ ਗਿਆ ਕੈਂਪ ਸਫ਼ਤਾਪੂਰਵਕ ਸੰਪੰਨ ਹੋਇਆ। ਮਹਿਲਾਵਾਂ ਦੀ ਮੁੱਢਲੀ ਸਿਹਤ, ਸੁਰੱਖਿਅਤ ਜਣੇਪਾ ਤੇ ਹੋਰ ਰੋਗਾਂ ਦੀ ਜਾਂਚ ਕੀਤੀ ਗਈ ਅਤੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਤੇ ਬੀ.ਈ.ਈ ਰਣਜੀਤ ਕੁਮਾਰ, ਸਟਾਫ਼ ਨਰਸ ਸੋਨੀਆ, ਐਲ.ਐਚ.ਵੀ ਰਾਜ ਦਵਿੰਦਰ ਕੌਰ, ਐਸ.ਐਮ.ਆਈ ਅਮਨਪਾਲ ਸਿੰਘ, ਹਰਵਿੰਦਰ ਸਿੰਘ, ਸੀ.ਐਚ.ਓ ਏਕਮ ਕੌਰ, ਤਰੁਣਾ ਭਗਤ, ਏ.ਐਨ.ਐਮ ਮਨਦੀਪ ਕੌਰ, ਗੁਰਮੀਤ ਕੌਰ, ਸਤਪਾਲ ਸਿੰਘ, ਸਾਹਿਲ ਮੱਟੂ, ਐਲ.ਟੀ ਰਾਜਿੰਦਰ ਕੁਮਾਰ, ਗੀਤਾ, ਗੁਰਮੇਜ ਕੌਰ, ਰਜਵੰਤ ਕੌਰ, ਹਰਕਮਲ ਸਿੰਘ, ਰਜਵਿੰਦਰ ਕੌਰ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਬ ਡਵੀਜ਼ਨ ਬਿਜਲੀ ਬੋਰਡ ਮਹਿਤਾ ਚੌਕ ਵਿਖੇ ਇੰਪਲਾਈਜ਼ ਫੈਡਰੇਸ਼ਨ ਦੀ ਚੋਣ-ਹਰਿੰਦਰ ਸਿੰਘ ਨੂੰ ਬਣਾਇਆ ਪ੍ਰਧਾਨ



**ਚੌਕ ਮਹਿਤਾ 26 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਸਬ ਡਵੀਜ਼ਨ ਬਿਜਲੀ ਬੋਰਡ ਮਹਿਤਾ ਚੌਕ ਵਿਖੇ ਇੰਪਲਾਈਜ਼ ਫੈਡਰੇਸ਼ਨ ਦੀ ਚੋਣ ਸ੍ਰ. ਸੁਰਿੰਦਰ ਸਿੰਘ ਕੰਗ ਪ੍ਰਧਾਨ ਰਈਆ ਮੰਡਲ ਬਿਆਸ ਦੀ ਪ੍ਰਧਾਨਗੀ ਹੇਠ ਹੋਈ ਚੋਣ ਦੌਰਾਨ ਸ੍ਰ ਹਰਪਿੰਦਰ ਸਿੰਘ ਚਾਹਲ ਸੀਨੀਅਰ ਮੀਤ ਪ੍ਰਧਾਨ ਪੰਜਾਬ ਉਚੇਚੇ ਤੌਰ ਤੇ ਸ਼ਾਮਲ ਹੋਏ ਚੋਣ ਦੌਰਾਨ ਸਰਬ ਸੰਮਤੀ ਨਾਲ ਕਰਮਵਾਰ ਪ੍ਰਧਾਨ – ਹਰਿੰਦਰ ਸਿੰਘ ਲ.ਮ, ਮੀਤ ਪ੍ਰਧਾਨ ਹਰਮਨਪ੍ਰੀਤ ਸਿੰਘ ਚੂੰਗ, ਕੈਸ਼ੀਅਰ –ਹਰਪ੍ਰੀਤ ਸਿੰਘ ਜਲਾਲ, ਜਰਨਲ ਸਕੱਤਰ ਪੰਕਜ ਕੁਮਾਰ,ਪ੍ਰੈਸ ਸਕੱਤਰ ਜਸ਼ਨਪ੍ਰੀਤ ਸਿੰਘ, ਐਡੀਟਰ ਮਿਸ ਅਮਨਦੀਪ ਕੌਰ ਟਕਾਪੁਰ ਆਦਿ ਅਹੁਦੇਦਾਰ ਚੁਣੇ ਗਏ੍ ਇਸ ਤੋਂ ਇਲਾਵਾ ਯੂਨੀਅਨ ਦੇ ਸੱਦੇ ਤੇ ਬਲਵਿੰਦਰ ਕੁਮਾਰ ਜੇ.ਈ. ਸਰਬਜੀਤ ਸਿੰਘ ਜੇ.ਈ. ਲਖਵਿੰਦਰ ਸਿੰਘ ਘਨਸ਼ਾਮਪੁਰ, ਸਤਨਾਮ ਸਿੰਘ ਲ.ਮ, ਸਿਮਰਨਜੀਤ ਸਿੰਘ ਲ.ਮ, ਕਵਲਦੀਪ ਲ.ਮ. ਹਰਪਾਲ ਸਿੰਘ ਲ.ਮ, ਗੁਰਦਿਆਲ ਸਿੰਘ ਲ.ਮ, ਕਮਲਦੀਪ ਕੌਰ ਜਲਾਲ ਉਸਮਾ, ਬਲਵਿੰਦਰ ਕੁਮਾਰ ਲ.ਮ, ਖੁਸ਼ਪ੍ਰੀਤ ਸਿੰਘ ਲ.ਮ, ਮਨਮੋਹਨ ਸਿੰਘ ਲ.ਮ. ਗਗਨਦੀਪ ਕੁਮਾਰ ਲ.ਮ, ਮਨਪ੍ਰੀਤ ਸਿੰਘ ਲ.ਮ, ਹਰਮਨਪ੍ਰੀਤ ਸਿੰਘ ਮਹਿਤਾ ਚੌਂਕ, ਜਸਬੀਰ ਕੌਰ ਅਰਜਨਮਾਂਗਾ ਉਚੇਚੇ ਤੌਰ ਤੇ ਸ਼ਾਮਿਲ ਹੋਏ। ਸਬ ਡਵੀਜ਼ਨ ਮਹਿਤਾ ਚੌਕ ਦੇ ਸੱਦੇ ਤੇ ਬਾਹਰੋਂ ਪਹੁੰਚੇ ਸਾਰੇ ਮਹਿਮਾਨਾਂ ਨੂੰ ਤਹਿਦਿਲੋਂ ਧੰਨਵਾਦ ਕਰਦਿਆਂ ਜੀ ਆਇਆ ਨੂੰ ਆਖਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਜਨਮ ਦਿਵਸ 'ਤੇ ਸਾਂਸਦ ਗੁਰਜੀਤ ਸਿੰਘ ਔਜਲਾ ਨੇ ਅਰਪਿਤ ਕੀਤੀ ਸ਼ੂੱਧਾਂਜਲੀ

**ਅਮ੍ਰਿਤਸਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਾਂਸਦ ਗੁਰਜੀਤ ਸਿੰਘ ਔਜਲਾ ਨੇ ਅੱਜ ਆਪਣੇ ਦਫਤਰ ਵਿੱਚ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ੂੱਧਾਂਜਲੀ ਦਿੱਤੀ ਅਤੇ ਦੇਸ਼ ਲਈ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਹਾਲਾਂਕਿ ਡਾ. ਸਿੰਘ ਹੁਣ ਸਾਡੇ ਵਿਚਕਾਰ ਨਹੀਂ ਹਨ, ਪਰ ਲੋਕ 2004 ਤੋਂ 2014 ਤੱਕ ਉਨ੍ਹਾਂ ਦੀ ਪ੍ਰਧਾਨ ਮੰਤਰੀ ਦੇ ਤੌਰ ਤੇ ਸੇਵਾ ਅਤੇ ਉਨ੍ਹਾਂ ਦੇ ਨਿਮਰ ਸੁਭਾਵ ਨੂੰ ਅੱਜ ਵੀ ਯਾਦ ਕਰਦੇ ਹਨ। ਸਾਂਸਦ ਔਜਲਾ ਨੇ ਦੱਸਿਆ ਕਿ ਕਾਂਗਰਸ ਦੀ ਪਹਿਲ 'ਤੇ ਡਾ. ਸਿੰਘ ਦੀ ਜ਼ਿੰਦਗੀ ਅਤੇ ਕੰਮ 'ਤੇ ਫੈਲੋਸ਼ਿਪ ਦੀ ਸ਼ੁਰੂਆਤ ਕੀਤੀ ਗਈ ਹੈ। ਦੇਸ਼ ਭਰ ਵਿੱਚ ਚੁਣੇ ਗਏ 50 ਵਿਦਿਆਰਥੀਆਂ ਵਿੱਚੋਂ, ਪੰਜਾਬ ਤੋਂ 3 ਚੁਣੇ ਗਏ ਹਨ, ਜਿਸ ਵਿੱਚ ਅਮ੍ਰਿਤਸਰ ਦੀ ਹਰਸਿਮਰਨ ਕੌਰ ਵੀ ਸ਼ਾਮਲ ਹੈ। ਇਹ ਵਿਦਵਾਨ ਡਾ. ਸਿੰਘ ਦੀ ਜ਼ਿੰਦਗੀ ਤੇ ਗਹਿਰਾਈ ਨਾਲ ਅਧਿਐਨ ਕਰਕੇ ਸੰਸਾਰ ਸਾਹਮਣੇ ਪੇਸ਼ ਕਰਨਗੇ। ਇਸ ਮੌਕੇ 'ਤੇ ਔਜਲਾ ਨੇ ਉਜਾਗਰ ਕੀਤਾ ਕਿ ਡਾ. ਸਿੰਘ ਦੇ ਜਨਮ ਦਿਵਸ 'ਤੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਵਿੱਚ ਉਨ੍ਹਾਂ ਦੀ ਜ਼ਿੰਦਗੀ ਅਤੇ ਕਾਰਜਾਂ ਬਾਰੇ ਲੈਕਚਰ ਅਤੇ ਮੁਕਾਬਲੇ ਕਰਵਾਏ ਗਏ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਯੋਗਦਾਨ ਤੋਂ ਜਾਣੂ ਕਰਵਾਉਣਾ ਬਹੁਤ ਜ਼ਰੂਰੀ ਹੈ। ਇਹ ਕਾਰਜ ਇਕ ਦਿਨ ਲਈ ਸੀਮਿਤ ਨਹੀਂ ਹੋਣੇ ਚਾਹੀਦੇ, ਸਗੋਂ ਹਰ ਸਾਲ 26 ਸਤੰਬਰ (ਜਨਮ ਦਿਵਸ) ਅਤੇ 26 ਦਸੰਬਰ (ਪੁਣਯਤੀਥੀ) ਨੂੰ ਮਨਾਏ ਜਾਣੇ ਚਾਹੀਦੇ ਹਨ। ਸਾਂਸਦ ਨੇ ਸਕੂਲਾਂ ਅਤੇ ਕਾਲਜਾਂ ਨੂੰ ਸਿਫਾਰਸ਼ ਕੀਤੀ ਕਿ ਡਾ. ਸਿੰਘ ਦੀ ਜੀਵਨੀ, ਅਰਥਸ਼ਾਸਤਰ ਵਿਚ ਯੋਗਦਾਨ ਅਤੇ ਨੀਤੀ-ਗਠਨ ਵਾਲੇ ਪਹਲੂਆਂ ਨੂੰ ਅਧਿਆਪਨ ਅਤੇ ਸਮਾਰੋਹਾਂ ਵਿੱਚ ਸ਼ਾਮਲ ਕੀਤਾ ਜਾਵੇ, ਤਾਂ ਜੋ ਬੱਚਿਆਂ ਵਿੱਚ ਵਿਚਾਰਸ਼ੀਲ ਨੇਤ੍ਰਿਤਵ ਦੇ ਗੁਣ ਵਿਕਸਤ ਹੋਣ। ਉਨ੍ਹਾਂ ਕਿਹਾ, "ਇਸ ਨਾਲ ਭਵਿੱਖ ਵਿੱਚ ਬਹੁਤ ਸਾਰੇ ਮਨਮੋਹਨ ਸਿੰਘ ਨਿਕਲਣਗੇ ਅਤੇ ਦੇਸ਼ ਤਰੱਕੀ ਕਰੇਗਾ।" ਸਾਂਸਦ ਨੇ ਕੇਂਦਰ ਸਰਕਾਰ 'ਤੇ ਟਿੱਪਣੀ ਕਰਦਿਆਂ ਦਾਅਵਾ ਕੀਤਾ ਕਿ ਡਾ. ਸਿੰਘ ਦੇ ਅੰਤਿਮ ਸੰਸਕਾਰ ਦੌਰਾਨ ਵਰਤਾਵ ਉਚਿਤ ਨਹੀਂ ਸੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਡਾ. ਸਿੰਘ ਦੇ ਆਵਾਸ ਨੂੰ ਸੰਭਾਲਿਆ ਜਾਵੇ, ਉਨ੍ਹਾਂ ਦੀਆਂ ਉਪਲਬਧੀਆਂ ਦਾ ਸਰਵਜਨਿਕ ਸਨਮਾਨ ਕੀਤਾ ਜਾਵੇ ਅਤੇ ਉਨ੍ਹਾਂ ਦੀ ਦ੍ਰਿਸ਼ਟੀ ਅਤੇ ਜੀਵਨ ਮੂਲਯ ਨੌਜਵਾਨਾਂ ਤੱਕ ਪਹੁੰਚੇ। ਸਾਂਸਦ ਨੇ ਸਮਾਜਿਕ ਜ਼ਿੰਮੇਵਾਰੀ 'ਤੇ ਵੀ ਜ਼ੋਰ ਦਿਤਾ, ਕਿਹਾ ਕਿ ਅਪਰਾਧ ਕਰਨ ਵਾਲਿਆਂ ਨੂੰ ਵਿਅਕਤੀਗਤ ਤੌਰ 'ਤੇ ਸਜ਼ਾ ਮਿਲਣੀ ਚਾਹੀਦੀ ਹੈ, ਪਰ ਪੂਰੇ ਸਮੁਦਾਇ ਨੂੰ ਦੋਸ਼ੀ ਨਹੀਂ ਠਹਿਰਾਇਆ ਜਾਣਾ ਚਾਹੀਦਾ। ਉਨ੍ਹਾਂ ਪੰਜਾਬ ਦੀ ਸਾਂਸਕ੍ਰਿਤਿਕ ਅਤੇ ਧਾਰਮਿਕ ਵਿਭਿੰਨਤਾ ਦੇ ਸਨਮਾਨ ਤੇ ਨਜ਼ਰ ਰੱਖਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਕਿਸੇ ਵੀ ਨਫ਼ਰਤ ਜਾਂ ਸਮੁਦਾਇਕ ਟੀਕਾਟੀਕਾ ਨਾਲ ਸਮਾਜ ਨੂੰ ਵੰਡਣਾ ਠੀਕ ਨਹੀਂ।

ਦਿਨ ਦਿਹਾੜੇ ਦੁਕਾਨਦਾਰ 'ਤੇ

# ਦੋ ਮੋਟਰਸਾਇਕਲ ਸਵਾਰਾਂ ਨੇ ਸ਼ਰੇਆਮ ਕੀਤੀ ਫਾਇਰਿੰਗ, ਬਾਡੀਗਾਰਡ ਜ਼ਖਮੀ








ਬਾਘਾ ਪੁਰਾਣਾ,26 ਸਤੰਬਰ ਆਵਾਜਿ ਕੌਮ ਬਿਓਰੋ ਰਿਪੋਰਟ (ਰਾਜਿੰਦਰ ਸਿੰਘ ਕੋਟਲਾ)-ਪਿੰਡ ਮਾੜੀ ਮੁਸਤਫਾ ਵਿੱਚ ਦਿਨ ਦਿਹਾੜੇ ਦੁਕਾਨਦਾਰ ਤੇ ਕੀਤੀ ਫਾਇਰਿੰਗ,ਬਾਡੀਗਾਰਡ ਹੋਇਆ ਜਖਮੀ,ਪੰਜਾਬ ਵਿੱਚ ਲੁੱਟਾਂ ਖੋਹਾਂ,ਫਾਇਰਿੰਗ ਕਰਨੀ ਅਤੇ ਕਤਲਾਂ ਦੀਆਂ ਵਾਰਦਾਤਾਂ ਨੂੰ ਬੇਖੌਫ਼ ਹੋ ਕੇ ਅੰਜਾਮ ਦਿੱਤਾ ਜਾ ਰਿਹਾ ਹੈ ਮੋਗਾ ਜਿਲੇ ਵਿੱਚ ਲਾ ਐਡ ਆਰਡਰ ਪੂਰੀ ਤਰਾਂ ਜਵਾਂ ਡੋਲ ਹੋਇਆ ਜਾਪਦੈ ਤਾਂਹੀ ਤਾਂਮੋਗਾ ਜ਼ਿਲ੍ਹੇ ਦੇ ਥਾਣਾ ਬਾਘਾਪੁਰਾਣਾ ਅਧੀਨ ਪੈਂਦੇ ਪਿੰਡ ਮਾੜੀ ਮੁਸਤਫਾ ਵਿਖੇ ਸ਼ਰੇਆਮ ਪੁਲਿਸ ਪਰਸਾਸ਼ਨ ਤੋਂ ਬੇਖੌਫ਼ ਹੋ ਕੇ ਦਿਨ ਦਿਹਾੜੇ ਇੱਕ ਦੁਕਾਨ ਤੇ ਬੈਠੇ ਦੁਕਾਨਦਾਰ ਉਪਰ ਗੋਲੀਆਂ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਕ ਪਿੰਡ ਮਾੜੀ ਮੁਸਤਫਾ ਦਾ ਰਹਿਣ ਵਾਲਾ ਸੀਪਾ ਨਾਂ ਦਾ ਵਿਅਕਤੀ ਕਰਿਆਨੇ ਦੀ ਦੁਕਾਨ ਕਰਦਾ ਹੈ ਜਿਸ ਨੂੰ ਸੰਨ 2024 ਵਿੱਚ ਫ਼ਿਰੌਤੀ ਲਈ ਇਸ ਵਿਅਕਤੀ ਨੂੰ ਫੋਨ ਕਾਲਾਂ ਵੀ ਆਈਆਂ ਸੀਪੇ ਦੇ ਘਰ ਉਪਰ ਕੀਤੀ ਗਈ ਫਾਇਰਿੰਗ, ਜਿੰਨਾਂ ਦੇ ਪਹਿਲਾ ਵੀ ਦੋਸੀਆਂ ਵਿਰੁੱਧ ਪਰਚੇ ਦਰਜ ਕਰਕੇ ਕੇਸ ਚਲ ਰਹੇ ਹਨ। ਪਰ ਪੁਲਿਸ ਪਰਸਾਸ਼ਨ ਇਸ ਪਰਿਵਾਰ ਦੀ ਸੁਰੱਖਿਆਆਂ ਕਰਨ ਵਿੱਚ ਪੂਰੀ ਤਰ੍ਹਾਂ ਨਾ-ਕਾਮ ਜਾਬ ਜਾਪ ਰਿਹਾ ਹੈ। ਜਿਸ ਤੇ ਅੱਜ ਤਕਰੀਬਨ ਦਸ ਵਜੇ ਦੇ ਕਰੀਬ ਅਣਪਛਾਤੇ ਵਿਅਕਤੀਆਂ ਵੱਲੋਂ ਫਾਇਰਿੰਗ ਕੀਤੀ ਗਈ। ਪਰ ਦੁਕਾਨ ਮਾਲਕ ਖੁਦ ਵਾਲ ਵਾਲ ਬਚ ਗਿਆ ਹੈ। ਪੁਲਿਸ ਵੱਲੋਂ ਦੁਕਾਨਦਾਰ ਨੂੰ ਇੱਕ ਗੰਨਮੈਨ ਦਿੱਤਾ ਗਿਆ ਹੈ। ਪਤਾ ਲੱਗਾ ਹੈ ਕਿ ਉਸ ਮੌਕੇ ਗੰਨਮੈਨ ਵੀ ਮੌਜੂਦ ਸੀ। ਉਸ ਸਮੇਂ ਦੁਕਾਨ ਵਿੱਚ ਲੱਗਾ ਸ਼ੀਸ਼ਾ ਟੁੱਟ ਕੇ ਗੰਨਮੈਨ ਦੇ ਵਜਿਆ ਜਿਸ ਕਾਰਨ ਉਹ ਜ਼ਖ਼ਮੀ ਗਿਆ ਹੈ। ਜਦੋਂ ਇਸ ਸਬੰਧੀ ਪੁਲਿਸ ਨੂੰ ਪਤਾ ਲੱਗਾ ਤਾਂ ਮੌਕੇ ਤੇ ਐਸ ਪੀ ਬਾਲ ਕ੍ਰਿਸ਼ਨ, ਡੀਐਸਪੀ ਦਲਬੀਰ ਸਿੰਘ ਸਿੱਧੂ, ਇੰਸਪੈਕਟਰ ਜਤਿੰਦਰ ਸਿੰਘ,ਏ ਐਸ ਆਈ ਜਗਸੀਰ ਸਿੰਘ, ਥਾਣੇਦਾਰ ਗੁਰਪਾਲ ਸਿੰਘ ਅਤੇ ਵੱਡੀ ਗਿਣਤੀ ਪੁਲਿਸ ਨੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਡੀ ਐਸ ਪੀ ਦਲਬੀਰ ਸਿੰਘ ਸਿੱਧੂ ਨੇ ਦੱਸਿਆ ਕਿ ਸੀ ਟੀ ਸੀ ਕੈਮਰਿਆਂ ਦੀ ਮੱਦਦ ਨਾਲ ਦੋਸੀਆਂ ਦੀ ਸਨਾਖਤ ਕਰਕੇ ਉਨ੍ਹਾਂ ਨੂੰ ਜਲਦੀ ਗ੍ਰਿਫ਼ਤਾਰ ਕਰਕੇ ਜੇਲ ਦੀਆਂ ਸਲਾਖਾਂ ਪਿੱਛੇ ਬੰਦ ਕੀਤਾ ਜਾਵੇਗਾ।

# 1 ਅਕਤੂਬਰ ਨੂੰ ਐਨ.ਪੀ.ਐਸ. ਕਰਮਚਾਰੀ ਕਰਨਗੇ ਭੁੱਖ ਹੜਤਾਲ

## ਅਧਿਆਪਕ ਅਤੇ ਕਰਮਚਾਰੀ ਦਾ ਸਹੀ ਮਾਨ ਸਨਮਾਨ ਪੁਰਾਣੀ ਪੈਨਸ਼ਨ ਬਹਾਲੀ ਨਾਲ ਹੀ

## ਜ਼ਿਲ੍ਹਾ ਹੈੱਡਕੁਆਰਟਰਾਂ ਤੇ ਭੁੱਖ ਹੜਤਾਲ ਤੇ ਬੈਠਣਗੇ ਐਨਪੀਐਸ ਕਰਮਚਾਰੀ

## • 25 ਨਵੰਬਰ ਨੂੰ ਪੈਨਸ਼ਨ ਦੀ ਮੰਗ ਨੂੰ ਲੈ ਕੇ ਕਰਨਗੇ ਦਿੱਲੀ ਕੂਚ



**ਹੁਸ਼ਿਆਰਪੁਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ ਤੇ 1 ਅਕਤੂਬਰ ਨੂੰ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਸਾਂਝੇ ਤੌਰ ਤੇ ਜਿਲ੍ਹਾ ਹੈੱਡਕੁਆਰਟਰਾਂ ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ ਤੇ ਅਧਿਆਪਕ ਅਤੇ ਕਰਮਚਾਰੀ ਬੈਠਣਗੇ ਤੇ ਜੇਕਰ ਸਾਡੀ ਮੰਗ ਨੂੰ ਅਣਗੋਲਿਆ ਤਾਂ 25 ਨਵੰਬਰ ਨੂੰ ਕੀਤਾ ਜਾਵੇਗਾ ਦਿੱਲੀ ਕੂਚ।ਇਸ ਬਾਰੇ ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ ਅਤੇ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਨੇ ਦੱਸਿਆ ਕਿ ਕੇਂਦਰ ਅਤੇ ਰਾਜ ਸਰਕਾਰਾਂ ਅਧਿਆਪਕ ਦਿਵਸ ਤੇ ਅਧਿਆਪਕਾਂ ਦੇ ਮਾਨ ਸਨਮਾਨ ਦੇ ਫੋਕੇ ਦਾਅਵੇ ਕਰਦੇ ਹਨ ਪਰ ਅਧਿਆਪਕਾਂ ਦਾ ਮਾਨ ਸਨਮਾਨ ਸਮਾਜਿਕ ਸੁਰੱਖਿਆ ਵਿੱਚ ਹੈ ਜੋਂ ਕਿ ਰਾਜ ਅਤੇ ਕੇਂਦਰ ਸਰਕਾਰ ਦੋਵੇਂ ਦੇਣ ਤੋਂ ਮੁਨਕਰ ਹਨ।ਜਿੱਥੇ ਰਾਜ ਸਰਕਾਰ ਆਪਣਾ ਤਿੰਨ ਸਾਲ ਪਹਿਲਾਂ ਕੀਤਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਕੇ ਚੋਣਾਂ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਦੀ ਦਿੱਤੀ ਗਰੰਟੀ ਤੇ ਕੀਤੇ ਵਾਅਦੇ ਤੋਂ ਮੂੰਹ ਫੇਰ ਲਿਆ ਹੈ ਤੇ ਜਾਰੀ ਕੀਤਾ ਅਧੂਰਾ ਨੋਟੀਫਿਕੇਸ਼ਨ ਵੀ ਊਠ ਦਾ ਲਟਕਦਾ ਬੁੱਲ ਹੀ ਸਾਬਤ ਹੋਇਆ ਹੈ ਤੇ ਚੌਥੀ ਦੀਵਾਲੀ ਵੀ ਪੈਨਸ਼ਨ ਵਿਹੂਣੇ ਹੀ ਮਨਾਉਣ ਨੂੰ ਮਜ਼ਬੂਰ ਹੋਣਗੇ ਉੱਥੇ ਦੂਜੇ ਪਾਸੇ ਕੇਂਦਰ ਦੀ ਮੋਦੀ ਸਰਕਾਰ ਕਰਮਚਾਰੀਆਂ ਤੇ ਯੂਪੀਐਸ ਥੋਪ ਕੇ ਉਨ੍ਹਾਂ ਦੀ ਜਮ੍ਹਾਂ ਪੂੰਜੀ ਹੀ ਪੈਨਸ਼ਨ ਦੇ ਰੂਪ ਵਿੱਚ ਪਰੋਸ ਕੇ ਕਾਰਪੋਰੇਟ ਦੀ ਸੇਵਾ ਕਰ ਰਹੀ ਹੈ । ਤਾਜ਼ਾ ਪੀਐਫਆਰਡੀਏ ਦੇ ਜਾਰੀ ਆਂਕੜਿਆ ਅਨੁਸਾਰ ਕੇਂਦਰ ਦੇ 30 ਲੱਖ ਕਰਮਚਾਰੀਆਂ ਚੋਂ 90 ਹਜ਼ਾਰ ਨੇ ਹੀ ਯੂਪੀਐਸ ਨੂੰ ਚੁਣਿਆ ਕਹਿਣ ਦਾ ਭਾਵ ਮਹਿਜ਼ 3% ਕਰਮਚਾਰੀਆਂ ਨੇ ਇਸ ਨੂੰ ਚੁਣਿਆ ਹੈ ਜਦੋਂਕਿ 97% ਨੇ ਇਸ ਨੂੰ ਨਕਾਰਿਆ ਹੈ ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਇਹ ਪੈਨਸ਼ਨ ਪ੍ਰਣਾਲੀ ਵੀ ਓਪੀਐਸ ਦਾ ਬਦਲ ਨਹੀਂ ਬਣ ਸਕਦੀ।ਜਿਲ੍ਹਾ ਆਗੂ ਤਿਲਕ ਰਾਜ,ਪ੍ਰਿਤਪਾਲ ਸਿੰਘ ਚੌਟਾਲਾ,ਵਿਕਾਸ ਸ਼ਰਮਾ ਨਸਰਾਲਾ,ਪਰਮਜੀਤ ਕਾਤਿਬ ਮਾਹਿਲਪੁਰ, ਨਰਿੰਦਰ ਅਜਨੋਹਾ, ਸੱਤਪਾਲ ਗੜ੍ਹਸ਼ੰਕਰ,ਦਵਿੰਦਰ ਹੁਸ਼ਿਆਰਪੁਰ, ਪ੍ਰਿੰਸ ਪਲਿਆਲ, ਸੁਰਜੀਤ ਰਾਜਾ,ਅਸ਼ੋਕ ਕੁਮਾਰ, ਰਜਤ ਮਹਾਜਨ, ਸੁਭਾਸ਼ ਹਾਜੀਪੁਰ, ਚਮਨ ਲਾਲ, ਜਸਵੀਰ ਬੋਦਲ, ਕਰਮਜੀਤ ਸਿੰਘ, ਸੁਰਿੰਦਰ ਕਲਸੀ, ਬਲਦੇਵ ਟਾਂਡਾ, ਅਨੁਪਮ ਰਤਨ, ਮਨਮੋਹਨ ਤਲਵਾੜਾ, ਸੰਦੀਪ ਸ਼ਰਮਾ ਹੁਸ਼ਿਆਰਪੁਰ ਨੇ ਕਿਹਾ ਕਿ ਪਹਿਲਾਂ ਇਹ ਹੜਤਾਲ ਪੰਜ ਸਤੰਬਰ ਨੂੰ ਹੋਣੀ ਸੀ ਪਰ ਹੜ੍ਹਾਂ ਕਾਰਨ ਹੋਏ ਜਾਨੀ ਮਾਲੀ ਨੁਕਸਾਨ ਕਾਰਨ ਇਹ ਮੁਲਤਵੀ ਕਰ 1 ਅਕਤੂਬਰ ਨੂੰ ਹੁਣ ਤੈਅ ਕੀਤੀ ਗਈ ਹੈ।ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਅਧਿਆਪਕ ਅਤੇ ਕਰਮਚਾਰੀ ਭੁੱਖ ਹੜਤਾਲ ਤੇ ਬੈਠ ਕੇ ਰਾਜ ਅਤੇ ਕੇਂਦਰ ਸਰਕਾਰ ਨੂੰ ਸਪਸ਼ਟ ਸੰਦੇਸ਼ ਦੇਣਗੇ ਕਿ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਤੋਂ ਬਿਨਾਂ ਸਮਾਜਿਕ ਸੁਰੱਖਿਆ ਸੰਭਵ ਨਹੀਂ ਇਸ ਲਈ ਕਰਮਚਾਰੀ ਦਾ ਸਹੀ ਸਨਮਾਨ ਪੁਰਾਣੀ ਪੈਨਸ਼ਨ ਬਹਾਲੀ ਨਾਲ ਹੀ ਹੋਵੇਗਾ। ਇਸ ਹੜਤਾਲ ਦੇ ਵਿੱਚ ਪੰਜਾਬ ਦੇ ਸਮੂਹ ਐਨਪੀਐਸ ਕਰਮਚਾਰੀ ਭਾਗ ਲੈਣਗੇ ਤੇ 25 ਨਵੰਬਰ ਨੂੰ ਮੁਲਾਜ਼ਮਾਂ ਵੱਲੋਂ ਦਿੱਲੀ ਕੂਚ ਕੀਤਾ ਜਾਵੇਗਾ।ਇਸ ਮੌਕੇ ਸਰਬਜੀਤ ਸਿੰਘ, ਜਗਜੀਤ ਸਿੰਘ, ਜਸਵਿੰਦਰ ਸਿੰਘ, ਪਰਮਜੀਤ ਸਿੰਘ, ਪਰਮਿੰਦਰ ਸਿੰਘ, ਇੰਦਰਜੀਤ ਸਿੰਘ, ਬਲਵਿੰਦਰ ਸਿੰਘ,ਯਾਦਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# ਇੱਕ ਨਜ਼ਰ...



## ਹਾਈ ਮਾਸਟ ਲਾਈਟਾਂ ਨਾਲ ਜਗਮਗਾਈ ਹੁਸ਼ਿਆਰਪੁਰ ਦੀ ਇਤਿਹਾਸਕ ਦੁਸਹਿਰਾ ਗਰਾਊਂਡ

### ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ 101 ਫੁੱਟ ਉੱਚੀ ਤੀਸਰੀ ਹਾਈ ਮਾਸਟ ਲਾਈਟ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਹੁਸ਼ਿਆਰਪੁਰ ਦੀ ਇਤਿਹਾਸਕ ਦੁਸਹਿਰਾ ਗਰਾਊਂਡ ਨੂੰ ਹੋਰ ਆਕਰਸ਼ਕ ਅਤੇ ਆਧੁਨਿਕ ਦਿੱਖ ਦੇਣ ਵੱਲ ਇਕ ਹੋਰ ਕਦਮ ਵਧਾਉਂਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਇਥੇ 101 ਫੁੱਟ ਉੱਚੀ ਹਾਈ ਮਾਸਟ ਲਾਈਟ ਦਾ ਉਦਘਾਟਨ ਕੀਤਾ। ਇਸ ਨਾਲ ਗਰਾਊਂਡ ਵਿਚ ਹਾਈ ਮਾਸਟ ਲਾਈਟਾਂ ਦੀ ਗਿਣਤੀ ਵੱਧ ਕੇ ਤਿੰਨ ਹੋ ਗਈ ਹੈ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਪਹਿਲਾਂ ਚੋਅ ਦੇ ਇਸ ਇਲਾਕੇ ਵਿਚ ਘੁੱਪ ਹਨੇਰਾ ਰਹਿੰਦਾ ਸੀ ਅਤੇ ਲੋਕ ਰਾਤ ਨੂੰ ਇੱਥੋਂ ਲੰਘਣ ਲੱਗਿਆਂ ਵੀ ਡਰਦੇ ਸਨ।ਪ੍ਰੰਤੂ ਹੁਣ ਹਾਈ ਮਸਟ ਲਾਈਟਾਂ ਲੱਗਣ ਕਾਰਨ ਦੁਸਹਿਰਾ ਗਰਾਊਂਡ ਅਤੇ ਆਸਪਾਸ ਦਾ ਕਰੀਬ ਇਕ ਕਿਲੋਮੀਟਰ ਦਾ ਇਲਾਕਾ ਰਾਤ ਨੂੰ ਦਿਨ ਦਾ ਭੁਲੇਖਾ ਪਾਉਂਦਾ ਹੈ। ਇਸ ਮੌਕੇ ਸਥਾਨਕ ਨਾਗਰਿਕਾਂ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਦੁਸਹਿਰਾ ਗਰਾਊਂਡ ਦੀ ਬਦਲੀ ਨੁਹਾਰ ਸ਼ਹਿਰ ਵਾਸੀਆਂ ਲਈ ਮਾਣ ਵਾਲੀ ਗੱਲ ਹੈ।ਪਹਿਲਾਂ ਇਥੇ ਹਨੇਰਾ ਅਤੇ ਹੋਰ ਰੁਕਾਵਟਾਂ ਸਮਾਗਮਾਂ ਦੇ ਆਯੋਜਨ ਵਿਚ ਵਿਘਨ ਪਾਉਂਦੀਆਂ ਸਨ, ਪਰੰਤੂ ਹੁਣ ਬਿਹਤਰ ਰੋਸ਼ਨੀ ਅਤੇ ਹੋਰ ਸਹੂਲਤਾਂ ਨੇ ਮਾਹੌਲ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦਾ ਦੁਸਹਿਰਾ ਮੇਲਾ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਮੈਦਾਨ ਵਿਚ ਲਗਾਇਆ ਜਾਂਦਾ ਹੈ, ਜਿਸ ਵਿਚ ਹਰ ਸਾਲ ਡੇਢ ਲੱਖ ਤੋਂ ਵੱਧ ਲੋਕ ਹਿੱਸਾ ਲੈਂਦੇ ਹਨ। ਉਨ੍ਹਾਂ ਕਿਹਾ ਕਿ ਇਸ ਵਿਸ਼ਾਲ ਆਯੋਜਨ ਨੂੰ ਦੇਖਦੇ ਹੋਏ ਲਗਾਤਾਰ ਸਹੂਲਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਪੰਜਾਬ ਵੱਲੋਂ ਦਰਸ਼ਕਾਂ ਦੇ ਬੈਠਣ ਲਈ ਪੱਕੀਆਂ ਪੌੜੀਆਂ ਬਣਾਉਣ ਦਾ ਐਲਾਨ ਕੀਤਾ ਗਿਆ ਸੀ, ਜਿਸ ਦਾ ਕੰਮ ਪੂਰਾ ਹੋਣ 'ਤੇ ਲੋਕਾਂ ਕੋਲ ਬੈਠਣ ਦੀ ਕਾਫ਼ੀ ਸਹੂਲਤ ਹੋਵੇਗੀ। ਇਸ ਤੋਂ ਇਲਾਵਾ ਦੁਸਹਿਰਾ ਮੈਦਾਨ ਦੇ ਨਾਲ ਲੱਗਦੇ ਰਸਤੇ ਨੂੰ ਸੁੰਦਰ ਬਣਾਇਆ ਜਾਵੇਗਾ ਅਤੇ 'ਰਾਮ ਮਾਰਗ' ਵਿਚ ਬਦਲ ਦਿੱਤਾ ਜਾਵੇਗਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਮਾਰਕੀਟ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ, ਸ੍ਰੀ ਰਾਮ ਲੀਲਾ ਕਮੇਟੀ ਦੇ ਸ਼ਿਵ ਸੂਦ, ਗੋਪੀਚੰਦ ਕਪੂਰ, ਕੌਂਸਲਰ ਪ੍ਰਦੀਪ ਬਿੱਟੂ, ਅਸ਼ਵਨੀ ਛੋਟਾ, ਭਾਰਤ ਭੂਸ਼ਣ ਵਰਮਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਜਲੰਧਰ ਸ਼ਹਿਰੀ ਖੇਤਰ ਵਿੱਚ 848 ਅਤੇ ਪੇਂਡੂ ਖੇਤਰ 'ਚ 4048 ਘਰਾਂ ਦਾ ਸਰਵੇ, 22 ਥਾਵਾਂ 'ਤੇ ਡੇਂਗੂ ਲਾਰਵਾ ਮਿਲਿਆ




**ਜਲੰਧਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਹੁਕਮਾਂ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵੱਲੋਂ 'ਹਰ ਸ਼ੁੱਕਰਵਾਰ - ਡੇਂਗੂ 'ਤੇ ਵਾਰ' ਮੁਹਿੰਮ ਲਗਾਤਾਰ ਜਾਰੀ ਹੈ। ਇਸਦੇ ਤਹਿਤ ਸਿਵਲ ਸਰਜਨ (ਕਾਰਜਕਾਰੀ) ਜਲੰਧਰ ਡਾ. ਰਮਨ ਗੁਪਤਾ ਫੀਲਡ ਵਿੱਚ ਉਤਰ ਕੇ ਭਾਰਗੋ ਕੈਂਪ ਦੇ ਸਕੂਲ ਆਫ ਐਮੀਨੈਂਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਰਗੋ ਕੈਂਪ ਵਿੱਚ ਜਾਗਰੂਕਤਾ ਮੁਹਿੰਮ ਦੀ ਅਗਵਾਈ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਢਿੱਲੋਂ, ਪ੍ਰਿੰਸਿਪਲ ਦਿਨੇਸ਼ ਕੁਮਾਰ, ਜਿਲ੍ਹਾ ਐਪੀਡਮੋਲੋਜਿਸਟ ਡਾ.ਆਦਿਤਯਪਾਲ, ਡਿਪਟੀ ਐਮਈਆਈਓ ਅਸੀਮ ਸ਼ਰਮਾ, ਕਮਿਊਨਟੀ ਫੈਸੀਲੀਟੇਟਰ ਮਿਸ ਸੁਮਨ (ਨਗਰ ਨਿਗਮ), ਜੋਗਿੰਦਰ ਸਿੰਘ, ਡਾ. ਅਸ਼ੋਕ ਸਹੋਤਾ, ਯੋਗੇਸ਼ ਨੰਦਾ, ਨਰਸਿੰਗ ਵਿਦਿਆਰਥਣਾਂ, ਏਐਨਐਮਜ਼, ਆਸ਼ਾ ਵਰਕਰਾਂ ਅਤੇ ਐਂਟੀ ਲਾਰਵਾ ਟੀਮਾਂ ਮੌਜੂਦ ਸਨ। ਸਿਵਲ ਸਰਜਨ ਡਾ. ਰਮਨ ਗੁਪਤਾ ਦੀ ਅਗਵਾਈ ਹੇਠ ਡੇਂਗੂ ਰੋਕਥਾਮ ਲਈ ਅੱਜ ਦੀ ਇਸ ਵਿਸ਼ੇਸ਼ ਮੁਹਿੰਮ ਦੌਰਾਨ ਫੋਗਿੰਗ 'ਤੇ ਖਾਸ ਜੋਰ ਦਿੱਤਾ ਗਿਆ। ਸਕੂਲ ਕੈਂਪਸ ਵਿੱਚ ਵਿਆਪਕ ਫੋਗਿੰਗ ਕੀਤੀ ਗਈ। ਇਸ ਦੇ ਨਾਲ ਹੀ ਗਰਲਜ਼ ਸਕੂਲ ਭਾਰਗੋ ਕੈਂਪ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਵੀ ਫੋਗਿੰਗ ਕੀਤੀ ਗਈ। ਉਨ੍ਹਾਂ ਕਿਹਾ ਕਿ "ਹਰ ਸ਼ੁੱਕਰਵਾਰ - ਡੇਂਗੂ 'ਤੇ ਵਾਰ" ਮੁਹਿੰਮ ਦਾ ਮੁੱਖ ਮੰਤਵ ਲੋਕਾਂ ਅਤੇ ਖ਼ਾਸ ਤੌਰ 'ਤੇ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਹੈ ਤਾਂ ਜੋ ਘਰ-ਘਰ ਤੱਕ ਡੇਂਗੂ ਤੋਂ ਬਚਾਅ ਦੇ ਫੈਲਾਅ ਨੂੰ ਰੋਕਣ ਦਾ ਸੰਦੇਸ਼ ਪਹੁੰਚ ਸਕੇ। ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਢਿੱਲੋਂ ਵੱਲੋਂ ਸਕੂਲ ਆਫ ਐਮੀਨੈਂਸ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਲਈ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਆਪਣੇ ਪਰਿਵਾਰ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਬਾਰੇ ਸਚੇਤ ਕਰਨ। ਬੱਚਿਆਂ ਨੂੰ ਦੱਸਿਆ ਗਿਆ ਕਿ ਉਹ ਘਰਾਂ ਵਿੱਚ ਪਾਣੀ ਖੜ੍ਹਾ ਨਾ ਹੋਣ ਦੇਣ, ਕੂਲਰਾਂ ਦਾ ਪਾਣੀ ਹਫ਼ਤੇ ਵਿੱਚ ਇਕ ਵਾਰ ਜ਼ਰੂਰ ਬਦਲਣ ਅਤੇ ਮੱਛਰਾਂ ਤੋਂ ਬਚਾਅ ਲਈ ਕੱਪੜੇ ਅਜਿਹੇ ਪਹਿਨਣ, ਜਿਨ੍ਹਾਂ ਨਾਲ ਸਰੀਰ ਢੱਕਿਆ ਰਹੇ। ਸਿਵਲ ਸਰਜਨ ਨੇ ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਫ਼ ਪਾਣੀ ਵਿੱਚ ਡੇਂਗੂ ਮੱਛਰ ਦਾ ਲਾਰਵਾ ਪੈਦਾ ਹੁੰਦਾ ਹੈ, ਇਸ ਲਈ ਘਰਾਂ ਅਤੇ ਦਫ਼ਤਰਾਂ ਦੇ ਆਲੇ-ਦੁਆਲੇ ਸਾਫ਼-ਸਫਾਈ ਰੱਖੀ ਜਾਵੇ ਅਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਨੇ ਅਪੀਲ ਕੀਤੀ ਕਿ ਪੰਛੀਆਂ ਦੇ ਪਾਣੀ ਪੀਣ ਲਈ ਰੱਖੇ ਬਰਤਨਾਂ ਵਿਚਲਾ ਪਾਣੀ ਵੀ ਜ਼ਰੂਰ ਬਦਲਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਢੱਕਿਆ ਰਹੇ ਤਾਂ ਕਿ ਤੁਹਾਨੂੰ ਮੱਛਰ ਨਾ ਕੱਟ ਸਕੇ, ਸੌਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਜਲੰਧਰ ਵੱਲੋਂ ਸ਼ੁੱਕਰਵਾਰ ਨੂੰ ਜਿਲ੍ਹੇ ਵਿੱਚ ਕੁੱਲ 4896 ਘਰਾਂ ਦਾ ਡੇਂਗੂ ਸਰਵੇ ਕੀਤਾ ਗਿਆ, ਜਿਨ੍ਹਾਂ ਵਿਚੋਂ ਸ਼ਹਿਰੀ ਖੇਤਰ ਵਿੱਚ 848 ਘਰਾਂ ਅਤੇ ਪੇਂਡੂ ਖੇਤਰ ਵਿੱਚ 4048 ਘਰਾਂ ਦਾ ਸਰਵੇ ਹੋਇਆ। ਇਸ ਦੌਰਾਨ 22 ਥਾਵਾਂ 'ਤੇ ਡੇਂਗੂ ਲਾਰਵਾ ਮਿਲਿਆ, ਜਿਸਨੂੰ ਟੀਮਾਂ ਵੱਲੋਂ ਨਿਰਧਾਰਤ ਤਰੀਕੇ ਨਾਲ ਨਸ਼ਟ ਕੀਤਾ ਗਿਆ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਦਮਦਮੀ ਟਕਸਾਲ ਨੇ

# ਭਾਈ ਹਵਾਰਾ ਦੀ ਮਾਤਾ ਬੀਬੀ ਨਰਿੰਦਰ ਕੌਰ ਦੀ ਸਿਹਤ ਦਾ ਹਾਲ ਜਾਣਿਆ

## ਭਾਈ ਹਵਾਰਾ ਨੂੰ ਪੈਰੋਲ ਅਤੇ ਭਾਈ ਰਾਜੋਆਣਾ ਦੀ ਸਜ਼ਾ ਤਬਦੀਲੀ ’ਤੇ ਤੁਰੰਤ ਅਮਲ ਹੋਵੇ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ







**ਪਿੰਡ ਹਵਾਰਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੌਕ ਮਹਿਤਾ / ਸ੍ਰੀ ਅੰਮ੍ਰਿਤਸਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)–ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਦਿੱਲੀ ਦੀ ਜੇਲ੍ਹ ਵਿੱਚ ਬੰਦ ਸਿੱਖ ਕੈਦੀ ਭਾਈ ਜਗਤਾਰ ਸਿੰਘ ਹਵਾਰਾ ਦੀ ਬਜ਼ੁਰਗ ਮਾਤਾ ਬੀਬੀ ਨਰਿੰਦਰ ਕੌਰ ਜੀ ਦੀ ਸਿਹਤ ਬਾਰੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਜਥੇਬੰਦੀ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਦੀ ਅਗਵਾਈ ਹੇਠ ਇੱਕ ਵਫ਼ਦ ਪਿੰਡ ਹਵਾਰਾ ਵਿਖੇ ਭੇਜ ਕੇ ਮਾਤਾ ਨਰਿੰਦਰ ਕੌਰ ਦੀ ਸਿਹਤ ਦਾ ਹਾਲ ਜਾਣਿਆ ਅਤੇ ਉਨ੍ਹਾਂ ਦੀ ਸਿਹਤਯਾਬੀ, ਤੰਦਰੁਸਤੀ ਅਤੇ ਚੜ੍ਹਦੀਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਦਮਦਮੀ ਟਕਸਾਲ ਨੇ ਸਿੱਖ ਕੈਦੀਆਂ ਦੇ ਕਾਨੂੰਨੀ ਅਧਿਕਾਰਾਂ ਦੀ ਵਕਾਲਤ ਕੀਤੀ ਅਤੇ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਨਾਲ-ਨਾਲ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਅਪੀਲ ਕੀਤੀ ਕਿ ਉਹ ਕਾਨੂੰਨੀ ਤੇ ਮਨੁੱਖੀ ਅਧਿਕਾਰਾਂ ਅਤੇ ਮਾਨਵੀ ਕਦਰਾਂ-ਕੀਮਤਾਂ ’ਤੇ ਵਿਚਾਰ ਕਰਨ ਅਤੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪੈਰੋਲ ਦੇਣ ਤਾਂ ਜੋ ਉਹ ਆਪਣੀ ਬਿਮਾਰ ਮਾਂ ਨੂੰ ਮਿਲ ਸਕਣ। ਸੰਤ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਬੀਬੀ ਨਰਿੰਦਰ ਕੌਰ ਲੰਬੇ ਸਮੇਂ ਤੋਂ ਦਹਾਕਿਆਂ ਤੋਂ ਕੈਦ ਆਪਣੇ ਪੁੱਤਰ ਨੂੰ ਮਿਲਣ ਦੀ ਇੱਛਾ ਰੱਖਦੀ ਹੈ, ਅਤੇ ਇਹ ਸਰਕਾਰ ਦਾ ਕਾਨੂੰਨੀ ਅਤੇ ਨੈਤਿਕ ਫ਼ਰਜ਼ ਹੈ ਕਿ ਉਹ ਇਸ ਬੇਨਤੀ ’ਤੇ ਵਿਚਾਰ ਕਰੇ ਅਤੇ ਉਨ੍ਹਾਂ ਦੀ ਜਲਦੀ ਤੋਂ ਜਲਦੀ ਮੁਲਾਕਾਤ ਦੀ ਸਹੂਲਤ ਦੇਵੇ। ਦਮਦਮੀ ਟਕਸਾਲ ਨੇ ਕਿਹਾ ਕਿ ਕਾਨੂੰਨੀ ਪ੍ਰਕਿਰਿਆ ਅਨੁਸਾਰ, ਭਾਵੇਂ ਭਾਈ ਹਵਾਰਾ ਕੇਂਦਰੀ ਜੇਲ੍ਹ ਨੰਬਰ 15, ਮੰਡੋਲੀ, ਨਵੀਂ ਦਿੱਲੀ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ, ਪਰ ਉਨ੍ਹਾਂ ਵਿਰੁੱਧ ਹੋਰ ਸਾਰੇ ਕੇਸਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੂੰ ਬਰੀ ਕਰ ਦਿੱਤਾ ਗਿਆ ਹੈ। 11 ਜੂਨ, 2025 ਨੂੰ ਪੇਸ਼ ਕੀਤੀ ਗਈ ਉਨ੍ਹਾਂ ਦੀ ਪੈਰੋਲ ਅਰਜ਼ੀ ਇਸ ਸਮੇਂ ਡਾਇਰੈਕਟਰ ਜਨਰਲ ਆਫ਼ ਜੇਲ੍ਹ, ਦਿੱਲੀ ਕੋਲ ਲੰਬਿਤ ਹੈ। ਇਸ ਤੋਂ ਇਲਾਵਾ, ਉਨ੍ਹਾਂ ਦੀ ਮਾਂ ਦੀ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਸੰਬੋਧਿਤ ਅਰਜ਼ੀ ਦਿੱਲੀ ਦੇ ਗ੍ਰਹਿ ਮੰਤਰੀ ਅਸ਼ੀਸ਼ ਸੂਦ ਕੋਲ ਵਿਚਾਰ ਅਧੀਨ ਹੈ। ਕਿਉਂਕਿ ਇਹ ਪ੍ਰਕਿਰਿਆ ਪੂਰੀ ਤਰ੍ਹਾਂ ਕਾਨੂੰਨੀ ਹੈ, ਇਸ ਲਈ ਭਾਈ ਹਵਾਰਾ ਕਾਨੂੰਨੀ ਤੌਰ ’ਤੇ ਪੈਰੋਲ ਦੇ ਹੱਕਦਾਰ ਹਨ। ਇਸ ਮੌਕੇ ਦਮਦਮੀ ਨੇ ਯਾਦ ਕਰਾਇਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ, ਭਾਰਤ ਸਰਕਾਰ ਨੇ ਵੱਖ-ਵੱਖ ਜੇਲ੍ਹਾਂ ਤੋਂ 8 ਸਿੱਖ ਕੈਦੀਆਂ ਦੀ ਰਿਹਾਈ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦਾ ਐਲਾਨ ਕੀਤਾ ਸੀ । ਹਾਲਾਂਕਿ, ਅਫ਼ਸੋਸ ਦੀ ਗੱਲ ਹੈ ਕਿ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਉਹ ਫ਼ੈਸਲਾ ਲਾਗੂ ਨਹੀਂ ਕੀਤਾ ਗਿਆ ਹੈ, ਨਾ ਹੀ ਬਾਕੀ ਦੋ ਸਿੱਖ ਕੈਦੀਆਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਅਤੇ ਭਾਈ ਗੁਰਦੀਪ ਸਿੰਘ ਖੇੜਾ ਦੀ ਰਿਹਾਈ ਨੂੰ ਲਾਗੂ ਕੀਤਾ ਗਿਆ ਹੈ। ਉਨ੍ਹਾਂ ਨੇ ਕੇਂਦਰ ਵੱਲੋਂ ਕੀਤੇ ਗਏ ਇਨ੍ਹਾਂ ਵਾਅਦਿਆਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਹਾਲ ਹੀ ਵਿੱਚ, ਜਸਟਿਸ ਵਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਐਨ.ਵੀ. ਅੰਜਾਰੀਆ ਦੀ ਸੁਪਰੀਮ ਕੋਰਟ ਦੀ ਬੈਂਚ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਕੇਸ ਦੀ ਸੁਣਵਾਈ ਕਰਦੇ ਹੋਏ, ਇਨਸਾਫ਼ ਪ੍ਰਤੀ ਗੰਭੀਰ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਬੈਂਚ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਭਾਈ ਰਾਜੋਆਣਾ ਦੇ ਕੇਸ ਦਾ ਫ਼ੈਸਲਾ ਲੈਣ ਵਿੱਚ ਬੇਲੋੜੀ ਦੇਰੀ ਅਤੇ ਲੰਮੀ ਚੁੱਪੀ, ਅਤੇ ਇੱਕ ਦੋਸ਼ੀ ਨੂੰ ਇੰਨੇ ਲੰਬੇ ਸਮੇਂ ਤੱਕ ਮੌਤ ਦੀ ਸਜ਼ਾ ਦੇ ਪਰਛਾਵੇਂ ਹੇਠ ਰੱਖਣਾ, ਆਪਣੇ ਆਪ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਇਸ ਦੀ ਰੋਸ਼ਨੀ ’ਚ , ਭਾਈ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਬਿਨਾਂ ਦੇਰੀ ਦੇ ਉਮਰ ਕੈਦ ਵਿੱਚ ਬਦਲ ਦਿੱਤਾ ਜਾਣਾ ਚਾਹੀਦਾ ਹੈ, ਅਤੇ ਉਸ ਨੂੰ ਤੁਰੰਤ ਰਾਹਤ ਦਿੱਤੀ ਜਾਣੀ ਚਾਹੀਦੀ ਹੈ। ਵਫ਼ਦ ਵਿੱਚ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਦੇ ਨਾਲ ਗਿਆਨੀ ਸਾਹਿਬ ਸਿੰਘ, ਡਾ. ਅਮਰਜੀਤ ਸਿੰਘ (ਸਰਪੰਚ), ਸਿੱਖ ਚਿੰਤਕ ਸ਼ਮਸ਼ੇਰ ਸਿੰਘ ਜੇਠੂਵਾਲ, ਗਿਆਨੀ ਗੁਰਵਿੰਦਰ ਸਿੰਘ ਸਰਮਸਤਪੁਰ, ਗਿਆਨੀ ਚਰਨਜੀਤ ਸਿੰਘ, ਗਿਆਨੀ ਸਤਨਾਮ ਸਿੰਘ, ਗਿਆਨੀ ਸੰਦੀਪ ਸਿੰਘ ਅਤੇ ਗਿਆਨੀ ਗੁਰਪ੍ਰੀਤ ਸਿੰਘ ਸ਼ਾਮਲ ਸਨ।